@Qpatrika
@qaumipatrika punjabi
instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Friday, 3 July 2026

Punjabi National Daily

Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 3 ਜੁਲਾਈ 2026, 19 ਹਾੜ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 239, qpatrika@gmail.com ਫੋਨ : 9971359517 www.qaumipatrika.org

## ’ਡਿਜੀਟਲ ਇੰਡੀਆ’ ਨੇ ਭਾਰਤ ਨੂੰ ਦੁਨੀਆ ’ਚ ਇੱਕ ਨਵੀਂ ਪਛਾਣ ਦਿੱਤੀ: ਪ੍ਰਧਾਨ ਮੰਤਰੀ ਮੋਦੀ

**ਕੌਮੀ ਪਤ੍ਰਿਕਾ**
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 2 ਜੁਲਾਈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਰਕਾਰ ਦੀ ’ਡਿਜੀਟਲ ਇੰਡੀਆ’ ਪਹਿਲਕਦਮੀ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਸ ਨੇ ਸ਼ਾਸਨ ਦੇ ਤੌਰ ਤਰੀਕਿਆਂ ਨੂੰ ਮੁੜ ਆਕਾਰ ਦਿੱਤਾ, ਨਾਗਰਿਕਾਂ ਨੂੰ ਸਸ਼ਕਤ ਬਣਾਇਆ ਅਤੇ ਜੀਵਨ ਦੇ ਹਰ ਪਹਿਲੂ ਨੂੰ ਪ੍ਰਭਾਵਿਤ ਕਰਕੇ ਸਰਵਪੱਖੀ ਵਿਕਾਸ ਨੂੰ ਤੇਜ਼ ਕੀਤਾ ਹੈ। ਮੋਦੀ ਨੇ ਕਿਹਾ ਕਿ ’ਡਿਜੀਟਲ ਇੰਡੀਆ’ ਦੇ 11 ਸਾਲਾਂ ਨੇ ਭਾਰਤ ਨੂੰ ਦੁਨੀਆ ਵਿੱਚ ਇੱਕ ਨਵੀਂ ਪਛਾਣ ਦਿੱਤੀ ਹੈ। ਪ੍ਰਧਾਨ ਮੰਤਰੀ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ✓ ’ਤੇ ਇੱਕ ਪੋਸਟ ਵਿੱਚ ਕਿਹਾ, ਅੱਜ ਡਿਜੀਟਲ ਇੰਡੀਆ ਪਹਿਲਕਦਮੀ ਦੀ ਸ਼ੁਰੂਆਤ ਤੋਂ 11 ਸਾਲ ਹੋ ਗਏ ਹਨ। ਇਸ ਪਹਿਲਕਦਮੀ ਨੇ ਸ਼ਾਸਨ ਨੂੰ ਮੁੜ ਆਕਾਰ ਦਿੱਤਾ ਹੈ, ਨਾਗਰਿਕਾਂ ਨੂੰ ਸਸ਼ਕਤ ਬਣਾਇਆ ਹੈ ਅਤੇ ਸਰਵਪੱਖੀ ਵਿਕਾਸ ਨੂੰ ਤੇਜ਼ ਕੀਤਾ ਹੈ। ਇਸ ਨੇ ਜੀਵਨ ਦੇ ਹਰ ਪਹਿਲੂ ਨੂੰ ਪ੍ਰਭਾਵਿਤ ਕੀਤਾ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ



ਸਹਿਜ ਡਿਜੀਟਲ ਭੁਗਤਾਨ ਅਤੇ ਪਾਰਦਰਸ਼ੀ ਤਰੀਕੇ ਨਾਲ ਲਾਭਪਾਤਰੀਆਂ ਤੱਕ ਸਿੱਧੇ ਲਾਭ ਟ?ਰਾਂਸਫਰ ਤੋਂ ਲੈ ਕੇ ਡਿਜੀਟਲ ਜਨਤਕ ਬੁਨਿਆਦੀ ਢਾਂਚੇ ਦੇ ਵਿਸਥਾਰ ਤੱਕ ਤਕਨਾਲੋਜੀ ਲੋਕਾਂ ਦੇ ਜੀਵਨ ਨੂੰ ਆਸਾਨ ਬਣਾਉਣ ਲਈ ਇੱਕ ਸ਼ਕਤੀਸ਼ਾਲੀ ਸਾਧਨ ਬਣ ਗਈ ਹੈ। ਉਨ੍ਹਾਂ ਕਿਹਾ, ਡਿਜੀਟਲ ਇੰਡੀਆ ਨੇ ਦੇਸ਼ ਦੇ ਹਰ ਹਿੱਸੇ, ਖਾਸ ਕਰਕੇ ਪਿੰਡਾਂ ਅਤੇ ਟੀਅਰ-2 ਅਤੇ ਟੀਅਰ-3 ਸ਼ਹਿਰਾਂ ਵਿੱਚ ਨਵੀਨਤਾ ਦੀ ਲਹਿਰ ਲਿਆਂਦੀ ਹੈ। ਮੋਦੀ ਨੇ ਕਿਹਾ ਕਿ ਦੇਸ਼ ਦੇ ਹਰ ਕੋਨੇ ਤੋਂ ਨੌਜਵਾਨ ਉੱਦਮੀ, ਸਟਾਰਟਅੱਪ ਅਤੇ ਨਵੀਨਤਾਕਾਰੀ ਦੁਨੀਆ ਦੇ ਸਾਹਮਣੇ ਆਉਣ ਵਾਲੀਆਂ ਗੰਭੀਰ ਚੁਣੌਤੀਆਂ ਦੇ ਹੱਲ ਵਿਕਸਤ ਕਰ ਰਹੇ ਹਨ। ਇਸ ਪਹਿਲਕਦਮੀ ਨੇ ਸਿੱਖਿਆ, ਸਿਹਤ ਸੰਭਾਲ, ਖੇਤੀਬਾੜੀ, ਵਣਜ ਅਤੇ ਜਨਤਕ ਸੇਵਾਵਾਂ ਦੀ ਸਪੁਰਦਗੀ ਨੂੰ ਮਜ਼ਬੂਤ ??ਕੀਤਾ ਹੈ ਅਤੇ ਸ਼ਾਸਨ ਨੂੰ ਵਧੇਰੇ ਪਾਰਦਰਸ਼ੀ, ਪ੍ਰਭਾਵਸ਼ਾਲੀ ਅਤੇ ਪਹੁੰਚਯੋਗ ਬਣਾਇਆ ਹੈ। ਮੋਦੀ ਨੇ ਕਿਹਾ ਕਿ ਡਿਜੀਟਲ ਸੈਕਟਰ ਵਿੱਚ ਸਰਕਾਰ ਦੇ ਯਤਨਾਂ ਨੇ ਇਹ ਯਕੀਨੀ ਬਣਾਇਆ ਕਿ ਭਾਰਤ ਆਰਟੀਫੀਸ਼ੀਅਲ ਇੰਟੈਲੀਜੈਂਸ (19), ਸੈਮੀਕੰਡਕਟਰ ਅਤੇ ਕੁਆਂਟਮ ਕੰਪਿਊਟਿੰਗ ਵਰਗੀਆਂ ਉੱਭਰ ਰਹੀਆਂ ਤਕਨਾਲੋਜੀਆਂ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਕਿਹਾ, ਇਸ ਨਾਲ ਵਿਕਾਸ ਅਤੇ ਮੌਕਿਆਂ ਲਈ ਨਵੇਂ ਰਸਤੇ ਖੁੱਲ੍ਹਣਗੇ। ਸਾਡਾ ਧਿਆਨ ਅਜਿਹੇ ਭਵਿੱਖ ਬਣਾਉਣ ’ਤੇ ਕੇਂਦਰਿਤ ਰਹੇਗਾ, ਜਿਸ ਵਿਚ ਤਕਨਾਲੋਜੀ ਮਨੁੱਖਤਾ ਦੀ ਸੇਵਾ ਕਰੇ, ਹਰੇਕ ਨਾਗਰਿਕ ਨੂੰ ਸਸ਼ਕਤ ਕਰੇ ਅਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਏ। ਮੋਦੀ ਨੇ ਕਿਹਾ ਕਿ ਡਿਜੀਟਲ ਇੰਡੀਆ ਇੱਕ ਵਿਕਸਤ ਅਤੇ ਸਵੈ-ਨਿਰਭਰ ਭਾਰਤ ਲਈ ਇੱਕ ਮਜ਼ਬੂਤ ??ਨੀਂਹ ਹੈ ਅਤੇ ਪਿਛਲੇ 11 ਸਾਲਾਂ ਵਿੱਚ ਇਸਨੇ ਗਰੀਬਾਂ ਅਤੇ ਪਛੜੇ ਲੋਕਾਂ ਨੂੰ ਸਸ਼ਕਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ, ਨਾਲ ਹੀ ਦੇਸ਼ ਵਾਸੀਆਂ ਲਈ ਜੀਵਨ ਨੂੰ ਆਸਾਨ ਬਣਾਇਆ ਹੈ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੀ ਬੇਮਿਸਾਲ ਸਫਲਤਾ, ਆਪਟੀਕਲ ਫਾਈਬਰ ਨੈੱਟਵਰਕ ਦੇ ਵਿਸਥਾਰ ਤੋਂ ਲੈ ਕੇ ਡਿਜੀਟਲ ਲੈਣ-ਦੇਣ ਤੱਕ, ਨੇ ਭਾਰਤ ਵੱਲ ਵਿਸ਼ਵਵਿਆਪੀ ਧਿਆਨ ਖਿੱਚਿਆ ਹੈ।

## ਰਾਮ ਮੰਦਰ ਚੰਦਾ ਘੁਟਾਲੇ ਨੂੰ ਲੈ ਕੇ ਜੈਰਾਮ ਰਮੇਸ਼ ਦਾ ਕੇਂਦਰ ਸਰਕਾਰ ’ਤੇ ਤਿੱਖਾ ਹਮਲਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 2 ਜੁਲਾਈ। ਸੀਨੀਅਰ ਕਾਂਗਰਸੀ ਆਗੂ ਤੇ ਰਾਜ ਸਭਾ ਮੈਂਬਰ ਜੈਰਾਮ ਰਮੇਸ਼ ਨੇ ਸ੍ਰੀ ਰਾਮ ਮੰਦਰ ਦੇ ਚੰਦੇ ਵਿੱਚ ਹੋਈ ਕਥਿਤ ਹੇਰਾਫੇਰੀ ਨੂੰ ਲੈ ਕੇ ਭਾਰਤੀ ਜਨਤਾ ਪਾਰਟੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਰੁੱਧ ਸਖ਼ਤ ਸ਼ਬਦੀ ਹਮਲਾ ਕੀਤਾ ਹੈ। ਸਰੋਤਾਂ ਅਨੁਸਾਰ, ਰਮੇਸ਼ ਨੇ ਦੋਸ਼ ਲਾਇਆ ਕਿ ਮੋਦੀ ਜੀ ਅਤੇ ਉਨ੍ਹਾਂ ਦੇ ਸਾਥੀਆਂ ਦਾ ਇੱਕੋ-ਇੱਕ ਉਦੇਸ਼ ਰਾਮ ਨਾਮ ਜਪਣਾ, ਪਰਾਇਆ ਮਾਲ ਆਪਣਾ ਬਣ ਗਿਆ ਹੈ। ਰਮੇਸ਼ ਨੇ ਕਿਹਾ ਕਿ ਅਯੁੱਧਿਆ ਦੇ ਰਾਮ ਮੰਦਰ ਵਿੱਚ ਹੋਈ ’ਚੰਦਾ ਲੁੱਟ’ ਨੇ ਪੂਰੇ ਦੇਸ਼ ਨੂੰ ਵਲੂੰਧਰ ਕੇ ਰੱਖ ਦਿੱਤਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜਨਤਾ ਦੇ ਭਾਰੀ ਦਬਾਅ ਅਤੇ ਐੱਸ.ਆਈ.ਟੀ. ਦੀ ਰਿਪੋਰਟ ਤੋਂ ਬਾਅਦ ਐੱਫ.ਆਈ.ਆਰ. ਤਾਂ ਦਰਜ ਹੋ ਗਈ ਹੈ, ਪਰ ਆਰ.ਐੱਸ.ਐੱਸ. ਅਤੇ ਭਾਜਪਾ ਨਾਲ ਜੁੜੇ ਹੋਣ ਕਾਰਨ ਮੁੱਖ ਦੋਸ਼ੀ ਅਜੇ ਵੀ ਖੁੱਲ੍ਹੇਆਮ ਘੁੰਮ ਰਹੇ ਹਨ। ਕਾਂਗਰਸੀ ਆਗੂ ਨੇ ਰਾਮ ਮੰਦਰ ਦੇ ਦਰਸ਼ਨਾਂ ਲਈ ਜਾ ਰਹੇ ਕਾਂਗਰਸੀ ਨੇਤਾਵਾਂ ਨੂੰ ’ਹਾਊਸ ਅਰੈਸਟ’ ਕੀਤੇ ਜਾਣ ਦੀ ਸਖ਼ਤ ਨਿਖੇਧੀ ਕੀਤੀ ਅਤੇ ਇਸ ਨੂੰ ਤਾਨਾਸ਼ਾਹੀ ਰਵੱਈਆ ਕਰਾਰ ਦਿੱਤਾ। ਉਨ੍ਹਾਂ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਮੋਦੀ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਸਮੇਤ ਸਮੁੱਚਾ ਭਾਜਪਾ-ਆਰ.ਐੱਸ.ਐਸ. ਤੰਤਰ ਦੋਸ਼ੀਆਂ ਨੂੰ ਬਚਾਉਣ ਅਤੇ ਇਸ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਿਹਾ



ਹੈ। ਜੈਰਾਮ ਰਮੇਸ਼ ਨੇ ਸਖ਼ਤ ਲਹਿਜੇ ਵਿਚ ਚਿਤਾਵਨੀ ਦਿੱਤੀ ਕਿ ਇਸ ਘਿਨਾਉਣੇ ਕੰਮ ਲਈ ਭਗਵਾਨ ਸ੍ਰੀ ਰਾਮ ਤਾਂ ਸਜ਼ਾ ਦੇਣਗੇ ਹੀ, ਪਰ ਦੇਸ਼ ਦੀ ਜਨਤਾ ਵੀ ਉਨ੍ਹਾਂ ਨੂੰ ਸਬਕ ਸਿਖਾਏਗੀ। ਉਨ੍ਹਾਂ ਮੁਤਾਬਕ ਦੋਸ਼ੀਆਂ ਨੂੰ ਬਚਾਉਣ ਵਾਲੇ ਵੀ ਇਸ ਪਾਪ ਵਿਚ ਬਰਾਬਰ ਦੇ ਗੁਨਾਹਗਾਰ ਹਨ।

## ਪੰਜਾਬ ’ਚ ਬਿਜਲੀ ਦੀ ਘਾਟ ਨੂੰ ਲੈ ਕੇ ਸੁਖਬੀਰ ਬਾਦਲ ਨੇ ਘੇਰੀ ਸੂਬਾ ਸਰਕਾਰ

ਸ੍ਰੀ ਮੁਕਤਸਰ ਸਾਹਿਬ 2 ਜੁਲਾਈ। ਪੰਜਾਬ ’ਚ ਭਿਆਨਕ ਗਰਮੀ ਦੌਰਾਨ ਬਿਜਲੀ ਸਪਲਾਈ ਨਾ ਆਉਣ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਨੇ ਸੂਬਾ ਸਰਕਾਰ ’ਤੇ ਨਿਸ਼ਾਨਾ ਵਿੰਨ੍ਹਿਆ ਹੈ। ਜ਼ਿਲ੍ਹਾ ਮੁਕਤਸਰ ਦੇ ਪਿੰਡ ਮਹਿਣਾ ਵਿਖੇ ਝੋਨੇ ਦੇ ਪੂਰੀ ਤਰ੍ਹਾਂ ਸੁੱਕੇ ਹੋਏ ਖੇਤ ਦਾ ਹਾਲ ਦਿਖਾਉਂਦਿਆਂ ਸੁਖਬੀਰ ਬਾਦਲ ਨੇ ਕਿਹਾ ਕਿ ਪੰਜਾਬ ’ਚ ਝੋਨੇ ਦੇ ਖੇਤ ਬਿਨਾਂ ਪਾਣੀ ਦੇ ਹਨ, ਜਦੋਂ ਕਿ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਕਿਸਾਨਾਂ ਨੂੰ 8-8 ਘੰਟੇ



ਬਿਜਲੀ ਦੇਣ ਦੀ ਗੱਲ ਕੀਤੀ ਜਾ ਰਹੀ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਅੱਜ ਤੋਂ 15 ਸਾਲ ਪਹਿਲਾਂ ਅਕਾਲੀ ਦਲ ਦੀ ਸਰਕਾਰ ਨੇ ਬਿਜਲੀ ਦੀ ਘਾਟ ਨੂੰ ਪੂਰਾ ਕਰਨ ਲਈ ਪਲਾਂਟ ਸਥਾਪਿਤ ਕੀਤੇ ਸਨ ਅਤੇ ਬਿਜਲੀ ਸਰਪਲੱਸ ਬਣਾ ਦਿੱਤੀ ਸੀ। ਪਿਛਲੇ 10 ਸਾਲਾਂ ਦੌਰਾਨ ਉਹੀ ਸਰਪਲੱਸ ਬਿਜਲੀ ਵਰਤੀ ਜਾ ਰਹੀ ਹੈ। ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਪਿਛਲੇ 10 ਸਾਲਾਂ ਦੌਰਾਨ ਕੁੱਝ ਨਹੀਂ ਕੀਤਾ। ਸੁਖਬੀਰ ਬਾਦਲ ਨੇ ਕਿਹਾ ਕਿ ਅੱਜ ਹਰ ਪਿੰਡ ਅਤੇ ਹਰ ਘਰ ’ਚ ਬਿਜਲੀ ਜਾਣ ’ਤੇ ਰਾਤ ਵੇਲੇ ਹਨ੍ਹੇਰਾ ਛਾਇਆ ਹੋਇਆ ਹੈ ਅਤੇ ਲੋਕਾਂ ਦਾ ਗਰਮੀ ’ਚ ਬੁਰਾ ਹਾਲ ਹੈ। ਉਨ੍ਹਾਂ ਕਿਹਾ ਕਿ ਸਾਨੂੰ ਬਿਜਲੀ ਸਪਲਾਈ ਪੂਰੀ ਕਰਨ ਲਈ ਸੋਲਰ ਪਲਾਂਟ ਅਤੇ ਹੋਰ ਪਲਾਂਟ ਲਾਉਣੇ ਪੈਣਗੇ ਤਾਂ ਹੀ ਹਾਲਾਤ ’ਚ ਸੁਧਾਰ ਆ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਸਰਕਾਰ ਸਿਰਫ ਝੂਠੇ ਵਾਅਦੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਅਕਾਲੀ ਦਲ ਦੀ ਸਰਕਾਰ ਪੰਜਾਬ ’ਚ ਬਣਾਉਣ ਦਾ ਮੁੜ ਸਮਾਂ ਆ ਗਿਆ ਹੈ।

### ਰਾਜਾ ਵੜਿੰਗ ਬਣੇ ਰਹਿਣਗੇ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ, ਇਨ੍ਹਾਂ ਆਗੂਆਂ ਨੂੰ ਮਿਲੀ ਅਹਿਮ ਜ਼ਿੰਮੇਵਾਰੀ

ਨਵੀਂ ਦਿੱਲੀ/ਚੰਡੀਗੜ੍ਹ 2 ਜੁਲਾਈ। ਆਲ ਇੰਡੀਆ ਕਾਂਗਰਸ ਕਮੇਟੀ (AICC) ਨੇ ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਇੱਕ ਵੱਡਾ ਫੈਸਲਾ ਲੈਂਦਿਆਂ ਚੋਣਾਂ ਨਾਲ ਸਬੰਧਤ ਵੱਖ-ਵੱਖ ਅਹਿਮ ਕਮੇਟੀਆਂ ਦੇ ਚੇਅਰਪਰਸਨਾਂ ਦੀ ਨਿਯੁਕਤੀ ਕਰ ਦਿੱਤੀ ਹੈ। ਕਾਂਗਰਸ ਦੇ ਜਨਰਲ ਸਕੱਤਰ ਕੇ.ਸੀ. ਵੇਣੂਗੋਪਾਲ ਵੱਲੋਂ ਜਾਰੀ ਪ੍ਰੈਸ ਬਿਆਨ ਅਨੁਸਾਰ, ਕਾਂਗਰਸ ਪ੍ਰਧਾਨ ਨੇ ਇਨ੍ਹਾਂ ਨਿਯੁਕਤੀਆਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰਨ ਦੀ ਪ੍ਰਵਾਨਗੀ ਦਿੱਤੀ ਹੈ। ਪਾਰਟੀ ਵੱਲੋਂ ਜਾਰੀ ਸੂਚੀ ਅਨੁਸਾਰ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਚੋਣ ਪ੍ਰਚਾਰ ਦੀ ਅਹਿਮ ਜ਼ਿੰਮੇਵਾਰੀ ਸੌਂਪਦੇ ਹੋਏ ’ਕੈਂਪੇਨ ਕਮੇਟੀ’ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਵਿਜੇ ਇੰਦਰ ਸਿੰਗਲਾ ਨੂੰ ’ਚੋਣ ਪ੍ਰਬੰਧਨ ਅਤੇ ਤਾਲਮੇਲ ਕਮੇਟੀ’ ਦਾ ਮੁਖੀ ਬਣਾਇਆ ਗਿਆ ਹੈ। ਸਾਬਕਾ ਉਪ-ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ’ਕੋਰ ਕਮੇਟੀ’ ਦੀ ਅਗਵਾਈ ਕਰਨਗੇ, ਜਦਕਿ ਡਾ. ਅਮਰ ਸਿੰਘ ਨੂੰ ’ਮੈਨੀਫੈਸਟੋ ਕਮੇਟੀ’ ਦਾ ਚੇਅਰਪਰਸਨ ਨਿਯੁਕਤ ਕੀਤਾ ਗਿਆ ਹੈ। ਪਾਰਟੀ ਹਾਈਕਮਾਂਡ ਨੇ ਮੌਜੂਦਾ ਲੀਡਰਸ਼ਿਪ ’ਤੇ ਭਰੋਸਾ ਜਤਾਉਂਦੇ ਹੋਏ ਸਪੱਸ਼ਟ ਕੀਤਾ ਹੈ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਵਜੋਂ ਆਪਣੀ ਸੇਵਾ ਜਾਰੀ ਰੱਖਣਗੇ। ਇਸੇ ਤਰ੍ਹਾਂ ਪ੍ਰਤਾਪ ਸਿੰਘ ਬਾਜਵਾ ਪੰਜਾਬ ਵਿਧਾਨ ਸਭਾ ਵਿੱਚ ਕਾਂਗਰਸ ਵਿਧਾਇਕ ਦਲ ਦੇ ਨੇਤਾ ਵਜੋਂ ਕੰਮ ਕਰਦੇ ਰਹਿਣਗੇ। ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵਿੱਚ ਤਿੰਨ ਵਰਕਿੰਗ ਪ੍ਰਧਾਨਾਂ ਦੀ ਵੀ ਨਿਯੁਕਤੀ ਕੀਤੀ ਗਈ ਹੈ। ਇਨ੍ਹਾਂ ਵਿਚ ਸੁਖਵਿੰਦਰ ਸਿੰਘ ਡੈਨੀ, ਰਾਜ ਕੁਮਾਰ ਵੇਰਕਾ ਤੇ ਸੰਗਤ ਸਿੰਘ ਗਿਲਜੀਆਂ ਸ਼ਾਮਲ ਹਨ। ਇਹ ਨਿਯੁਕਤੀਆਂ ਦਰਸਾਉਂਦੀਆਂ ਹਨ ਕਿ ਕਾਂਗਰਸ ਪਾਰਟੀ ਪੰਜਾਬ ਚੋਣਾਂ ਲਈ ਪੂਰੀ ਤਰ੍ਹਾਂ ਸਰਗਰਮ ਹੋ ਗਈ ਹੈ ਅਤੇ ਤਜ਼ਰਬੇਕਾਰ ਆਗੂਆਂ ਨੂੰ ਮੂਹਰਲੀ ਕਤਾਰ ਵਿੱਚ ਲਿਆ ਕੇ ਚੋਣ ਮੈਦਾਨ ਵਿੱਚ ਉਤਰਨ ਦੀ ਤਿਆਰੀ ਕਰ ਰਹੀ ਹੈ।

## ਰਾਘਵ ਚੱਢਾ ਖ਼ਿਲਾ.ਫ ਵਿਵਾਦਤ ਪੋਸਟ ਮਾਮਲਾ, ਹਾਈ ਕੋਰਟ ਨੇ ਡਿਲੀਟ ਕਰਨ ਦਾ ਦਿੱਤਾ ਆਦੇਸ਼

**ਕੌਮੀ ਪਤ੍ਰਿਕਾ**
**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 2 ਜੁਲਾਈ। ਦਿੱਲੀ ਹਾਈ ਕੋਰਟ ਨੇ ਸੰਸਦ ਮੈਂਬਰ ਰਾਘਵ ਚੱਢਾ ਨੂੰ ਨਿਸ਼ਾਨਾ ਬਣਾਉਂਦੇ ਹੋਏ ਕੁਝ ਇਤਰਾਜ਼ਯੋਗ ਸੋਸ਼ਲ ਮੀਡੀਆ ਸਮੱਗਰੀ ਨੂੰ ਹਟਾਉਣ ਦੇ ਹੁਕਮ ਦਿੱਤੇ। ਆਮ ਆਦਮੀ ਪਾਰਟੀ (ਆਪ) ਛੱਡ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) ’ਚ ਸ਼ਾਮਲ ਹੋਏ ਚੱਢਾ ਨੇ ਇਸ ਤੋਂ ਪਹਿਲਾਂ ਮਨਘੜ੍ਹਤ ਸੋਸ਼ਲ ਮੀਡੀਆ ਪੋਸਟਾਂ ਦੇ ਪ੍ਰਕਾਸ਼ਨ ਖ਼?ਲਾਫ਼ ਹਾਈ ਕੋਰਟ ’ਚ ਮੁਕੱਦਮਾ ਦਾਇਰ ਕੀਤਾ ਸੀ। ਉਨ੍ਹਾਂ ਕਿਹਾ ਸੀ ਕਿ ਇਹ ਪੋਸਟ ਉਨ੍ਹਾਂ ਦੀ ਸਾਖ ਅਤੇ ਉਨ੍ਹਾਂ ਦੇ ਸ਼ਖਸੀਅਤ ਅਧਿਕਾਰਾਂ ਲਈ ਬਹੁਤ ਨੁਕਸਾਨਦੇਹ ਸਨ। ਜਸਟਿਸ ਸੁਬਰਮਣੀਅਮ ਪ੍ਰਸਾਦ ਨੇ ਮਾਮਲੇ ’ਚ ਅੰਤਰਿਮ ਆਦੇਸ਼ ਸੁਣਾਉਂਦੇ ਹੋਏ ਕਿਹਾ,”ਮੈਂ ਕਿਹਾ ਸੀ ਕਿ ਇਹ ਸ਼ਖਸੀਅਤ ਅਧਿਕਾਰਾਂ ਦਾ ਮਾਮਲਾ ਨਹੀਂ ਹੈ। ਹਾਲਾਂਕਿ, ਮੈਂ ਉਨ੍ਹਾਂ ਨੂੰ ਕੁਝ ਸਮੱਗਰੀ ਹਟਾਉਣ ਦੇ ਨਿਰਦੇਸ਼ ਦਿੱਤੇ ਹਨ। ਜੱਜ ਨੇ ਅੱਗੇ ਕਿਹਾ, ਵੈਸੇ ਸਮੱਗਰੀ ਪਹਿਲੀ ਨਜ਼ਰੇ ਮਾਣਹਾਨੀਕਾਰਕ ਨਹੀਂ ਹੈ। ਹੁਕਮ ਦੀ ਵਿਸਤ੍ਰਿਤ ਕਾਪੀ ਦੀ ਉਡੀਕ ਹੈ। ਅਦਾਲਤ ਨੇ 21 ਮਈ ਨੂੰ ਕਥਿਤ ਤੌਰ ’ਤੇ ਇਤਰਾਜ਼ਯੋਗ ਸਮੱਗਰੀ ਨੂੰ ਹਟਾਉਣ ਲਈ ਅੰਤਰਿਮ ਰਾਹਤ ਦੇ ਪਹਿਲੂ ’ਤੇ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਆਪਣੀ ਪਟੀਸ਼ਨ ’ਚ ਚੱਢਾ ਨੇ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਵਿਆਪਕ ਤੌਰ ’ਤੇ ਪ੍ਰਸਾਰਿਤ ਕੀਤੀ ਜਾ ਰਹੀ ਝੂਠੀ, ਏਆਈ-ਤਿਆਰ ਕੀਤੀ ਗਈ ਅਤੇ ਡੀਪਫੇਕ ਸਮੱਗਰੀ ਨੂੰ ਤੁਰੰਤ ਹਟਾਉਣ ਦੀ ਬੇਨਤੀ ਕੀਤੀ



ਸੀ। ਉਨ੍ਹਾਂ ਦੇ ਮੁਕੱਦਮੇ ’ਚ ਦਲੀਲ ਦਿੱਤੀ ਗਈ ਸੀ ਕਿ ਅਣਅਧਿਕਾਰਤ, ਹੇਰਾਫੇਰੀ ਵਾਲੀ ਸਮੱਗਰੀ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਡੀਪਫੇਕ ਤਕਨਾਲੋਜੀ ਦੀ ਵਰਤੋਂ ਕਰਕੇ ਬਣਾਈ ਅਤੇ ਪ੍ਰਸਾਰਿਤ ਕੀਤੀ ਗਈ ਸੀ, ਜੋ ਕਿ ਚੱਢਾ ਦੇ ਕਾਨੂੰਨੀ ਅਤੇ ਸੰਵਿਧਾਨਕ ਅਧਿਕਾਰਾਂ ਦੀ ਗੰਭੀਰ ਉਲੰਘਣਾ ਸੀ। ਐਸ਼ਵਰਿਆ ਰਾਏ ਬੱਚਨ, ਅਭਿਸ਼ੇਕ ਬੱਚਨ ਅਤੇ ਸਲਮਾਨ ਖਾਨ ਸਮੇਤ ਕਈ ਮਸ਼ਹੂਰ ਹਸਤੀਆਂ, ਜਿਨ੍ਹਾਂ ’ਚ ਆਰਟ ਆਫ਼ ਲਿਵਿੰਗ ਦੇ ਸੰਸਥਾਪਕ ਸ਼੍ਰੀ ਸ਼੍ਰੀ ਰਵੀ ਸ਼ੰਕਰ, ਪੱਤਰਕਾਰ ਸੁਧੀਰ ਚੌਧਰੀ, ਪੋਡਕਾਸਟਰ ਰਾਜ ਸ਼ਮਾਨੀ ਅਤੇ ਆਂਧਰਾ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਪਵਨ ਕਲਿਆਣ ਸ਼ਾਮਲ

### ਖ਼ਤਮ ਹੋਵੇਗਾ ਭਾਰਤ-ਪਾਕਿ ਦਾ ਤਣਾਅ ! ਦੋਵਾਂ ਦੇਸ਼ਾਂ ਦੇ ਸਿਆਸਤਦਾਨਾਂ ਨੇ ਪ੍ਰਧਾਨ ਮੰਤਰੀਆਂ ਨੂੰ ਲਿਖਿਆ ਖੁੱਲ੍ਹਾ ਪੱਤਰ

ਨੈਸ਼ਨਲ ਡੈਸਕ 2 ਜੁਲਾਈ। ਭਾਰਤ ਅਤੇ ਪਾਕਿਸਤਾਨ ਦੇ 100 ਤੋਂ ਵੱਧ ਪ੍ਰਮੁੱਖ ਨਾਗਰਿਕਾਂ, ਸਿਆਸਤਦਾਨਾਂ ਅਤੇ ਸਾਬਕਾ ਰਾਜਦੂਤਾਂ ਨੇ ਦੋਵਾਂ ਦੇਸ਼ਾਂ ਦੇ ਪ੍ਰਧਾਨ ਮੰਤਰੀਆਂ- ਨਰਿੰਦਰ ਮੋਦੀ ਅਤੇ ਸ਼ਹਿਬਾਜ਼ ਸ਼ਰੀਫ਼ ਨੂੰ ਇੱਕ ਖੁੱਲ੍ਹਾ ਪੱਤਰ ਲਿਖ ਕੇ ਦੁਵੱਲੀ ਗੱਲਬਾਤ ਅਤੇ ਆਮ ਸਬੰਧਾਂ ਨੂੰ ਤੁਰੰਤ ਬਹਾਲ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਹੈ। ’ਸੈਂਟਰ ਫਾਰ ਪੀਸ ਐਂਡ ਪ੍ਰੋਗਰੈੱਸ’ ਦੇ ਪ੍ਰਧਾਨ ਓ. ਪੀ. ਸ਼ਾਹ ਵੱਲੋਂ ਕੋਆਰਡੀਨੇਟ ਕੀਤੇ ਗਏ ਇਸ ਪੱਤਰ ’ਤੇ ਭਾਰਤ ਦੇ 61 ਅਤੇ ਪਾਕਿਸਤਾਨ ਦੇ 55 ਪ੍ਰਮੁੱਖ ਨਾਗਰਿਕਾਂ ਸਣੇ ਕੁੱਲ 116 ਨੇ ਹਸਤਾਖਰ ਕੀਤੇ ਹਨ। ਪੱਤਰ ਲਿਖਣ ਵਾਲਿਆਂ ’ਚ ਫਾਰੂਕ ਅਬਦੁੱਲਾ, ਮਹਿਬੂਬਾ ਮੁਫ਼ਤੀ, RAW ਦੇ ਸਾਬਕਾ ਮੁਖੀ ਏ.ਐੱਸ. ਦੁਲਤ, ਮਨੋਜ ਝਾਅ, ਮਣੀਸ਼ੰਕਰ ਅਈਅਰ, ਮੀਰਵਾਈਜ਼ ਉਮਰ ਫਾਰੂਕ ਅਤੇ ਪਾਕਿਸਤਾਨ ਦੇ ਸਾਬਕਾ ਵਿਦੇਸ਼ ਮੰਤਰੀ ਖੁਰਸ਼ੀਦ ਮਹਿਮੂਦ ਕਸੂਰੀ ਸ਼ਾਮਲ ਹਨ। ਇਨ੍ਹਾਂ ਲੋਕਾਂ ਨੇ ਪੱਤਰ ਰਾਹੀਂ ਮੰਗ ਕੀਤੀ ਕਿ ਦੋਵਾਂ ਦੇਸ਼ਾਂ ’ਚ ਪੂਰਨ ਕੂਟਨੀਤਕ ਸਬੰਧਾਂ ਨੂੰ ਬਹਾਲ ਕੀਤਾ ਜਾਵੇ, ਹਾਈ ਕਮਿਸ਼ਨਰਾਂ ਦੀ ਨਿਯੁਕਤੀ ਦੁਬਾਰਾ ਕੀਤੀ ਜਾਵੇ ਅਤੇ ਵੀਜ਼ਾ ਪ੍ਰਕਿਰਿਆ ਨੂੰ ਆਸਾਨ ਬਣਾਇਆ ਜਾਵੇ। ਇਸ ਤੋਂ ਇਲਾਵਾ ਇਸ ਪੱਤਰ ’ਚ ਅਟਾਰੀ-ਵਾਹਗਾ ਸਰਹੱਦ ਰਾਹੀਂ ਵਪਾਰਕ ਰਸਤੇ ਦੁਬਾਰਾ ਖੋਲ੍ਹੇ ਜਾਣ, ਦਿੱਲੀ-ਲਾਹੌਰ ਬੱਸ, ਸਮਝੌਤਾ ਐਕਸਪ੍ਰੈਸ, ਥਾਰ ਐਕਸਪ੍ਰੈਸ ਅਤੇ ਵਪਾਰਕ ਉਡਾਨਾਂ ਲਈ ਏਅਰਸਪੇਸ ਮੁੜ ਸ਼ੁਰੂ ਕਰਨ ਬਾਰੇ ਵੀ ਅਪੀਲ ਕੀਤੀ ਗਈ ਹੈ। ਨਾਲ ਹੀ ਕਰਤਾਰਪੁਰ ਸਾਹਿਬ ਕਾਰੀਡੋਰ, ਸ਼ਾਰਦਾ ਪੀਠ ਦੇ ਰਸਤੇ ਖੋਲ੍ਹਣ, ਜੰਮੂ-ਕਸ਼ਮੀਰ ਦੇ ਮੁੱਦੇ ’ਤੇ 2004-2007 ਦੇ ਢਾਂਚੇ ਮੁਤਾਬਕ ਫ਼ੌਜ ਦੀ ਤਾਇਨਾਤੀ ਅਤੇ ਤਣਾਅ ਨੂੰ ਘਟਾਉਣ ਦੀ ਅਪੀਲ ਵੀ ਇਸ ਪੱਤਰ ’ਚ ਕੀਤੀ ਗਈ ਹੈ।

## ਪੰਜਾਬ ਭਾਜਪਾ ਆਗੂਆਂ ਨੇ ਉਪ-ਰਾਸ਼ਟਰਪਤੀ ਤੇ ਕੇਂਦਰੀ ਮੰਤਰੀ ਨਾਲ ਕੀਤੀ ਮੁਲਾਕਾਤ

**ਕੌਮੀ ਪਤ੍ਰਿਕਾ**

ਚੰਡੀਗੜ੍ਹ/ਜਲੰਧਰ 2 ਜੁਲਾਈ। ਸੋਮਵਾਰ ਨੂੰ ਰਾਜ ਸਭਾ ਮੈਂਬਰ ਤਰੁਣ ਚੁੱਘ ਦੇ ਸਹੁੰ ਚੁੱਕ ਸਮਾਗਮ ਤੋਂ ਬਾਅਦ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਕੁਮਾਰ ਜਾਖੜ ਨੇ ਉਪ-ਰਾਸ਼ਟਰਪਤੀ ਅਤੇ ਰਾਜ ਸਭਾ ਦੇ ਸਭਾਪਤੀ ਸੀ. ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਭਾਜਪਾ ਆਗੂਆਂ ਨੇ ਉਪ-ਰਾਸ਼ਟਰਪਤੀ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਹ ਮੁਲਾਕਾਤ ਪੰਜਾਬ ਦੇ ਹਿੱਤਾਂ ਦੀ ਰਾਖੀ, ਰਾਸ਼ਟਰ ਸੇਵਾ ਅਤੇ ਲੋਕਤੰਤਰਿਕ ਕਦਰਾਂ-ਕੀਮਤਾਂ ਪ੍ਰਤੀ ਭਾਜਪਾ ਦੀ ਅਟੁੱਟ ਵਚਨਬੱਧਤਾ ਦਾ ਪ੍ਰਤੀਕ ਰਹੀ। ਇਸ ਤੋਂ ਬਾਅਦ ਤਿੰਨਾਂ ਭਾਜਪਾ ਆਗੂਆਂ ਨੇ ਕੇਂਦਰੀ ਸਿਹਤ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਜੇ. ਪੀ. ਨੱਡਾ ਨਾਲ ਵੀ ਮੁਲਾਕਾਤ ਕੀਤੀ। ਬੈਠਕ ਦੌਰਾਨ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ, ਸੰਗਠਨ ਦੀਆਂ ਗਤੀਵਿਧੀਆਂ



ਅਤੇ ਸੂਬੇ ਵਿਚ ਭਾਜਪਾ ਦੀ ਰਣਨੀਤੀ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਹੋਈ। ਬੈਠਕ ਤੋਂ ਬਾਅਦ ਜਾਖੜ ਨੇ ਕਿਹਾ ਕਿ ਪੰਜਾਬ ਵਿਚ ਭਾਜਪਾ ਦੀ ਸਥਿਤੀ ਲਗਾਤਾਰ ਮਜ਼ਬੂਤ ਹੋ ਰਹੀ ਹੈ ਅਤੇ ਸੂਬੇ ਦੇ ਲੋਕ ਭਾਜਪਾ ਦੀਆਂ ਨੀਤੀਆਂ ਅਤੇ ਲੀਡਰਸ਼ਿਪ ’ਤੇ ਪਹਿਲਾਂ ਨਾਲੋਂ ਵੱਧ ਭਰੋਸਾ ਪ੍ਰਗਟਾ ਰਹੇ ਹਨ। ਜਾਖੜ ਨੇ ਜੇ. ਪੀ. ਨੱਡਾ ਨੂੰ ਪੰਜਾਬ ਦੀ ਮੌਜੂਦਾ ਸਥਿਤੀ ਤੋਂ ਵੀ ਜਾਣੂ ਕਰਵਾਇਆ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕ-ਵਿਰੋਧੀ ਨੀਤੀਆਂ ਅਪਨਾ ਰਹੀ ਹੈ, ਜਿਸ ਕਾਰਨ ਕਿਸਾਨਾਂ, ਵਪਾਰੀਆਂ, ਮੁਲਾਜ਼ਮਾਂ, ਨੌਜਵਾਨਾਂ ਅਤੇ ਆਮ ਲੋਕਾਂ ਵਿਚ ਭਾਰੀ ਨਾਰਾਜ਼ਗੀ ਹੈ। ਬੈਠਕ ਦੌਰਾਨ ਭਾਜਪਾ ਸੰਗਠਨ ਨੂੰ ਹੋਰ ਮਜ਼ਬੂਤ ਕਰਨ, ਆਗਾਮੀ ਸਿਆਸੀ ਗਤੀਵਿਧੀਆਂ ਅਤੇ ਪੰਜਾਬ ਵਿਚ ਪਾਰਟੀ ਦੇ ਜਨਆਧਾਰ ਨੂੰ ਵਧਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਭਰੋਸਾ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿਚ ਪੰਜਾਬ ’ਚ ਭਾਜਪਾ ਹੋਰ ਵੱਧ ਮਜ਼ਬੂਤੀ ਨਾਲ ਉੱਭਰੇਗੀ ਅਤੇ ਜਨਤਾ ਵਿਚ ਆਪਣਾ ਪ੍ਰਭਾਵ ਲਗਾਤਾਰ ਵਧਾਏਗੀ।

## ਕੇਤਨ ਕਤਲਕਾਂਡ ’ਚ ਨਵਾਂ ਮੋੜ, ਸੀਆ ਦੇ ਵਕੀਲ ਨੇ ਭਰਾ ਸਾਹਿਲ ਨੂੰ ਭੇਜਿਆ 10 ਕਰੋੜ ਦਾ ਨੋਟਿਸ

**ਕੌਮੀ ਪਤ੍ਰਿਕਾ**

ਪੁਣੇ 2 ਜੁਲਾਈ। ਪੁਣੇ ਦੇ ਚਰਚਿਤ ਕੇਤਨ ਅਗਰਵਾਲ ਕਤਲਕਾਂਡ ’ਚ ਇਕ ਨਵਾਂ ਕਾਨੂੰਨੀ ਵਿਵਾਦ ਸਾਹਮਣੇ ਆਇਆ ਹੈ। ਦੋਸ਼ੀ ਸੀਆ ਦਾ ਕੇਸ ਲੜਨ ਨੂੰ ਲੈ ਕੇ ਆਸ਼ੂਤੋਸ਼ ਸ਼ਰੀਵਾਸਤਵ ਨਾਂ ਦੇ ਵਕੀਲ ਅਤੇ ਸੀਆ ਦੇ ਪਰਿਵਾਰ ਵਿਚਾਲੇ ਵਿਵਾਦ ਦੀ ਸਥਿਤੀ ਬਣਦੀ ਦਿੱਸ ਰਹੀ ਹੈ। ਦਰਅਸਲ 2 ਵਕੀਲਾਂ ਆਸ਼ੂਤੋਸ਼ ਸ਼ਰੀਵਾਸਤਵ ਅਤੇ ਵਿਪੁਲ ਦੁਸ਼ਿੰਗ ਨੇ ਸੀਆ ਗੋਇਲ ਵਲੋਂ ਕੋਰਟ ’ਚ ਪੈਰਵੀ ਕਰਨ ਦਾ ਦਾਅਵਾ ਕੀਤਾ ਹੈ। ਆਸ਼ੂਤੋਸ਼ ਦਾ ਕਹਿਣਾ ਹੈ ਕਿ ਸੀਆ ਗੋਇਲ ਨੇ ਆਪਣਾ ਕੇਸ ਲੜਨ ਲਈ ਉਨ੍ਹਾਂ ਨੂੰ ਨਿਯੁਕਤ ਕੀਤਾ ਹੈ। 29 ਜੂਨ ਨੂੰ ਸੀਆ ਦੇ ਭਰਾ ਸਾਹਿਲ ਨੇ ਕਿਹਾ ਕਿ ਸਾਡੇ ਵਕੀਲ ਵਿਪੁਲ ਦੁਸ਼ਿੰਗ ਹੈ। ਆਸ਼ੂਤੋਸ਼ ਸ਼ਰੀਵਾਸਤਵ ਸਾਡੇ ਵਕੀਲ ਨਹੀਂ ਹਨ, ਉਹ ਸਾਡੇ ’ਤੇ ਪ੍ਰੈਸ਼ਰ ਬਣਾ ਰਹੇ ਹਨ। ਇਸ ਤੋਂ ਬਾਅਦ ਸ਼ਰੀਵਾਸਤਵ ਨੇ ਸਾਹਿਲ ਨੂੰ 10 ਕਰੋੜ ਦਾ ਮਾਣਹਾਨੀ ਨੋਟਿਸ ਭੇਜਿਆ। ਮਾਮਲਾ 29 ਜੂਨ ਨੂੰ ਸੁਣਵਾਈ ਦੌਰਾਨ ਵਧਿਆ। ਜਦੋਂ ਵਡਗਾਂਵ ਮਾਵਲ ਕੋਰਟ ’ਚ ਸੁਣਵਾਈ ਦੌਰਾਨ ਸੀਆ ਨੇ ਕਿਹਾ ਕਿ ਆਸ਼ੂਤੋਸ਼ ਮੇਰੇ ਵਕੀਲ ਨਹੀਂ ਹਨ। ਮੇਰੇ ਵਲੋਂ ਵਿਪੁਲ ਦੁਸ਼ਿੰਗ ਪੈਰਵੀ ਕਰ ਰਹੇ ਹਨ। ਇਸ ਤੋਂ ਬਾਅਦ ਆਸ਼ੂਤੋਸ਼ ਨੇ ਸਾਹਿਲ ਗੋਇਲ ਨੂੰ ਕਾਨੂੰਨੀ ਨੋਟਿਸ ਭੇਜ ਕੇ 10 ਕਰੋੜ ਰੁਪਏ ਦੇ ਹਰਜਾਨੇ ਦੀ ਮੰਗ ਕੀਤੀ ਹੈ। ਨੋਟਿਸ ’ਚ ਉਨ੍ਹਾਂ ਨੇ ਮੰਗ ਕੀਤੀ ਹੈ ਕਿ ਸਾਹਿਲ (ਸੀਆ ਦਾ ਭਰਾ) ਉਨ੍ਹਾਂ ਦੇ ਖ਼ਲਾਫ਼ ਦਿੱਤੇ ਗਏ ਬਿਆਨ ਤੁਰੰਤ ਵਾਪਸ ਲਵੋ। ਜਨਤਕ ਤੌਰ ’ਤੇ ਬਿਨਾਂ ਸ਼ਰਤ ਮੁਆਫ਼ੀ ਮੰਗੇ।


## ਦਿੱਲੀ ਨਗਰ ਨਿਗਮ

**ਜਨੱਤਕ ਸੂਚਨਾ**

**ਟਾਊਨ ਵੇਂਡਿੰਗ ਕਮੇਟੀ (TVC) ਦੇ ਮੈਂਬਰਾਂ ਦਾ ਨਿਰਵਾਚਨ - MCD**

ਸਾਰੇ ਸੰਬੰਧਤਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦਿੱਲੀ ਸਟ੍ਰੀਟ ਵੇਂਡਰਸ (ਜੀਵਿਕਾ ਸੰਰਖਣ ਅਤੇ ਸਟ੍ਰੀਟ ਵੇਂਡਿੰਗ ਦਾ ਵਿਨਿਯਮਨ) ਅਧਿਨਿਯਮ, 2014 ਅਤੇ ਦਿੱਲੀ ਸਟ੍ਰੀਟ ਵੇਂਡਰਸ (ਜੀਵਿਕਾ ਸੰਰਖਣ ਅਤੇ ਸਟ੍ਰੀਟ ਵੇਂਡਿੰਗ ਦਾ ਵਿਨਿਯਮਨ) ਨਿਯਮ, 2017 ਦੇ ਅੰਤਰਗਤ ਪੰਜੀਕ੍ਰਿਤ ਸਟ੍ਰੀਟ ਵੇਂਡਰਾਂ ਵਿਚੋਂ **ਟਾਊਨ ਵੇਂਡਿੰਗ ਕਮੇਟੀ (TVC)** ਦੇ 12 ਮੈਂਬਰਾਂ (ਅਨੁਸੂਚਿਤ ਜਾਤਿ-01, ਅਨੁਸੂਚਿਤ ਜਾਤਿ ਮਹਿਲਾ-01, ਹੋਰ ਪਿਛੜਾ ਵਰਗ-02, ਹਸਰ ਪਿਛੜਾ ਵਰਗ ਮਹਿਲਾ-01, ਅਧਿਸੂਚਿਤ ਘੱਟਗਿਣਤੀ-01, ਦਿਵਿਆਂਗਜਨ-01, ਸਾਧਾਰਣ ਵਰਗ-03, ਸਾਧਾਰਣ ਵਰਗ ਮਹਿਲਾ-02) ਦਾ ਨਿਰਵਾਚਨ ਹੇਠਾਂਅਨੁਸਾਰ ਆਯੋਜਿਤ ਕੀਤਾ ਜਾਵੇਗਾ:

| | |
|---|---|
| ਨਾਮਜ਼ਦਗੀ ਦਾਖਿਲ ਕਰਨ ਦੀ ਸ਼ੁਰੂਆਤ | 03 ਜੁਲਾਈ 2026 (ਸਵੇਰੇ: 11:00 ਵਜੇ ਤੋਂ ਦੁਪਹਿਰ 03:00 ਵਜੇ ਤਕ) |
| ਨਾਮਜ਼ਦਗੀ ਦੀ ਅੰਤਿਮ ਮਿਤੀ | 10 ਜੁਲਾਈ 2026 |
| ਆਪੱਤੀ ਦੀ ਅੰਤਿਮ ਮਿਤੀ | 11 ਜੁਲਾਈ 2026 (ਸ਼ਾਮ 05:00 ਵਜੇ ਤੱਕ) |
| ਨਾਮਜ਼ਦਗੀ ਦੀ ਜਾਂਚ | 11 ਜੁਲਾਈ 2026 (ਸ਼ਾਮ 05:00 ਵਜੇ ਤੱਕ) |
| ਵੈਧ ਨਾਮਜ਼ਦਗੀਆਂ ਦਾ ਪ੍ਰਦਰਸ਼ਨ | 11 ਜੁਲਾਈ 2026 (ਸ਼ਾਮ 05:00 ਵਜੇ ਦੇ ਬਾਅਦ) |
| ਨਾਮਜ਼ਦਗੀ ਵਾਪਸੀ | 13 ਜੁਲਾਈ 2026 (ਸ਼ਾਮ 05:00 ਵਜੇ ਦੇ ਤੋਂ ਪਹਿਲਾਂ) |
| ਅੰਤਿਮ ਨਾਮਜ਼ਦਗੀਆਂ ਸੂਚੀ ਦਾ ਪ੍ਰਦਰਸ਼ਨ | 13 ਜੁਲਾਈ 2026 (ਸ਼ਾਮ 05:00 ਵਜੇ) |
| ਮਤਦਾਨ ਦਿਵਸ | 02 ਅਗਸਤ 2026 (ਸਵੇਰੇ: 08:00 ਵਜੇ ਤੋਂ ਸ਼ਾਮ 05:00 ਵਜੇ ਤੱਕ) |
| ਮਤਗਣਨਾ ਅਤੇ ਨਤੀਜਾ ਘੋਸ਼ਣਾ | 04 ਅਗਸਤ 2026 (ਸਵੇਰੇ: 08:00 ਵਜੇ ਤੋਂ ਅੱਗੇ) |

ਸਾਰੇ ਇੱਛੁਕ ਪਾਤਰ ਅਭਿਆਰਥੀਆਂ ਨੂੰ ਅਨੁਰੋਧ ਹੈ ਕਿ ਉਹ ਆਪਣੇ-ਆਪਣੇ ਜੋਨਲ ਦਫ਼ਤਰਾਂ ਤੋਂ ਨਾਮਜ਼ਦਗੀ ਪੱਤਰ ਪ੍ਰਾਪਤ ਕਰਕੇ। ਨਾਮਜ਼ਦਗੀ ਪੱਤਰ ਦਿੱਲੀ ਨਗਰ ਨਿਗਮ (MCD) ਲਈ ਸੰਬੰਧਿਤ ਉਪ ਆਯੁਕਤ (ਜੋਨਲ)-cum- ਰਿਟਰਨਿੰਗ ਅਧਿਕਾਰੀ, TVC ਦੇ ਪਾਸ਼ ਦਾਖਿਲ ਕੀਤਾ ਜਾਵੇਗਾ। ਮਤਦਾਨ ਕੇਂਦਰਾਂ ਲਈ ਜਾਣਕਾਰੀ ਸੰਬੰਧਿਤ ਰਿਟਰਨਿੰਗ ਅਧਿਕਾਰੀ (ਉਪ ਆਯੁਕਤ) ਦੇ ਜੋਨਲ ਦਫਤਰਾਂ (MCD) ਦੀ ਸੂਚਨਾ ਪੱਟ ’ਤੇ ਉਪਲਬਧ ਹੋਵੇਗੀ।

ਹਸਤਾ/-
ਸਹਾਇਕ ਆਯੁਕਤ (ਕੇਂਦਰੀ ਲਾਈਸੈਂਸਿੰਗ ਅਤੇ ਪ੍ਰਵਰਤਨ ਵਿਭਾਗ)
ਦਿੱਲੀ ਨਗਰ ਨਿਗਮ

RO No. 17/DPI/MCD/2026-27


## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ

**ਕੌਮੀ ਪਤ੍ਰਿਕਾ**
**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ, 2 ਜੁਲਾਈ - ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਅੱਜ ਚੰਡੀਗੜ੍ਹ ਵਿੱਚ ਰਾਜ ਸਰਕਾਰ ਦੇ ਬਜਟ ਐਲਾਨਾਂ, ਮੁੱਖ ਮੰਤਰੀ ਦੇ ਐਲਾਨਾਂ ਅਤੇ ਸੰਕਲਪ ਪੱਤਰ ਦੀਆਂ ਵਚਨਬੱਧਤਾਵਾਂ ਦੀ ਸਮੀਖਿਆ ਲਈ ਆਯੋਜਿਤ ਇੱਕ ਉੱਚ-ਪੱਧਰੀ ਮੀਟਿੰਗ ਵਿੱਚ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਵਿਸਤ੍ਰਿਤ ਸਮੀਖਿਆ ਕੀਤੀ ਗਈ। ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਰਾਜ ਦੇ ਹਰੇਕ ਨਾਗਰਿਕ ਤੱਕ ਸੁਰੱਖਿਅਤ ਅਤੇ ਸਾਫ਼ ਪੀਣ ਵਾਲਾ ਪਾਣੀ ਪਹੁੰਚਾਉਣ ਅਤੇ ਸੀਵਰੇਜ ਤੇ ਵੇਸਟ ਜਲ ਪ੍ਰਬੰਧਨ ਪ੍ਰਣਾਲੀ ਨੂੰ ਹੋਰ ਵੱਧ ਮਜ਼ਬੂਤ ਬਣਾਉਣ ਲਈ ਵਿਭਾਗ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਪ੍ਰੋਜੈਕਟਾਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰਾ ਕੀਤਾ ਜਾਵੇ ਅਤੇ ਗੁਣਵੱਤਾ ਨਾਲ ਕਿਸੇ ਵੀ ਕਿਸਮ ਦਾ ਸਮਝੌਤਾ ਨਾ ਕੀਤਾ ਜਾਵੇ। ਅਧਿਕਾਰੀਆਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਰਾਜ ਦੇ ਕੁਝ ਜ਼ਿਲ੍ਹਿਆਂ ਵਿੱਚ ਵਧ ਰਹੇ ਭੂਜਲ ਦੇ ਪੱਧਰ ਕਾਰਨ ਪੀਣ ਵਾਲੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਦੇ ਉਦੇਸ਼ ਨਾਲ ਵਿਭਾਗ ਨੇ 446 ਵਾਟਰ ਵਰਕਸ ਟੈਂਕਾਂ ਨੂੰ ਰਵਾਇਤੀ ਇੱਟਾਂ ਦੀ ਲਾਈਨਿੰਗ ਦੀ ਥਾਂ ’ਤੇ ਆਰ.ਸੀ.ਸੀ. ਲਾਈਨਿੰਗ ਵਿੱਚ ਬਦਲਣ ਦੀ ਯੋਜਨਾ ਬਣਾਈ ਹੈ। ਸਾਲ 2026-27 ਦੇ ਪਹਿਲੇ ਪੜਾਅ ਵਿੱਚ ਹਿਸਾਰ, ਰੋਹਤਕ, ਝੱਜਰ, ਭਿਵਾਨੀ ਅਤੇ ਚਰਖੀ ਦਾਦਰੀ ਜ਼ਿਲ੍ਹਿਆਂ ਦੇ 44 ਵਾਟਰ ਵਰਕਸ ਟੈਂਕਾਂ ਨੂੰ ਆਰ.ਸੀ.ਸੀ.



ਲਾਈਨਿੰਗ ਵਿੱਚ ਬਦਲਣ ਦਾ ਕਾਰਜ ਕੀਤਾ ਜਾ ਰਿਹਾ ਹੈ। ਮੀਟਿੰਗ ਵਿੱਚ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਸੀਵਰੇਜ ਅਤੇ ਵੇਸਟ ਜਲ ਪ੍ਰਬੰਧਨ ਪ੍ਰਣਾਲੀ ਨੂੰ ਹੋਰ ਵਧੇਰੇ ਪ੍ਰਭਾਵੀ ਬਣਾਉਣ ’ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਬੰਧਤ ਵਿਭਾਗਾਂ ਵੱਲੋਂ ਸੋਧੇ ਹੋਏ ਵੇਸਟ ਜਲ (ਟ?ਰੀਟਿਡ ਵੇਸਟ ਵਾਟਰ) ਦੀ ਵੱਧ ਤੋਂ ਵੱਧ ਵਰਤੋਂ ਯਕੀਨੀ ਬਣਾਈ ਜਾਵੇ, ਤਾਂ ਜੋ ਜਲ ਸੰਭਾਲ ਨੂੰ ਹੁਲਾਰਾ ਮਿਲੇ ਅਤੇ ਵਾਤਾਵਰਣ ਸੁਰੱਖਿਆ ਦੇ ਟੀਚਿਆਂ ਨੂੰ ਪ੍ਰਭਾਵੀ ਢੰਗ ਨਾਲ ਹਾਸਲ ਕੀਤਾ ਜਾ ਸਕੇ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਖੇਤਰਾਂ ਵਿੱਚ ਜ਼ਮੀਨਦੋਜ਼ ਪਾਣੀ ਦਾ ਪੱਧਰ ਨੀਵਾਂ ਹੈ, ਉੱਥੇ ਪੀਣ ਵਾਲੇ ਪਾਣੀ ਦੀ ਉਪਲਬਧਤਾ ਨੂੰ ਮਜ਼ਬੂਤ ਕਰਨ ਲਈ ਨਹਿਰੀ ਪਾਣੀ ਦੀ ਵਿਵਸਥਾ ਯਕੀਨੀ ਬਣਾਈ ਜਾਵੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਜ ਸਰਕਾਰ ਦਾ ਉਦੇਸ਼ ਹਰੇਕ ਨਾਗਰਿਕ ਨੂੰ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਅਤੇ ਆਧੁਨਿਕ ਤੇ ਟਿਕਾਊ ਜਲ ਪ੍ਰਬੰਧਨ ਪ੍ਰਣਾਲੀ ਵਿਕਸਿਤ ਕਰਨਾ ਹੈ।

# 10 ਹਜ਼ਾਰ ਦੇ ਉਧਾਰ ਨੂੰ ਲੈ ਕੇ ਖ਼ੂਨੀ ਖੇਡ, ਦੋਸਤਾਂ ਸਣੇ ਆਏ ਨੌਜਵਾਨਾਂ ਨੇ ਪਰਿਵਾਰ 'ਤੇ ਚਲਾਈਆਂ ਗੋਲੀਆਂ

**ਕੌਮੀ ਪਤ੍ਰਿਕਾ**

ਲੁਧਿਆਣਾ 2 ਜੁਲਾਈ। ਲੁਧਿਆਣਾ ਦੇ ਗਿਆਸਪੁਰਾ (ਥਾਣਾ ਸਾਹਨੇਵਾਲ) ਇਲਾਕੇ ਵਿੱਚ ਸਿਰਫ਼ 10 ਹਜ਼ਾਰ ਰੁਪਏ ਦੇ ਲੈਣ-ਦੇਣ ਦੇ ਵਿਵਾਦ ਵਿੱਚ ਸ਼ਰੇਆਮ ਅੰਨ੍ਹੇਵਾਹ ਫਾਇਰਿੰਗ ਕਰਨ ਤੇ ਪਰਿਵਾਰ ਨੂੰ ਜਾਨੋਂ ਮਾਰਨ ਦੀ ਕੋਸ਼ਿਸ਼ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਉਧਾਰ ਦਿੱਤੇ ਪੈਸੇ ਵਾਪਸ ਮੰਗਣ ਤੋਂ ਨਾਰਾਜ਼ ਇੱਕ ਨੌਜਵਾਨ ਨੇ ਆਪਣੇ ਸਾਥੀਆਂ ਅਤੇ ਨਾਮੀ ਬਦਮਾਸ਼ਾਂ ਨੂੰ ਹਥਿਆਰਾਂ ਸਮੇਤ ਮੌਕੇ 'ਤੇ ਬੁਲਾ ਕੇ ਪੀੜਤ, ਉਸਦੇ ਪਿਤਾ, ਚਾਚਾ ਅਤੇ ਮਾਤਾ 'ਤੇ ਸਿੱਧੀਆਂ ਗੋਲੀਆਂ ਚਲਾ ਦਿੱਤੀਆਂ। ਖੁਸ਼ਕਿਸਮਤੀ ਰਹੀ ਕਿ ਇਸ ਜਾਨਲੇਵਾ ਹਮਲੇ ਵਿੱਚ ਪਰਿਵਾਰਕ ਮੈਂਬਰ ਵਾਲ-ਵਾਲ ਬਚ ਗਏ। ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਵਾਰਦਾਤ ਦੇ ਮੁੱਖ ਮਾਸਟਰਮਾਈਂਡ ਸਮੇਤ ਤਿੰਨ ਦੋਸ਼ੀਆਂ ਨੂੰ ਪਿਸਤੌਲ, ਜ਼ਿੰਦਾ ਕਾਰਤੂਸ, ਚੱਲੇ ਹੋਏ ਖੋਲ ਅਤੇ ਵਾਰਦਾਤ ਵਿੱਚ ਵਰਤੀ ਗਈ ਹੌਂਡਾ ਕਾਰ ਸਮੇਤ ਗ੍ਰਿਫਤਾਰ ਕਰ ਲਿਆ ਹੈ। ਪੀੜਤ ਸ਼ਿਕਾਇਤਕਰਤਾ ਗੁਰਿੰਦਰ ਸਿੰਘ ਅਨੁਸਾਰ ਉਸਨੇ ਕਰੀਬ ਛੇ ਮਹੀਨੇ ਪਹਿਲਾਂ ਆਪਣੇ ਦੋਸਤ ਸਾਗਰ ਨੂੰ 10,000 ਰੁਪਏ ਵਿਆਜ 'ਤੇ ਉਧਾਰ ਦਿੱਤੇ ਸਨ। ਪੈਸੇ ਵਾਪਸ ਨਾ ਕਰਨ 'ਤੇ ਹੋਈ ਬਹਿਸ ਤੋਂ ਬਾਅਦ, ਸਾਗਰ ਨੇ ਇੰਸਟਾਗ੍ਰਾਮ 'ਤੇ ਗਾਲ੍ਹਾਂ ਕੱਢੀਆਂ ਅਤੇ ਪੀੜਤ ਨੂੰ ਸਬਕ ਸਿਖਾਉਣ ਲਈ ਆਪਣੇ ਘਰ ਦੇ ਪਿੱਛੇ ਵਾਲੀ ਗਲੀ ਵਿੱਚ ਬੁਲਾਇਆ। ਜਦੋਂ ਗੁਰਿੰਦਰ ਉੱਥੇ ਪਹੁੰਚਿਆ ਤਾਂ ਸਾਗਰ ਨੇ ਉਸਦੇ 5-6 ਸਾਥੀਆਂ ਨੇ ਉਸ ਨਾਲ ਕੁੱਟਮਾਰ ਸ਼ੁਰੂ ਕਰ ਦਿੱਤੀ। ਜਦੋਂ ਪੀੜਤ ਨੇ ਆਪਣੇ ਪਰਿਵਾਰ ਨੂੰ ਮੌਕੇ 'ਤੇ ਬੁਲਾਇਆ ਤਾਂ ਦੋਸ਼ੀ ਸਾਗਰ ਨੇ ਆਪਣੇ ਸਾਥੀ ਬਦਮਾਸ਼ ਨਿਖਿਲ ਸ਼ਰਮਾ ਨੂੰ ਹਥਿਆਰਾਂ ਸਮੇਤ ਬੁਲਾ ਲਿਆ, ਜਿਸਨੇ ਆਉਂਦੇ ਹੀ ਪਰਿਵਾਰ 'ਤੇ ਤਾਬੜਤੋੜ ਗੋਲੀਆਂ ਚਲਾ ਦਿੱਤੀਆਂ। ਸੂਚਨਾ ਮਿਲਦੇ ਹੀ ਥਾਣਾ ਸਾਹਨੇਵਾਲ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜਾਨਲੇਵਾ ਹਮਲੇ ਤੇ ਆਰਮਜ਼ ਐਕਟ ਦੀਆਂ ਸੰਗੀਨ ਧਾਰਾਵਾਂ ਤਹਿਤ ਕੇਸ ਦਰਜ ਕੀਤਾ। ਪੁਲਸ ਨੇ ਤਿੰਨ ਮੁੱਖ ਮੁਲਜ਼ਮਾਂ ਨਿਖਿਲ ਸ਼ਰਮਾ, ਵਿਸ਼ਾਲ ਰਾਣਾ ਉਰਫ਼ ਮਨੀ ਅਤੇ ਸਾਗਰ ਵਰਮਾ ਨੂੰ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਦੇ ਕਬਜ਼ੇ ਵਿਚੋਂ 01 ਪਿਸਤੌਲ, 3 ਚੱਲੇ ਹੋਏ ਕਾਰਤੂਸਾਂ ਦੇ ਖੋਲ ਤੇ ਵਾਰਦਾਤ ਵਿਚ ਵਰਤੀ ਗਈ ਲਾਲ ਰੰਗ ਦੀ ਹੌਂਡਾ ਕਾਰ ਬਰਾਮਦ ਕੀਤੀ ਗਈ ਹੈ। ਪੁਲਸ ਅਧਿਕਾਰੀਆਂ ਅਨੁਸਾਰ ਵਾਰਦਾਤ ਵਿਚ ਸ਼ਾਮਲ ਹੋਰ 7-8 ਅਣਪਛਾਤੇ ਹਮਲਾਵਰਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਪੁਲਸ ਟੀਮ 'ਤੇ ਹਮਲਾ ਕਰਨ ਵਾਲੇ ਪੰਜ ਮੁਲਜ਼ਮ ਗ੍ਰਿਫ਼ਤਾਰ

ਮੋਗਾ 2 ਜੁਲਾਈ। ਮੋਗਾ ਦੇ ਕੋਟਕਪੂਰਾ ਬਾਈਪਾਸ ਨੇੜੇ ਕੈਂਬਰਿਜ ਸਕੂਲ ਦੇ ਪਿਛਲੇ ਪਾਸੇ ਦੇਰ ਰਾਤ ਡੀਜੇ ਬੰਦ ਕਰਵਾਉਣ ਗਈ ਪੁਲਸ ਟੀਮ 'ਤੇ ਕੁਝ ਵਿਅਕਤੀਆਂ ਵੱਲੋਂ ਇੱਟਾਂ ਅਤੇ ਪੱਥਰਾਂ ਨਾਲ ਹਮਲਾ ਕਰ ਦਿੱਤਾ ਗਿਆ। ਇਸ ਹਮਲੇ ਵਿਚ ਪੰਜਾਬ ਪੁਲਸ ਦੇ ਏਐੱਸਆਈ ਸੂਬਾ ਸਿੰਘ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਮੋਗਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਜਾਣਕਾਰੀ ਅਨੁਸਾਰ 28 ਅਤੇ 29 ਜੂਨ ਦੀ ਦਰਮਿਆਨੀ ਰਾਤ ਕਰੀਬ 1 ਵਜੇ 112 ਹੈਲਪਲਾਈਨ 'ਤੇ ਗੁਆਂਢੀਆਂ ਵੱਲੋਂ ਸ਼ਿਕਾਇਤ ਕੀਤੀ ਗਈ ਕਿ ਇਕ ਘਰ ਵਿੱਚ ਉੱਚੀ ਆਵਾਜ਼ ਵਿਚ ਡੀਜੇ ਚਲਾਇਆ ਜਾ ਰਿਹਾ ਹੈ ਅਤੇ ਕੁਝ ਲੋਕ ਸ਼ਰਾਬ ਦੇ ਨਸ਼ੇ ਵਿਚ ਹੰਗਾਮਾ ਕਰ ਰਹੇ ਹਨ। ਸ਼ਿਕਾਇਤ ਮਿਲਣ 'ਤੇ ਪੁਲਸ ਮੁਲਾਜ਼ਮ ਗੁਰਭੇਜ ਸਿੰਘ ਅਤੇ ਏਐੱਸਆਈ ਸੂਬਾ ਸਿੰਘ ਮੌਕੇ 'ਤੇ ਪਹੁੰਚੇ ਅਤੇ ਡੀਜੇ ਬੰਦ ਕਰਨ ਲਈ ਕਿਹਾ। ਇਸ ਦੌਰਾਨ ਉੱਥੇ ਮੌਜੂਦ ਵਿਅਕਤੀਆਂ ਨੇ ਪੁਲਸ ਦੀ ਕਾਰਵਾਈ ਦਾ ਵਿਰੋਧ ਕਰਦਿਆਂ ਪੁਲਸ ਟੀਮ ਨੂੰ ਘੇਰ ਲਿਆ ਅਤੇ ਇੱਟਾਂ-ਪੱਥਰਾਂ ਨਾਲ ਹਮਲਾ ਕਰ ਦਿੱਤਾ। ਹਮਲੇ ਦੌਰਾਨ ਏਐੱਸਆਈ ਸੂਬਾ ਸਿੰਘ ਨੂੰ ਕਈ ਸੱਟਾਂ ਲੱਗੀਆਂ। ਰੌਲਾ ਪੈਣ 'ਤੇ ਆਸ-ਪਾਸ ਦੇ ਲੋਕ ਇਕੱਠੇ ਹੋ ਗਏ, ਜਿਸ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ। ਥਾਣਾ ਸਿਟੀ ਸਾਊਥ ਮੋਗਾ ਪੁਲਸ ਨੇ ਇਸ ਮਾਮਲੇ ਵਿਚ ਕਤਲ ਦੀ ਕੋਸ਼ਿਸ਼, ਸਰਕਾਰੀ ਡਿਊਟੀ ਵਿਚ ਰੁਕਾਵਟ ਪਾਉਣ ਅਤੇ ਪੁਲਸ ਮੁਲਾਜ਼ਮ 'ਤੇ ਹਮਲਾ ਕਰਨ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਪੁਲਸ ਨੇ ਕਾਰਵਾਈ ਕਰਦੇ ਹੋਏ ਪੰਜ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਵਿਚ ਨਿਰੰਜਨ ਸਿੰਘ, ਹਰਤੇਜ, ਰਾਕੇਸ਼ ਕੁਮਾਰ, ਮੋਨੂ ਯਾਦਵ ਅਤੇ ਮਨੀ ਕੁਮਾਰ ਸ਼ਾਮਲ ਹਨ, ਜਦਕਿ ਬਾਕੀ ਮੁਲਜ਼ਮਾਂ ਦੀ ਭਾਲ ਜਾਰੀ ਹੈ। ਡੀਐੱਸਪੀ ਸਿਟੀ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਬਾਕੀ ਫਰਾਰ ਮੁਲਜ਼ਮਾਂ ਨੂੰ ਵੀ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

# ਵੱਡੀ ਵਾਰਦਾਤ ਨਾਲ ਕੰਬ ਉੱਠਿਆ ਪੰਜਾਬ, ਮਾਂ ਨੇ ਕੁੱਖੋਂ ਜੰਮੇ ਤਿੰਨ ਜਵਾਕਾਂ ਨਾਲ ਜੋ ਕੀਤਾ ਸੁਣ ਦਹਿਲ ਜਾਵੇ ਦਿਲ

**ਕੌਮੀ ਪਤ੍ਰਿਕਾ**

ਰੂਪਨਗਰ/ਐੱਸ. ਏ. ਐੱਸ. ਨਗਰ 2 ਜੁਲਾਈ। ਰੂਪਨਗਰ ਤੋਂ ਇਕ ਦਿਲ ਦਹਿਲਾ ਦੇਣ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ ਤਿੰਨ ਬੱਚਿਆਂ ਦੀ ਮਾਂ ਵੱਲੋਂ ਆਪਣੇ ਤਿੰਨੋ ਮਾਸੂਮ ਬੱਚਿਆਂ ਨੂੰ ਕਥਿਤ ਤੌਰ 'ਤੇ ਰੋਪੜ ਨਹਿਰ ਵਿਚ ਸੁੱਟ ਦਿੱਤਾ ਗਿਆ। ਇਨ੍ਹਾਂ ਜਵਾਕਾਂ ਦੀ ਉਮਰ 4, 7 ਅਤੇ 10 ਸਾਲ ਸੀ। ਇਨ੍ਹਾਂ ਵਿਚੋਂ ਦੋ ਬੱਚਿਆਂ ਦੀ ਲਾਸ਼ ਬਰਾਮਦ ਕਰ ਲਈ ਗਈ ਹੈ, ਜਦਕਿ ਤੀਜੇ ਬੱਚੇ ਦੀ ਭਾਲ ਜਾਰੀ ਹੈ। ਫ਼ਲਹਾਲ ਬੱਚਿਆਂ ਦੀ ਮਾਂ ਇਸ ਵੇਲੇ ਕਿੱਥੇ ਹੈ, ਇਸ ਬਾਰੇ ਕੁਝ ਪਤਾ ਨਹੀਂ ਲੱਗ ਸਕਿਆ। ਮਾਮਲੇ ਨੇ ਉਸ ਵੇਲੇ ਹੋਰ ਵੀ ਗੰਭੀਰ ਰੂਪ ਧਾਰ ਲਿਆ ਜਦੋਂ ਮ੍ਰਿਤਕ ਬੱਚਿਆਂ ਦੀ ਮਾਂ ਸ਼ਕੁੰਤਲਾ ਉਰਫ਼ ਸੁਮਨ ਦੇ ਸੱਸ-ਸਹੁਰੇ ਨੇ ਦੋਸ਼ ਲਗਾਇਆ ਕਿ ਸੁਮਨ ਪਹਿਲਾਂ ਤੋਂ ਹੀ ਬੱਚਿਆਂ ਨੂੰ ਮਾਰਨਾ ਚਾਹੁੰਦੀ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਕਰੀਬ 10 ਮਹੀਨੇ ਪਹਿਲਾਂ ਸ਼ਕੁੰਤਲਾ ਦੇ ਪਤੀ ਕਮਲ ਨੇ ਵੀ ਖੁਦਕੁਸ਼ੀ ਕਰ ਲਈ ਸੀ, ਜਿਸ ਤੋਂ ਬਾਅਦ ਪਰਿਵਾਰ ਮੁਸ਼ਕਲ ਦੌਰ ਵਿੱਚੋਂ ਲੰਘ ਰਿਹਾ ਸੀ। ਸੱਸ-ਸਹੁਰੇ ਨੇ ਦੋਸ਼ ਲਗਾਇਆ ਕਿ ਸ਼ਕੁੰਤਲਾ ਦਾ ਵਿਵਹਾਰ ਕਾਫ਼ੀ ਸਮੇਂ ਤੋਂ ਸ਼ੱਕੀ ਸੀ ਅਤੇ ਉਹ ਬੱਚਿਆਂ ਨੂੰ ਨੁਕਸਾਨ ਪਹੁੰਚਾਉਣ ਦੀਆਂ ਗੱਲਾਂ ਕਰਦੀ ਰਹਿੰਦੀ ਸੀ। ਦੂਜੇ ਪਾਸੇ, ਮੁਹੱਲੇ ਦੇ ਲੋਕਾਂ ਅਤੇ ਕੁਝ ਪਰਿਵਾਰਕ ਜਾਣਕਾਰਾਂ ਦਾ ਕਹਿਣਾ ਹੈ ਕਿ ਉਹ ਇਸ ਗੱਲ 'ਤੇ ਯਕੀਨ ਨਹੀਂ ਕਰਦੇ ਕਿ ਸ਼ਕੁੰਤਲਾ ਨੇ ਖੁਦ ਵੀ ਨਹਿਰ ਵਿਚ ਛਾਲ ਮਾਰੀ ਹੋਵੇਗੀ। ਉਨ੍ਹਾਂ ਦਾ ਮੰਨਣਾ ਹੈ ਕਿ ਇਸ ਮਾਮਲੇ ਦੀ ਹਰ ਪੱਖ ਤੋਂ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਅਸਲ ਸੱਚ ਸਾਹਮਣੇ ਆ ਸਕੇ। ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਘਟਨਾ ਨਾਲ ਜੁੜੇ ਸਾਰੇ ਤੱਥਾਂ ਦੀ ਪੜਤਾਲ ਕੀਤੀ ਜਾ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਤੋਂ ਬਾਅਦ ਹੀ ਘਟਨਾ ਦੇ ਅਸਲ ਕਾਰਨਾਂ ਬਾਰੇ ਸਪੱਸ਼ਟ ਤਸਵੀਰ ਸਾਹਮਣੇ ਆ ਸਕੇਗੀ। ਇਸ ਮਾਮਲੇ ਸਬੰਧੀ ਡੀ.ਐਸਪੀ ਸਿਟੀ-1 ਗੁਰਚਰਨ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਬੀਤੇ ਦਿਨੀ ਇਸ ਘਟਨਾ ਬਾਰੇ ਸੂਚਨਾ ਮਿਲੀ ਹੈ ਅਤੇ ਸ਼ੁਰੂਆਤੀ ਜਾਂਚ ਉਪਰੰਤ ਪੁਲਸ ਪਾਰਟੀ ਨੂੰ ਰੋਪੜ ਵਿਖੇ ਭੇਜ ਦਿੱਤਾ ਗਿਆ ਹੈ, ਜਿੱਥੋਂ ਦੋ ਬੱਚਿਆਂ ਦੀਆਂ ਲਾਸ਼ਾਂ ਬਰਾਮਦ ਹੋ ਚੁੱਕੀਆਂ ਹਨ ਅਤੇ ਤੀਜੇ ਦੀ ਭਾਲ ਜਾਰੀ ਹੈ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਲੱਖਾਂ ਰੁਪਏ ਦੀ ਹੈਰੋਇਨ ਸਣੇ 4 ਮੁਲਜ਼ਮ ਗ੍ਰਿਫ਼ਤਾਰ

ਫਿਰੋਜ਼ਪੁਰ 2 ਜੁਲਾਈ। ਵੱਖ-ਵੱਖ ਥਾਵਾਂ ਦੀ ਪੁਲਸ ਨੇ ਹੈਰੋਇਨ ਸਮੇਤ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਥਾਣਾ ਫਿਰੋਜ਼ਪੁਰ ਕੈਂਟ ਦੇ ਏ. ਐੱਸ. ਆਈ. ਜਸਬੀਰ ਸਿੰਘ ਨੇ ਦੱਸਿਆ ਕਿ ਗਸ਼ਤ ਦੇ ਦੌਰਾਨ ਉਨ੍ਹਾਂ ਨੇ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਧੋਬੀ ਘਾਟ ਰੋਡ 'ਤੇ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਇਸ ਸੂਚਨਾ ਦੇ ਆਧਾਰ 'ਤੇ ਉਨ੍ਹਾਂ ਨੇ ਮੁਲਜ਼ਮ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਸ ਤੋਂ ਤਲਾਸ਼ੀ ਦੇਣ 'ਤੇ 04.10 ਗ੍ਰਾਮ ਹੈਰੋਇਨ ਬਰਾਮਦ ਹੋਈ। ਉੱਥੇ ਹੀ ਥਾਣਾ ਤਲਵੰਡੀ ਭਾਈ ਦੇ ਏ. ਐੱਸ. ਆਈ. ਸੁਦੇਸ਼ ਕੁਮਾਰ ਨੇ ਦੱਸਿਆ ਕਿ ਗਸ਼ਤ ਦੇ ਦੌਰਾਨ ਉਨ੍ਹਾਂ ਦੀ ਪੁਲਸ ਪਾਰਟੀ ਵੱਲੋਂ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਹਰਾਜ ਰੋਡ 'ਤੇ ਟ?ਰੀਟਮੈਂਟ ਪਲਾਂਟ ਦੇ ਨੇੜੇ ਹੈਰੋਇਨ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਮੁਲਜ਼ਮ ਬਲਵਿੰਦਰ ਪੁੱਤਰ ਗਿਆਨ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ਤੋਂ ਤਲਾਸ਼ੀ ਲੈਣ 'ਤੇ 5 ਗ੍ਰਾਮ ਹੈਰੋਇਨ ਬਰਾਮਦ ਹੋਈ। ਫੜ੍ਹੇ ਗਏ ਮੁਲਜ਼ਮਾਂ ਦੇ ਖ਼?ਲਾਫ਼ ਥਾਣਾ ਫਿਰੋਜ਼ਪੁਰ ਕੈਂਟ ਅਤੇ ਥਾਣਾ ਤਲਵੰਡੀ ਭਾਈ 'ਚ ਮਾਮਲੇ ਦਰਜ ਕੀਤੇ ਗਏ ਹਨ

# ਪਟਿਆਲਾ ਵਿਖੇ ਰਸਤੇ 'ਚ ਘੇਰ ਨੌਜਵਾਨ ਦਾ ਬੇਰਹਿਮੀ ਨਾਲ ਕੀਤਾ ਕਤਲ

ਪਟਿਆਲਾ 2 ਜੁਲਾਈ। ਪਟਿਆਲਾ ਸ਼ਹਿਰ ਦੇ 22 ਨੰਬਰ ਫਾਟਕ 'ਤੇ ਬੀਤੀ ਰਾਤ ਮਾਮੂਲੀ ਰੰਜਿਸ਼ ਕਾਰਨ ਨੌਜਵਾਨ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ



ਕਰ ਦਿੱਤਾ ਗਿਆ। ਮ੍ਰਿਤਕ ਦੀ ਪਛਾਣ ਮਯੰਕ (17) ਨਿਵਾਸੀ ਨੂਰਗਪੁਰ, ਬਿਜਨੌਰ (ਉੱਤਰ ਪ੍ਰਦੇਸ਼) ਵਜੋਂ ਹੋਈ ਹੈ। ਉਹ ਆਪਣੇ ਭਰਾ ਗੋਲੂ ਸਮੇਤ ਜੱਗੀ ਸਵੀਟਸ 'ਤੇ ਕੰਮ ਕਰਦਾ ਸੀ। ਪੁਲਸ ਨੇ ਇਸ ਮਾਮਲੇ ਵਿਚ ਮਯੰਕ ਦੇ ਪਿਤਾ ਰਜਿੰਦਰ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ 9 ਵਿਅਕਤੀਆਂ ਦੇ ਖ਼?ਲਾਫ਼ ਕੇਸ ਦਰਜ ਕੀਤਾ ਹੈ, ਜਿਨ੍ਹਾਂ ਵਿਚ ਕੁਝ ਅਣਪਛਾਤੇ ਵਿਅਕਤੀ ਵੀ ਸ਼ਾਮਲ ਹਨ। ਉਨ੍ਹਾਂ ਵਿਚੋਂ ਕੁਝ ਨੂੰ ਰਾਊਂਡਅਪ ਵੀ ਕਰ ਲਿਆ ਗਿਆ ਹੈ। ਜਾਣਕਾਰੀ ਮੁਤਾਬਕ ਹਮਲਾ ਕਰਨ ਵਾਲਾ ਵੀ ਉਸੀ ਥਾਂ 'ਤੇ ਕੰਮ ਕਰਦਾ ਸੀ ਅਤੇ ਉੱਥੇ ਕਿਸੇ ਗੱਲ ਨੂੰ ਲੈ ਕੇ ਰੰਜਿਸ਼ ਹੋ ਗਈ ਸੀ। ਜਦੋਂ ਬੀਤੀ ਰਾਤ ਮਯੰਕ ਆਪਣੇ ਭਰਾ ਗੋਲੂ ਨਾਲ ਆਪਣੇ ਅਜੀਤ ਨਗਰ ਦੇ ਕਿਰਾਏ ਦੇ ਮਕਾਨ ਵਿਚ ਜਾ ਰਿਹਾ ਸੀ ਤਾਂ ਉਸ ਨੂੰ ਮੋਟਰਸਾਈਕਲਾਂ 'ਤੇ ਆਏ ਵਿਅਕਤੀਆਂ ਨੇ ਤਲਵਾਰਾਂ ਅਤੇ ਲਾਠੀਆਂ ਨਾਲ ਘੇਰ ਕੇ ਉਸ 'ਤੇ ਹਮਲਾ ਕਰ ਦਿੱਤਾ ਅਤੇ ਆਉਂਦੇ ਹੀ ਕੁੱਟਮਾਰ ਸ਼ੁਰੂ ਕਰ ਦਿੱਤੀ। ਆਪਣੀ ਜਾਨ ਬਚਾਉਣ ਲਈ ਉਹ ਇਕ ਦੁਕਾਨ ਵਿਚ ਲੁਕਿਆ, ਜਿੱਥੋਂ ਬਾਹਰ ਕੱਢ ਕੇ ਮਯੰਕ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਗਿਆ। ਜਿਸ ਕਾਰਨ ਉਹ ਲਹੂ-ਲੁਹਾਨ ਹੋ ਕੇ ਡਿੱਗ ਪਿਆ ਅਤੇ ਉਸ ਦੀ ਮੌਤ ਹੋ ਗਈ। ਮਯੰਕ ਦੇ ਭਰਾ ਗੋਲੂ ਨੇ ਵੀ ਉਸ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਪਰ ਉਹ ਸਫ਼ਲ ਨਹੀਂ ਹੋ ਸਕਿਆ ਅਤੇ ਹਮਲਾਵਰਾਂ ਨੇ ਉਸ ਦੀ ਵੀ ਕੁੱਟਮਾਰ ਕੀਤੀ। ਫਿਲਹਾਲ ਪੁਲਸ ਨੇ ਕੇਸ ਦਰਜ ਕਰਕੇ ਅੱਗੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਦਾ ਕੁਝ ਹਿੱਸਾ ਸੀ. ਸੀ. ਟੀ. ਵੀ. ਕੈਮਰੇ ਵਿਚ ਵੀ ਕੈਦ ਹੋ ਗਿਆ ਹੈ।

## 250 ਗ੍ਰਾਮ ਅਫ਼ੀਮ ਸਮੇਤ ਨਾਬਾਲਗ ਲੜਕਾ ਗ੍ਰਿਫ਼ਤਾਰ

ਮਲੋਟ/ਗਿੱਦੜਬਾਹਾ 2 ਜੁਲਾਈ। ਗਿੱਦੜਬਾਹਾ ਪੁਲਸ ਨੂੰ ਉਸ ਵੇਲੇ ਸਫ਼ਲਤਾ ਮਿਲੀ ਜਦੋਂ ਐੱਸ. ਐੱਚ. ਓ. ਗਿੱਦੜਬਾਹਾ ਪਰਵਿੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਟੀਮ ਨੇ ਇਕ ਲੜਕੇ ਪਾਸੋਂ ਅਫ਼ੀਮ ਬਰਾਮਦ ਕੀਤੀ। ਇਸ ਸਬੰਧੀ ਐੱਸ. ਐੱਚ. ਓ. ਗਿੱਦੜਬਾਹਾ ਪਰਵਿੰਦਰ ਸਿੰਘ ਨੇ ਦੱਸਿਆ




ਕਿ ਏ. ਐੱਸ. ਆਈ. ਵੈਦ ਪ੍ਰਕਾਸ਼ ਸਮੇਤ ਗਸ਼ਤ ਅਤੇ ਚੈਕਿੰਗ ਸ਼ੱਕੀ ਪੁਰਸ਼ਾਂ ਦੀ ਤਲਾਸ਼ ਤਹਿਤ ਪੁਲਸ ਟੀਮ ਨੇ ਹੁਸਨਰ ਰੋਡ ਕਪਾਹ ਮੰਡੀ ਕੋਲ ਇਕ ਲੜਕੇ ਨੂੰ ਸ਼ੱਕੀ ਹਾਲਤ ਵਿਚ ਵੇਖਿਆ। ਜਦੋਂ ਪੁਲਸ ਨੇ ਇਕ ਲੜਕੇ ਨੂੰ ਸ਼ੱਕੀ ਹਾਲਤ ਵਿਚ ਵੇਖਿਆ। ਜਦੋਂ ਪੁਲਸ ਨੇ ਉਕਤ ਲੜਕੇ ਦਾ ਨਾਂ ਪਤਾ ਪੁੱਛਿਆਂ ਤਾਂ ਉਹ ਨੇੜਲੇ ਪਿੰਡ ਹੁਸਨਰ ਦਾ ਰਹਿਣ ਵਾਲਾ ਸੀ। ਪੁਲਸ ਟੀਮ ਨੇ ਤਲਾਸ਼ੀ ਲਈ ਤਾਂ ਉਸ ਦੇ ਬੈਗ 'ਚੋਂ 250 ਗ੍ਰਾਮ ਅਫ਼ੀਮ ਬਰਾਮਦ ਕੀਤੀ। ਪੁਲਸ ਨੇ ਮੁਲਜ਼ਮ ਨੂੰ ਹਿਰਾਸਤ ਵਿਚ ਲੈ ਕੇ ਉਸ ਦੇ ਵਿਰੁੱਧ ਗਿੱਦੜਬਾਹਾ ਵਿਖੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਦੱਸਿਆ ਕਿ ਮੁਲਜ਼ਮ ਜੁਵੇਨਾਈਲ ਹੋਣ ਕਰਕੇ ਪੁਲਸ ਵੱਲੋਂ ਅਦਾਲਤ ਵਿਚ ਪੇਸ਼ ਕਰਕੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

## ਅਣਪਛਾਤੇ ਵ੍ਹੀਕਲ ਦੀ ਲਪੇਟ 'ਚ ਆਉਣ ਕਾਰਨ ਔਰਤ ਸਮੇਤ ਦੋ ਲੋਕ ਜ਼ਖ਼ਮੀ

ਮੋਗਾ 2 ਜੁਲਾਈ। ਮੋਗਾ-ਕੋਟਕਪੂਰਾ 'ਤੇ ਲਾਲ ਸਿੰਘ ਰੋਡ ਦੇ ਕੋਲ ਇਕ ਅਣਪਛਾਤੇ ਵਾਹਨ ਦੀ ਲਪੇਟ ਵਿਚ ਆਉਣ ਕਾਰਨ ਮੋਟਰਸਾਈਕਲ ਸਵਾਰ ਔਰਤ ਸਮੇਤ ਦੋ ਲੋਕ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਸਮਾਜ ਸੇਵਾ ਸੁਸਾਇਟੀ ਦੇ ਸੇਵਾਦਾਰਾਂ ਵੱਲੋਂ ਐਂਬੂਲੈਂਸ ਰਾਹੀਂ ਸਿਵਲ ਹਸਪਤਾਲ ਮੋਗਾ ਦਾਖ਼ਲ ਕਰਵਾਇਆ ਗਿਆ। ਹਾਦਸੇ ਦੀ ਜਾਣਕਾਰੀ




ਮਿਲਣ 'ਤੇ ਉਥੇ ਲੋਕਾਂ ਦਾ ਭਾਰੀ ਇਕੱਠ ਹੋ ਗਿਆ, ਜਿਨ੍ਹਾਂ ਪੁਲਸ ਅਤੇ ਸਮਾਜ ਸੇਵਾ ਸੁਸਾਇਟੀ ਮੋਗਾ ਨੂੰ ਸੂਚਿਤ ਕੀਤਾ। ਮਿਲੀ ਜਾਣਕਾਰੀ ਮੁਤਾਬਕ ਮੋਟਰਸਾਈਕਲ ਸਵਾਰ ਲਵਜੀਤ ਸਿੰਘ 21 ਅਤੇ ਕੁਲਵੰਤ ਕੌਰ 45 ਦੋਵੇਂ ਵਾਸੀ ਪਿੰਡ ਮੌਜਗੜ ਧਰਮਕੋਟ ਆਪਣੇ ਮੋਟਰਸਾਈਕਲ 'ਤੇ ਮੋਗਾ ਤੋਂ ਆਪਣੇ ਪਿੰਡ ਨੂੰ ਦੇਰ ਰਾਤ ਜਾ ਰਹੇ ਸਨ ਤਾਂ ਰਸਤੇ 'ਚ ਅਣਪਛਾਤੇ ਵਾਹਨ ਨੇ ਉਨ੍ਹਾਂ ਨੂੰ ਟੱਕਰ ਮਾਰੀ। ਇਸ ਹਾਦਸੇ ਵਿਚ ਉਹ ਦੋਵੇਂ ਮੋਟਰਸਾਈਕਲ ਤੋਂ ਡਿੱਗ ਪਏ ਅਤੇ ਬੁਰੀ ਤਰ੍ਹਾਂ ਗੰਭੀਰ ਜ਼ਖ਼ਮੀ ਹੋ ਗਏ। ਦੋਹਾਂ ਨੂੰ ਸਿਵਲ ਹਸਪਤਾਲ ਮੋਗਾ ਦਾਖ਼ਲ ਕਰਵਾਇਆ ਗਿਆ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਅਣਪਛਾਤੇ ਵ?ਹੀਕਲ ਦੀ ਤਲਾਸ਼ ਕਰ ਰਹੀ ਹੈ। ਪੁਲਸ ਅਧਿਕਾਰੀਆਂ ਨੇ ਦੱਸਿਆ ਜ਼ਖ਼ਮੀਆਂ ਦੇ ਬਿਆਨਾਂ 'ਤੇ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਪੰਜਾਬ 'ਚ ਗੈਂਗਸਟਰ ਨੈੱਟਵਰਕ ਦਾ ਪਰਦਾਫ਼ਾਸ਼ ! ਵਿਦੇਸ਼ੀ ਹੈਂਡਲਰਾਂ ਦੇ 3 ਗੁਰਗੇ ਹਥਿਆਰਾਂ ਸਣੇ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਜਲੰਧਰ/ਅੰਮ੍ਰਿਤਸਰ 2 ਜੁਲਾਈ। ਪੰਜਾਬ ਵਿਚ ਕ੍ਰਾਈਮ ਅਤੇ ਗੈਂਗਸਟਰ ਨੈੱਟਵਰਕ ਖ਼?ਲਾਫ਼ ਵੱਡੀ ਕਾਰਵਾਈ ਕਰਦੇ ਹੋਏ ਕਾਊਂਟਰ ਇੰਟੈਲੀਜੈਂਸ ਜਲੰਧਰ ਅਤੇ ਐੱਸ. ਐੱਸ. ਓ. ਸੀ ਅੰਮ੍ਰਿਤਸਰ ਨੇ ਕੇਂਜਦਰੀ ਏਜੰਸੀ ਨਾਲ ਮਿਲ ਕੇ ਇਕ ਵੱਡੇ ਗਿਰੋਹ ਦਾ ਪਰਦਾਫ਼ਾਸ਼ ਕੀਤਾ ਹੈ। ਇਹ ਗਿਰੋਹ ਵਿਦੇਸ਼ ਵਿਚ ਬੈਠੇ ਹੈਂਡਲਰਸ ਦੇ ਇਸ਼ਾਰੇ 'ਤੇ ਕੰਮ ਕਰ ਰਿਹਾ ਸੀ। ਇਸ ਦੌਰਾਨ 3 ਸਰਗਰਮ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 03 ਵਿਦੇਸ਼ੀ ਆਧੁਨਿਕ ਪਿਸਤੌਲ ਸਮੇਤ ਐਮੂਨੀਸ਼ਨ ਬਰਾਮਦ ਕੀਤੇ ਗਏ। ਇਸ ਦੀ ਜਾਣਕਾਰੀ ਪੰਜਾਬ ਡੀ.ਜੀ.ਪੀ. ਗੌਰਵ ਯਾਦਵ ਨੇ ਦਿੱਤੀ ਹੈ। ਇਸ ਸਬੰਧੀ ਥਾਣਾ ਐੱਸ. ਐੱਸ. ਓ. ਸੀ, ਅੰਮ੍ਰਿਤਸਰ ਵਿਖੇ ਐੱਫ. ਆਈ. ਆਰ. ਦਰਜ ਕੀਤੀ ਗਈ ਹੈ। ਮੁੱਢਲੀ ਜਾਂਚ ਤੋਂ




ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਵਿਦੇਸ਼ਾਂ 'ਚ ਬੈਠੇ ਉਨ੍ਹਾਂ ਗੈਂਗਸਟਰਾਂ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ, ਜੋ ਪੰਜਾਬ ਵਿੱਚ ਗੈਂਗਵਾਰ, ਫਿਰੌਤੀ ਅਤੇ ਹੋਰ ਦੇਸ਼-ਵਿਰੋਧੀ ਗਤੀਵਿਧੀਆਂ 'ਚ ਸ਼ਾਮਲ ਹਨ। ਉਨ੍ਹਾਂ ਦੇ ਨਿਰਦੇਸ਼ਾਂ 'ਤੇ ਹੀ ਇਹ ਮੁਲਜ਼ਮ ਹਥਿਆਰਾਂ ਦੀ ਖੇਪ ਇੱਧਰ-ਉੱਧਰ ਪਹੁੰਚਾਉਣ ਅਤੇ ਅਪਰਾਧਿਕ ਵਾਰਦਾਤਾਂ ਨੂੰ ਅੰਜਾਮ ਦੇਣ ਦਾ ਕੰਮ ਕਰਦੇ ਸਨ। ਫੜੇ ਗਏ ਮੁਲਜ਼ਮ ਅੰਮ੍ਰਿਤਸਰ ਵਿੱਚ ਹੋਏ ਇਕ ਕਤਲ ਕੇਸ ਅਤੇ ਬਟਾਲਾ 'ਚ ਹੋਏ ਕਤਲ ਦੀ ਕੋਸ਼ਿਸ਼ ਦੇ ਮਾਮਲੇ 'ਚ ਵੀ ਲੋੜੀਂਦੇ ਸਨ। ਪੂਰੇ ਨੈੱਟਵਰਕ ਦਾ ਪਤਾ ਲਗਾਉਣ ਲਈ ਇਨ੍ਹਾਂ ਦੇ ਬਾਕੀ ਸਾਥੀਆਂ ਦੀ ਪਛਾਣ ਕਰਨ, ਪਿਛਲੇ ਅਪਰਾਧਾਂ ਦਾ ਪਰਦਾਫ਼ਾਸ਼ ਕਰਨ ਅਤੇ ਵਿਦੇਸ਼ੀ ਹੈਂਡਲਰਾਂ ਦੇ ਇਸ਼ਾਰੇ 'ਤੇ ਚੱਲ ਰਹੇ ਇਸ ਸੰਗਠਿਤ ਅਪਰਾਧ ਸਿੰਡੀਕੇਟ ਨੂੰ ਖ਼ਤਮ ਕਰਨ ਲਈ ਹੋਰ ਜਾਂਚ ਜਾਰੀ ਹੈ। ਪੰਜਾਬ 'ਚ ਅਮਨ-ਕਾਨੂੰਨ, ਸ਼ਾਂਤੀ ਅਤੇ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਪੰਜਾਬ ਪੁਲਿਸ ਸੰਗਠਿਤ ਅਪਰਾਧ, ਗੈਂਗਸਟਰ ਨੈੱਟਵਰਕ ਅਤੇ ਸਮਾਜ ਵਿਰੋਧੀ ਅਨਸਰਾਂ ਖ਼?ਲਾਫ਼ ਸਖ਼ਤ ਅਤੇ ਨਿਰਣਾਇਕ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਪੰਜਾਬ ਦੇ ਮੌਸਮ ਨਾਲ ਜੁੜੀ ਵੱਡੀ ਅਪਡੇਟ, ਭਲਕੇ ਤੋਂ 4 ਜੁਲਾਈ ਤੱਕ ਨੂੰ ਇਨ੍ਹਾਂ ਜ਼ਿਲ੍ਹਿਆਂ 'ਚ ਮੀਂਹ-ਹਨੇਰੀ ਦਾ ਅਲਰਟ

ਜਲੰਧਰ 2 ਜੁਲਾਈ। ਪੰਜਾਬ ਦੇ ਮੌਸਮ 'ਚ ਲਗਾਤਾਰ ਕੁਝ ਦਿਨਾਂ ਤੋਂ ਤਬਦੀਲੀਆਂ ਦੇਖਣ ਨੂੰ ਮਿਲ ਰਹੀਆਂ ਹਨ। ਇਸੇ ਵਿਚਾਲੇ ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਨੂੰ ਲੈ ਕੇ ਮੀਂਹ ਦੇ ਆਸਾਰ ਦੱਸੇ ਹਨ। ਅੱਜ ਸੂਬੇ ਦੇ ਕਈ ਇਲਾਕਿਆਂ 'ਚ ਮੌਸਮ ਸੁਹਾਵਣਾ ਹੋ ਗਿਆ ਹੈ। ਤੇਜ਼ ਗਰਮੀ ਤੋਂ ਪ੍ਰੇਸ਼ਾਨ ਲੋਕਾਂ ਨੂੰ ਠੰਡੀਆਂ ਹਵਾਵਾਂ ਨਾਲ ਤੁਰੰਤ ਰਾਹਤ ਮਿਲੀ ਹੈ। ਮੌਸਮ ਵਿਭਾਗ ਮੁਤਾਬਕ ਅਗਲੇ 24 ਘੰਟੇ ਮੌਸਮ ਬਦਲਣ ਦੀ ਸੰਭਾਵਨਾ ਜਤਾਈ ਹੈ। ਵਿਭਾਗ ਨੇ 2 ਜੁਲਾਈ ਤੋਂ 4 ਜੁਲਾਈ ਤੱਕ ਮੌਸਮ ਦੀ ਭਵਿੱਖਬਾਣੀ ਕੀਤੀ ਗਈ ਹੈ। ਸੂਬੇ ਦੇ ਜ਼ਿਆਦਾਤਰ ਜ਼ਿਲ੍ਹਿਆਂ 'ਚ ਮੌਸਮ ਖਰਾਬ ਰਹਿਣ ਦੀ ਸੰਭਾਵਨਾ ਹੈ। ਇਸ ਦੌਰਾਨ ਉੱਤਰੀ ਅਤੇ ਪੂਰਬੀ ਪੰਜਾਬ ਦੇ ਜ਼ਿਆਦਾਤਰ ਜ਼ਿਲ੍ਹਿਆਂ ਲਈ 'ਯੈਲੋ ਅਲਰਟ' ਜਾਰੀ ਕੀਤਾ ਗਿਆ ਹੈ। ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਨਵਾਂਸ਼ਹਿਰ, ਰੂਪਨਗਰ, ਲੁਧਿਆਣਾ, ਮੋਗਾ, ਬਰਨਾਲਾ, ਸੰਗਰੂਰ, ਪਟਿਆਲਾ, ਫਤਿਹਗੜ੍ਹ ਸਾਹਿਬ ਅਤੇ ਐਸਏਐਸ ਨਗਰ 'ਚ 40-50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ, ਬਿਜਲੀ ਲਿਸ਼ਕਣ ਅਤੇ ਕਈ ਥਾਵਾਂ 'ਤੇ ਭਾਰੀ ਮੀਂਹ ਪੈਣ ਦੀ ਸੰਭਾਵਨਾ ਹੈ।

# 20,000 ਰਿਸ਼ਵਤ ਲੈਂਦੀ ਮਹਿਲਾ ਸਬ ਇੰਸਪੈਕਟਰ ਅਮਨਦੀਪ ਕੌਰ ਕਾਬੂ

ਫਿਲੌਰ 2 ਜੁਲਾਈ। ਪੰਜਾਬ ਵਿਜੀਲੈਂਸ ਵਿਭਾਗ ਦੀ ਟੀਮ ਨੇ ਅੱਜ ਫਿਲੌਰ ਪੁਲਸ ਥਾਣੇ ਵਿਚ ਤਾਇਨਾਤ ਮਹਿਲਾ ਸਬ-ਇੰਸਪੈਕਟਰ (ਐੱਸ.ਆਈ.) ਅਮਨਦੀਪ ਕੌਰ ਨੂੰ 20 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਮਹਿਲਾ ਅਧਿਕਾਰੀ ਦੀ ਗ੍ਰਿਫ਼ਤਾਰੀ ਫਿਲੌਰ ਥਾਣੇ ਦੇ ਅੰਦਰ ਉਸ ਦੇ ਦਫ਼ਤਰ ਵਿਚ ਹੀ ਕੀਤੀ ਗਈ ਹੈ। ਸੂਤਰਾਂ ਅਨੁਸਾਰ, ਖੇਡ ਕੋਟੇ ਤਹਿਤ ਭਰਤੀ ਹੋਈ ਐੱਸ.ਆਈ. ਅਮਨਦੀਪ ਕੌਰ ਨੇ ਕੁਝ ਦਿਨ ਪਹਿਲਾਂ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਭਗੌੜੇ ਚੱਲ ਰਹੇ ਹੈਪੀ ਨਾਮਕ ਨੌਜਵਾਨ ਨੂੰ 100 ਤੋਂ ਵੱਧ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕੀਤਾ ਸੀ। ਗ੍ਰਿਫ਼ਤਾਰੀ ਸਮੇਂ ਹੈਪੀ ਕੋਲ ਇੱਕ ਮੋਟਰਸਾਈਕਲ ਅਤੇ ਮੋਬਾਈਲ ਫੋਨ ਸੀ। ਹੈਪੀ ਦੀ ਮਾਤਾ ਰਾਜ ਰਾਣੀ ਨੇ ਜਦੋਂ ਆਪਣੇ ਬੇਟੇ ਦਾ ਮੋਟਰਸਾਈਕਲ ਅਤੇ ਫੋਨ ਵਾਪਿਸ ਮੰਗਿਆ ਤਾਂ ਐੱਸ.ਆਈ. ਨੇ ਇਸ ਦੇ ਬਦਲੇ ਅਤੇ ਬੇਟੇ ਦੀ ਜਲਦੀ ਜ਼ਮਾਨਤ ਕਰਵਾਉਣ ਵਿਚ ਮਦਦ ਕਰਨ ਲਈ ਰਿਸ਼ਵਤ ਦੀ ਮੰਗ ਕੀਤੀ। ਮਹਿਲਾ ਐੱਸ.ਆਈ. ਨੇ ਪਹਿਲਾਂ 25 ਹਜ਼ਾਰ ਰੁਪਏ ਦੀ ਮੰਗ ਕੀਤੀ ਸੀ, ਪਰ ਬਾਅਦ ਵਿੱਚ ਸੌਦਾ 20 ਹਜ਼ਾਰ ਰੁਪਏ ਵਿੱਚ ਤੈਅ ਹੋਇਆ। ਰਾਜ ਰਾਣੀ ਨੇ ਦੱਸਿਆ ਕਿ ਮਹਿਲਾ ਅਧਿਕਾਰੀ ਰਿਸ਼ਵਤ ਦੇ ਪੈਸਿਆਂ ਲਈ ਉਸ ਨੂੰ ਵਾਰ-ਵਾਰ ਫੋਨ ਕਰਕੇ ਤੰਗ ਕਰ ਰਹੀ ਸੀ, ਜਿਸ ਤੋਂ ਦੁਖੀ ਹੋ ਕੇ ਉਸ ਨੇ ਵਿਜੀਲੈਂਸ ਵਿਭਾਗ ਕੋਲ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ ਮਿਲਣ ਤੋਂ ਬਾਅਦ ਡੀ.ਐੱਸ.ਪੀ. ਅਸ਼ੋਕ ਕੁਮਾਰ ਦੀ ਅਗਵਾਈ ਹੇਠ ਵਿਜੀਲੈਂਸ ਦੀ ਟੀਮ ਨੇ ਫਿਲੌਰ ਥਾਣੇ ਦੇ ਬਾਹਰ ਜਾਲ ਵਿਛਾਇਆ। ਜਿਵੇਂ ਹੀ ਰਾਜ ਰਾਣੀ ਨੇ ਥਾਣੇ ਦੇ ਅੰਦਰ ਜਾ ਕੇ ਮਹਿਲਾ ਐੱਸ.ਆਈ. ਨੂੰ 20 ਹਜ਼ਾਰ ਰੁਪਏ ਫੜਾਏ, ਵਿਜੀਲੈਂਸ ਦੀ ਟੀਮ ਨੇ ਉਸ ਨੂੰ ਮੌਕੇ 'ਤੇ ਹੀ ਦਬੋਚ ਲਿਆ।

# ਗ੍ਰਿਫ਼ਤਾਰ ਕਰਨ ਗਈ ਪੁਲਸ ਟੀਮ 'ਤੇ ਬਦਮਾਸ਼ ਨੇ ਕਰ'ਤੀ ਫਾਇਰਿੰਗ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 2 ਜੁਲਾਈ। ਹਰਿਆਣਾ ਦੇ ਸੋਨੀਪਤ ਤੋਂ ਇਕ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਪੁਲਸ ਅਤੇ ਇਕ ਬਦਮਾਸ਼ ਵਿਚਾਲੇ ਐਨਕਾਊਂਟਰ ਹੋਇਆ ਹੈ, ਜਿਸ 'ਚ ਇੱਕ ਨਾਮੀ ਬਦਮਾਸ਼ ਮਾਰਿਆ ਗਿਆ ਹੈ। ਪੁਲਸ ਅਧਿਕਾਰੀਆਂ ਤੋਂ ਮਿਲੀ ਜਾਣਕਾਰੀ ਮੁਤਾਬਕ ਇਹ ਮੁਕਾਬਲਾ ਉਸ ਸਮੇਂ ਹੋਇਆ, ਜਦੋਂ ਪੁਲਸ ਟੀਮ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਗਈ ਸੀ। ਸਰੰਡਰ ਕਰਨ ਦੀ ਬਜਾਏ ਉਸ ਨੇ ਪੁਲਸ 'ਤੇ ਫਾਇਰਿੰਗ ਕਰ ਦਿੱਤੀ, ਜਿਸ ਮਗਰੋਂ ਪੁਲਸ ਨੇ ਵੀ ਜਵਾਬੀ ਕਾਰਵਾਈ ਕੀਤੀ ਤੇ ਉਸ਼ ਨੂੰ ਢੇਰ ਕਰ ਦਿੱਤਾ। ਇਸ ਦੌਰਾਨ ਹੋਈ ਫਾਇਰਿੰਗ 'ਚ ਹੈੱਡ ਕਾਂਸਟੇਬਲ ਦੇਵੇਂਦਰ ਵੀ ਜ਼ਖ਼ਮੀ ਹੋ ਗਏ, ਜਿਨ੍ਹਾਂ ਦਾ ਹਸਪਤਾਲ 'ਚ ਇਲਾਜ ਚੱਲ ਰਿਹਾ ਹੈ ਅਤੇ ਉਨ੍ਹਾਂ ਦੀ ਹਾਲਤ ਫਿਲਹਾਲ ਖ਼ਤਰੇ ਤੋਂ ਬਾਹਰ ਹੈ। ਮਾਰੇ ਗਏ ਬਦਮਾਸ਼ ਦੀ ਪਛਾਣ ਗੋਪਾਲ ਵਜੋਂ ਹੋਈ ਹੈ, ਜੋ ਸੋਨੀਪਤ ਦੇ



ਅਟਾਇਲ ਪਿੰਡ ਦਾ ਰਹਿਣ ਵਾਲਾ ਸੀ। ਉਸ ਖ਼?ਲਾਫ਼ ਕਤਲ, ਕਤਲ ਦੀ ਕੋਸ਼ਿਸ਼, ਕੁੱਟਮਾਰ ਅਤੇ ਅੱਗਜ਼ਨੀ ਵਰਗੇ ਕਰੀਬ ਦੋ ਦਰਜਨ ਮਾਮਲੇ ਦਰਜ ਸਨ। ਉਹ ਦੋ ਵੱਖ-ਵੱਖ ਕਤਲ ਕੇਸਾਂ 'ਚ ਉਮਰ ਕੈਦ ਦੀ ਸਜ਼ਾ ਵੀ ਕੱਟ ਰਿਹਾ ਸੀ। ਗੋਪਾਲ ਨੂੰ ਇਸੇ ਸਾਲ ਫਰਵਰੀ ਵਿੱਚ 70 ਦਿਨਾਂ ਦੀ ਪੈਰੋਲ 'ਤੇ ਰਿਹਾਅ ਕੀਤਾ ਗਿਆ ਸੀ। ਪੈਰੋਲ ਦੌਰਾਨ ਵੀ ਉਸ ਨੇ ਸ਼ਰਾਬ ਦੇ ਠੇਕੇ 'ਤੇ ਹਮਲਾ ਕਰਨ, ਕਾਰ ਚੋਰੀ ਕਰਨ ਅਤੇ ਅੱਗਜ਼ਨੀ ਵਰਗੀਆਂ ਕਈ ਵਾਰਦਾਤਾਂ ਨੂੰ ਅੰਜਾਮ ਦਿੱਤਾ। ਪੈਰੋਲ ਖ਼ਤਮ ਹੋਣ ਤੋਂ ਬਾਅਦ ਉਸ ਨੇ ਜੇਲ੍ਹ ਪ੍ਰਸ਼ਾਸਨ ਅੱਗੇ ਸਰੰਡਰ ਨਹੀਂ ਕੀਤਾ ਅਤੇ ਫ਼ਰਾਰ ਚੱਲ ਰਿਹਾ ਸੀ। ਪੁਲਸ ਨੂੰ ਸੂਚਨਾ ਮਿਲੀ ਸੀ ਕਿ ਗੋਪਾਲ ਕਿਸੇ ਨੂੰ ਨਿਸ਼ਾਨਾ ਬਣਾਉਣ ਦੀ ਫ਼?ਰਾਕ ਵਿੱਚ ਘੁੰਮ ਰਿਹਾ ਹੈ। ਜਦੋਂ ਪੁਲਸ ਨੇ ਉਸ ਨੂੰ ਫੜਨ ਲਈ ਘੇਰਿਆ, ਤਾਂ ਉਸ ਨੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ, ਜੋ ਪੁਲਸ ਦੀਆਂ ਗੱਡੀਆਂ ਅਤੇ ਹੈੱਡ ਕਾਂਸਟੇਬਲ ਦੇ ਹੱਥ 'ਤੇ ਲੱਗੀਆਂ। ਪੁਲਸ ਨੇ ਆਤਮ-ਰੱਖਿਆ 'ਚ ਜਵਾਬੀ ਕਾਰਵਾਈ ਕੀਤੀ, ਜਿਸ 'ਚ ਗੋਪਾਲ ਗੋਲੀ ਲੱਗਣ ਕਾਰਨ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਗੰਭੀਰ ਹਾਲਤ 'ਚ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

# ਪੰਜਾਬ ਦੇ ਨੌਜਵਾਨਾਂ ਲਈ ਵੱਡਾ ਖ਼ਤਰਾ ! ਇਸ ਡਰਾਉਣੀ ਰਿਪੋਰਟ ਨੂੰ ਪੜ੍ਹ ਉੱਡ ਜਾਣਗੇ ਹੋਸ਼

ਚੰਡੀਗੜ੍ਹ 2 ਜੁਲਾਈ। ਪੰਜਾਬ ਦੇ ਲੋਕਾਂ ਲਈ ਬੇਹੱਦ ਚਿੰਤਾ ਭਰੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਨੈਸ਼ਨਲ ਅਪਰਾਧ ਰਿਕਾਰਡ ਬਿਊਰੋ (ਐੱਨ. ਸੀ. ਆਰ. ਬੀ.) ਦੀ ਸਾਲ 2024 ਦੀ ਤਾਜ਼ਾ ਰਿਪੋਰਟ ਨੇ ਹਰ ਇਕ ਪੰਜਾਬੀ ਦੇ ਹੋਸ਼ ਉਡਾ ਦਿੱਤੇ ਹਨ।



ਇਸ ਰਿਪੋਰਟ ਦੇ ਮੁਤਾਬਕ ਨਸ਼ੀਲੇ ਪਦਾਰਥਾਂ ਦੇ ਜ਼ਿਆਦਾ ਇਸਤੇਮਾਲ ਅਤੇ ਡਰੱਗ ਓਵਰਡੋਜ਼ ਕਾਰਨ ਮਰਨ ਵਾਲਿਆਂ ਦੇ ਮਾਮਲੇ 'ਚ ਪੰਜਾਬ ਪੂਰੇ ਦੇਸ਼ 'ਚੋਂ ਦੂਜੇ ਨੰਬਰ 'ਤੇ ਹੈ। ਇਸ ਰਿਪੋਰਟ 'ਚ ਪੰਜਾਬ ਦੀ ਬੇਹੱਦ ਡਰਾਉਣੀ ਅਤੇ ਸਮਾਜਿਕ ਤਾਣੇ-ਬਾਣੇ ਨੂੰ ਝੰਜੋੜਨ ਵਾਲੀ ਗੱਲ ਸਾਹਮਣੇ ਆਈ ਹੈ। ਅੰਕੜਿਆਂ ਮੁਤਾਬਕ ਡਰੱਗ ਓਵਰਡੋਜ਼ ਨਾਲ ਹੋਈਆਂ ਮੌਤਾਂ ਦੇ ਮਾਮਲੇ 'ਚ ਤਾਮਿਲਨਾਡੂ 313 ਮੌਤਾਂ ਨਾਲ ਪਹਿਲੇ ਨੰਬਰ 'ਤੇ ਹੈ। ਉੱਥੇ ਹੀ ਪੰਜਾਬ 106 ਮੌਤਾਂ ਨਾਲ ਦੇਸ਼ 'ਚ ਦੂਜੇ ਨੰਬਰ 'ਤੇ ਹੈ। ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ 'ਚ ਚਿੱਟੇ ਅਤੇ ਸਿੰਥੈਟਿਕ ਨਸ਼ੀਲੇ ਪਦਾਰਥਾਂ ਦਾ ਵੱਧਦਾ ਚਲਨ ਨੌਜਵਾਨਾਂ ਨੂੰ ਤੇਜ਼ੀ ਨਾਲ ਮੌਤ ਦੇ ਮੂੰਹ ਵੱਲ ਲਿਜਾ ਰਿਹਾ ਹੈ। ਆਬਾਦੀ ਦੇ ਅਨੁਪਾਤ ਅਤੇ ਭੂਗੋਲਿਕ ਆਕਾਰ ਦੇ ਲਿਹਾਜ਼ ਨਾਲ ਪੰਜਾਬ ਦਾ ਇਹ ਅੰਕੜਾ ਬੇਹੱਦ ਡਰਾਉਣਾ ਹੈ। ਇਸ ਰਿਪੋਰਟ ਦੇ ਮੁਤਾਬਕ ਤਾਮਿਲਨਾਡੂ ਅਤੇ ਪੰਜਾਬ ਤੋਂ ਬਾਅਦ ਤੀਜਾ ਨੰਬਰ ਰਾਜਸਥਾਨ ਦਾ ਹੈ, ਜਿੱਥੇ 93 ਮੌਤਾਂ ਹੋਈਆਂ ਹਨ। ਇਸ ਤੋਂ ਇਲਾਵਾ ਕਰਨਾਟਕ 'ਚ ਮੌਤਾਂ ਦਾ ਇਹ ਅੰਕੜਾ 88 ਅਤੇ ਹਰਿਆਣਾ 'ਚ 42 ਹੈ।

# ਕਾਰ 'ਚੋਂ ਹੈਰੋਇਨ ਸਮੇਤ 2 ਕਾਬੂ, ਪੁਲਸ ਨੇ ਦਰਜ ਕੀਤਾ ਮਾਮਲਾ

**ਕੌਮੀ ਪਤ੍ਰਿਕਾ**

ਸ੍ਰੀ ਮੁਕਤਸਰ ਸਾਹਿਬ 2 ਜੁਲਾਈ। ਨਸ਼ਾ ਸਮੱਗਲਰਾਂ ਖ਼ਿਲਾਫ ਵਿੱਢੀ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਸ ਨੂੰ ਉਸ ਵੇਲੇ ਇਕ ਵੱਡੀ ਸਫ਼ਲਤਾ ਮਿਲੀ ਜਦੋਂ ਮਲੋਟ-ਸ੍ਰੀ ਮੁਕਤਸਰ ਸਾਹਿਬ ਰੋਡ 'ਤੇ ਚੈਕਿੰਗ ਦੌਰਾਨ ਇਕ ਚਿੱਟੇ ਰੰਗ ਦੀ ਵਰਨਾ ਕਾਰ 'ਚੋਂ ਨਸ਼ੀਲਾ ਪਦਾਰਥ (ਹੈਰੋਇਨ) ਬਰਾਮਦ ਕਰ ਕੇ 2 ਨੌਜਵਾਨਾਂ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਮਿਲੀ ਜਾਣਕਾਰੀ ਮੁਤਾਬਕ ਥਾਣੇਦਾਰ ਬਲਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਅਤੇ ਗਸ਼ਤ ਦੇ ਸਬੰਧ ਵਿਚ ਮਲੋਟ-ਸ੍ਰੀ ਮੁਕਤਸਰ ਸਾਹਿਬ ਰੋਡ 'ਤੇ ਸਥਿਤ ਸੇਮਨਾਲਾ, ਬਿਜਲੀ ਘਰ ਦੇ ਸਾਹਮਣੇ ਮੌਜੂਦ ਸੀ। ਇਸੇ ਦੌਰਾਨ ਪਿੰਡ ਰੁਪਾਣਾ ਵੱਲੋਂ ਆ ਰਹੀ ਇਕ ਚਿੱਟੇ ਰੰਗ ਦੀ ਵਰਨਾ ਕਾਰ (ਨੰਬਰ: ਡੀ. ਐੱਲ. 7 ਸੀ. ਟੀ. 1187) ਨੂੰ ਜਦੋਂ ਪੁਲਸ ਨੇ ਰੁਕਣ ਦਾ ਇਸ਼ਾਰਾ




ਕੀਤਾ, ਤਾਂ ਡਰਾਈਵਰ ਨੇ ਘਬਰਾ ਕੇ ਗੱਡੀ ਨੂੰ ਪਿੱਛੇ ਮੋੜਨ ਜਾਂ ਰੋਕਣ ਦੀ ਕੋਸ਼ਿਸ਼ ਕੀਤੀ ਪਰ ਪੁਲਿਸ ਕਰਮਚਾਰੀਆਂ ਨੇ ਤੁਰੰਤ ਮੁਸਤੈਦੀ ਦਿਖਾਉਂਦੇ ਹੋਏ ਕਾਰ ਨੂੰ ਘੇਰ ਕੇ ਰੋਕ ਲਿਆ। ਕਾਰ ਵਿਚ ਦੋ ਨੌਜਵਾਨ ਸਵਾਰ ਸਨ। ਸ਼ੱਕ ਹੋਣ 'ਤੇ ਜਦੋਂ ਪੁਲਸ ਵੱਲੋਂ ਗੱਡੀ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ, ਤਾਂ ਕਾਰ ਦੇ ਗੇਅਰ ਲੀਵਰ ਕੋਲੋਂ ਇਕ ਚਿੱਟੇ ਰੰਗ ਦੇ ਮੋਮੀ ਕਾਗਜ਼ (ਲਿਫ਼ਾਫ਼ੇ) ਵਿਚ ਲਪੇਟਿਆ ਹੋਇਆ ਨਸ਼ੀਲਾ ਪਦਾਰਥ ਬਰਾਮਦ ਹੋਇਆ। ਪੁਲਸ ਵੱਲੋਂ ਮੌਕੇ 'ਤੇ ਹੀ ਨਾਰਕੋਟਿਕ ਡਰੱਗ ਡਿਟੈਕਸ਼ਨ ਕਿੱਟ ਰਾਹੀਂ ਕੈਮੀਕਲ ਟੈਸਟ ਕੀਤਾ ਗਿਆ, ਜਿਸ ਵਿਚ ਇਸ ਪਦਾਰਥ ਦੇ 'ਹੈਰੋਇਨ' ਹੋਣ ਦੀ ਪੁਸ਼ਟੀ ਹੋਈ। ਬਰਾਮਦ ਕੀਤੀ ਗਈ ਹੈਰੋਇਨ ਦਾ ਕੁੱਲ ਵਜ਼ਨ 03 ਗ੍ਰਾਮ 500 ਮਿਲੀਗ੍ਰਾਮ ਦੱਸਿਆ ਜਾ ਰਿਹਾ ਹੈ। ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਦੀ ਪਛਾਣ ਪ੍ਰਿੰਸ ਉਰਫ਼ ਪਾਰਸ ਪੁੱਤਰ ਸਚਿਨ ਕੁਮਾਰ (ਵਾਸੀ ਬੈਟਾਬਾਦ, ਵਾਰਡ ਨੰਬਰ 12, ਗਿੱਦੜਬਾਹਾ) - ਜੋ ਕਾਰ ਦੀ ਡਰਾਈਵਰ ਸੀਟ 'ਤੇ ਬੈਠਾ ਸੀ ਅਤੇ ਰਜਤ ਕੁਮਾਰ ਪੁੱਤਰ ਰਾਜੇਸ਼ ਕੁਮਾਰ (ਵਾਸੀ ਗੋਨੇਆਣਾ ਰੋਡ, ਗਲੀ ਨੰਬਰ 06)-ਜੋ ਕੰਡਕਟਰ ਸੀਟ 'ਤੇ ਸਵਾਰ ਸੀ , ਵਜੋਂ ਹੋਈ ਹੈ। ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਨੂੰ ਮੌਕੇ 'ਤੇ ਗ੍ਰਿਫ਼ਤਾਰ ਕਰ ਕੇ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਸ ਵੱਲੋਂ ਮੁਲਜ਼ਮਾਂ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਤਾਂ ਜੋ ਇਹ ਪਤਾ ਲਾਇਆ ਜਾ ਸਕੇ ਕਿ ਉਹ ਇਹ ਨਸ਼ਾ ਕਿੱਥੋਂ ਲੈ ਕੇ ਆਏ ਸਨ ਅਤੇ ਅੱਗੇ ਕਿਸ ਨੂੰ ਸਪਲਾਈ ਕੀਤਾ ਜਾਣਾ ਸੀ।

## ਸਰਹਿੰਦ ਨਜ਼ਦੀਕ ਆਦਮਪੁਰ ਨਹਿਰ 'ਚ ਡਿੱਗੀ ਕਾਰ

ਸਰਹਿੰਦ 2 ਜੁਲਾਈ। ਸਰਹਿੰਦ ਦੇ ਨਜ਼ਦੀਕੀ ਪਿੰਡ ਆਦਮਪੁਰ ਕੋਲ ਲੰਘਦੀ ਨਹਿਰ ਵਿੱਚ ਇੱਕ ਕਾਰ ਡਿੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਭੋਲੇ ਸ਼ੰਕਰ ਡਾਈਵਰ ਕਲੱਬ ਦੇ ਪ੍ਰਧਾਨ ਸ਼ੰਕਰ ਭਾਰਦਵਾਜ ਆਪਣੀ ਗੋਤਾਖੋਰਾਂ ਦੀ ਟੀਮ ਸਮੇਤ ਤੁਰੰਤ ਮੌਕੇ 'ਤੇ ਪਹੁੰਚੇ। ਟੀਮ ਵੱਲੋਂ ਕਈ ਘੰਟਿਆਂ ਦੀ ਭਾਰੀ ਮੁਸ਼ੱਕਤ ਅਤੇ ਸਖ਼ਤ ਮਿਹਨਤ ਤੋਂ ਬਾਅਦ ਕਾਰ ਨੂੰ ਨਹਿਰ ਵਿੱਚੋਂ ਸੁਰੱਖਿਅਤ ਬਾਹਰ ਕੱਢ ਲਿਆ ਗਿਆ। ਕਲੱਬ ਦੇ ਪ੍ਰਧਾਨ ਨੇ ਦੱਸਿਆ ਕਿ ਤਲਾਸ਼ੀ ਦੌਰਾਨ ਕਾਰ ਦੇ ਅੰਦਰੋਂ ਕੋਈ ਵੀ ਵਿਅਕਤੀ ਬਰਾਮਦ ਨਹੀਂ ਹੋਇਆ ਹੈ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਛੇੜਛਾੜ ਤੇ ਬਦਨਾਮੀ ਤੋਂ ਦੁਖੀ ਔਰਤ ਨੇ ਪੀਤੀ ਜ਼ਹਿਰੀਲੀ ਦਵਾਈ, ਮੁਲਜ਼ਮ ਖ਼ਿਲਾਫ਼ ਕੇਸ ਦਰਜ

ਕੌਮੀ ਪਤ੍ਰਿਕਾ

ਫਰੀਦਕੋਟ 2 ਜੁਲਾਈ। ਸਦਰ ਫਰੀਦਕੋਟ ਪੁਲਸ ਨੇ ਇੱਕ ਔਰਤ ਨਾਲ ਕਥਿਤ ਛੇੜਛਾੜ, ਤੰਗ-ਪਰੇਸ਼ਾਨ ਕਰਨ ਅਤੇ ਉਸ ਦੀ ਬਦਨਾਮੀ ਕਰਨ ਦੇ ਦੋਸ਼ ਹੇਠ ਪਿੰਡ ਚੇਤ ਸਿੰਘ ਵਾਲਾ ਨਿਵਾਸੀ ਇੱਕ ਵਿਅਕਤੀ ਖ਼?ਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਮਿਲੀ ਜਾਣਕਾਰੀ ਅਨੁਸਾਰ ਪੀੜਤਾ ਇੱਕ ਸਰਕਾਰੀ ਦਫ਼ਤਰ ਵਿੱਚ ਕੰਟਰੈਕਟ ਆਧਾਰ 'ਤੇ ਨੌਕਰੀ ਕਰਦੀ ਹੈ। ਉਸ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੋਸ਼ ਲਗਾਇਆ ਕਿ ਮੁਲਜ਼ਮ ਨੇ ਕਰੀਬ 6 ਮਹੀਨੇ ਪਹਿਲਾਂ ਉਸ ਦੇ ਮੋਬਾਇਲ ਫੋਨ 'ਤੇ ਸਰੀਰਕ ਸਬੰਧ ਬਣਾਉਣ ਸਬੰਧੀ ਵਾਇਸ ਮੈਸੇਜ ਭੇਜਿਆ ਸੀ। ਇਸ ਦੇ ਨਾਲ ਹੀ ਉਕਤ ਵਾਇਸ ਰਿਕਾਰਡਿੰਗ ਨੂੰ ਪਿੰਡ ਦੇ ਸਾਂਝੇ ਸੋਸ਼ਲ ਮੀਡੀਆ ਗਰੁੱਪ 'ਚ ਵੀ ਪਾ ਦਿੱਤਾ ਗਿਆ, ਜਿਸ ਕਾਰਨ ਉਸ ਦੀ ਸਮਾਜਿਕ ਬਦਨਾਮੀ ਹੋਈ। ਸ਼ਿਕਾਇਤਕਰਤਾ ਨੇ ਇਹ ਵੀ ਦੋਸ਼ ਲਗਾਇਆ ਕਿ ਮੁਲਜ਼ਮ ਨੇ ਉਸ 'ਤੇ 8 ਲੱਖ 50 ਹਜ਼ਾਰ ਰੁਪਏ ਉਧਾਰ ਲੈਣ ਦਾ ਝੂਠਾ ਇਲਜ਼ਾਮ ਲਗਾ ਕੇ ਉਸ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ। ਉਸ ਦੇ ਅਨੁਸਾਰ ਇਸ ਮਾਮਲੇ ਨੂੰ ਸੁਲਝਾਉਣ ਲਈ ਪਿੰਡ ਦੇ ਮੋਹਤਬਰ ਵਿਅਕਤੀਆਂ ਅਤੇ ਪੰਚਾਇਤ ਮੈਂਬਰਾਂ ਦੀ ਹਾਜ਼ਰੀ 'ਚ ਮੁਲਜ਼ਮ ਨੂੰ ਬੁਲਾਇਆ ਗਿਆ ਸੀ ਪਰ ਉਹ ਉੱਥੇ ਵੀ ਪੇਸ਼ ਨਹੀਂ ਹੋਇਆ। ਪੀੜਤਾ ਨੇ ਆਪਣੇ ਬਿਆਨਾਂ 'ਚ ਦੱਸਿਆ ਕਿ 22 ਜੂਨ ਨੂੰ ਜਦੋਂ ਉਹ ਪਿੰਡ ਦੇ ਬੱਸ ਅੱਡੇ 'ਤੇ ਫਰੀਦਕੋਟ ਜਾਣ ਲਈ ਖੜ੍ਹੀ ਸੀ ਤਾਂ ਮੁਲਜ਼ਮ ਉੱਥੇ ਆ ਗਿਆ। ਦੋਸ਼ ਹੈ ਕਿ ਮੁਲਜ਼ਮ ਨੇ ਉਸ ਨੂੰ ਰਸਤੇ 'ਚ ਰੋਕ ਕੇ ਘੇਰ ਲਿਆ ਅਤੇ ਉਸ ਨਾਲ ਕਥਿਤ ਤੌਰ 'ਤੇ ਗਲਤ ਹਰਕਤਾਂ ਕੀਤੀਆਂ। ਔਰਤ ਵੱਲੋਂ ਵਿਰੋਧ ਕਰਨ 'ਤੇ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਿਆ। ਸ਼ਿਕਾਇਤ ਅਨੁਸਾਰ ਮੁਲਜ਼ਮ ਦੀਆਂ ਕਥਿਤ ਹਰਕਤਾਂ ਅਤੇ ਬਦਨਾਮੀ ਕਾਰਨ ਪੀੜਤਾ ਇੰਨੀ ਮਾਨਸਿਕ ਤੌਰ 'ਤੇ ਪ੍ਰਭਾਵਿਤ ਹੋਈ ਕਿ ਉਸ ਨੇ ਸਦਮੇ 'ਚ ਆ ਕੇ ਜ਼ਹਿਰੀਲੀ ਦਵਾਈ ਪੀ ਲਈ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਵੱਲੋਂ ਉਸ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ 'ਚ ਦਾਖ਼ਲ ਕਰਵਾਇਆ ਗਿਆ, ਜਿੱਥੇ ਉਸ ਦੀ ਹਾਲਤ ਸਥਿਰ ਦੱਸੀ ਜਾ ਰਹੀ ਹੈ। ਇਸ ਸਬੰਧੀ ਏ. ਐੱਸ. ਆਈ. ਸੁਖਵਿੰਦਰ ਸਿੰਘ ਨੇ ਪੀੜਤਾ ਦੀ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਖ਼?ਲਾਫ਼ ਸਬੰਧਿਤ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਮਾਮਲੇ ਦੀ ਹਰ ਪੱਖ ਤੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਅਗਲੇਰੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਕੇਂਦਰੀ ਜੇਲ੍ਹ ਫਰੀਦਕੋਟ 'ਚੋਂ 6 ਮੋਬਾਈਲ ਫੋਨ ਬਰਾਮਦ, 2 ਹਵਾਲਾਤੀਆਂ ਤੇ 3 ਬੰਦੀਆਂ ਖ਼ਿਲਾਫ਼ ਕੇਸ ਦਰਜ

ਫਰੀਦਕੋਟ 2 ਜੁਲਾਈ। ਕੇਂਦਰੀ ਜੇਲ੍ਹ ਫਰੀਦਕੋਟ 'ਚ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਸਖ਼ਤ ਬਣਾਉਣ ਲਈ ਕੀਤੀਆਂ ਗਈਆਂ ਅਚਨਚੇਤ ਤਲਾਸ਼ੀਆਂ ਦੌਰਾਨ 6 ਮੋਬਾਈਲ ਫੋਨ ਬਰਾਮਦ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਫਰੀਦਕੋਟ ਦੀ ਪੁਲਸ ਨੇ 2 ਹਵਾਲਾਤੀਆਂ ਅਤੇ 3 ਬੰਦੀਆਂ ਖ਼?ਲਾਫ਼ ਜੇਲ੍ਹ ਐਕਟ ਤਹਿਤ ਵੱਖ-ਵੱਖ ਮੁਕੱਦਮੇ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਅਨੁਸਾਰ ਸਹਾਇਕ ਸੁਪਰਡੈਂਟ ਭਿਵਮਤੇਜ ਸਿੰਗਲਾ ਵੱਲੋਂ ਭੇਜੇ ਗਏ ਪੱਤਰ 'ਚ ਦੱਸਿਆ ਗਿਆ ਕਿ ਡਿਪਟੀ ਸੁਪਰਡੈਂਟ (ਸਿਕਿਓਰਿਟੀ) ਰਵੀ ਕੁਮਾਰ ਦੀ ਨਿਗਰਾਨੀ ਹੇਠ ਜੇਲ੍ਹ ਦੇ ਵੱਖ-ਵੱਖ ਬਲਾਕਾਂ ਅਤੇ ਬੈਰਕਾਂ ਦੀ ਅਚਨਚੇਤ ਤਲਾਸ਼ੀ ਲਈ ਗਈ। ਇਸ ਦੌਰਾਨ ਹਵਾਲਾਤੀ ਗਗਨਦੀਪ ਸਿੰਘ ਵਾਸੀ ਕੋਟਕਪੂਰਾ, ਹਵਾਲਾਤੀ ਧਰਮਪਾਲ ਵਾਸੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬੰਦੀ ਹਰਮਨਪ੍ਰੀਤ ਸਿੰਘ ਵਾਸੀ ਜ਼ਿਲ੍ਹਾ ਫਾਜ਼ਿਲਕਾ ਅਤੇ ਬੰਦੀ ਮਨਪ੍ਰੀਤ ਸਿੰਘ ਵਾਸੀ ਜ਼ਿਲ੍ਹਾ ਮੋਗਾ ਕੋਲੋਂ 2 ਟੱਚ ਸਕਰੀਨ ਅਤੇ 3 ਕੀਪੈਡ ਮੋਬਾਈਲ ਫੋਨ ਬਰਾਮਦ ਕੀਤੇ ਗਏ। ਇਸੇ ਦੌਰਾਨ ਸਹਾਇਕ ਸੁਪਰਡੈਂਟ ਪ੍ਰਭਦਿਆਲ ਸਿੰਘ ਵੱਲੋਂ ਦਿੱਤੀ ਗਈ ਸੂਚਨਾ ਦੇ ਆਧਾਰ 'ਤੇ ਕੀਤੀ ਗਈ ਇੱਕ ਹੋਰ ਅਚਨਚੇਤ ਤਲਾਸ਼ੀ ਦੌਰਾਨ ਸਿਕਿਓਰਿਟੀ ਜ਼ੋਨ ਦੇ ਬਲਾਕ-ਬੀ ਦੀ ਬੈਰਕ ਨੰਬਰ 6 ਵਿੱਚ ਬੰਦੀ ਨਵਜੋਤ ਸਿੰਘ ਵਾਸੀ ਜ਼ਿਲ੍ਹਾ ਬਰਨਾਲਾ ਕੋਲੋਂ ਇੱਕ ਟੱਚ ਸਕਰੀਨ ਮੋਬਾਈਲ ਫੋਨ ਬਰਾਮਦ ਹੋਇਆ। ਦੋਵਾਂ ਮਾਮਲਿਆਂ ਵਿੱਚ ਜੇਲ੍ਹ ਪ੍ਰਸ਼ਾਸਨ ਵੱਲੋਂ ਥਾਣਾ ਸਿਟੀ ਫਰੀਦਕੋਟ ਨੂੰ ਸੂਚਿਤ ਕੀਤਾ ਗਿਆ, ਜਿਸ ਤੋਂ ਬਾਅਦ ਪੁਲਸ ਨੇ ਜੇਲ੍ਹ ਐਕਟ ਦੀਆਂ ਸਬੰਧਿਤ ਧਾਰਾਵਾਂ ਤਹਿਤ ਮੁਕੱਦਮੇ ਦਰਜ ਕਰ ਲਏ। ਮਾਮਲਿਆਂ ਦੀ ਜਾਂਚ ਸਹਾਇਕ ਥਾਣੇਦਾਰ ਗੁਰਪਾਲ ਸਿੰਘ, ਇਨਵੈਸਟੀਗੇਸ਼ਨ ਵਿੰਗ ਫਰੀਦਕੋਟ ਵੱਲੋਂ ਕੀਤੀ ਜਾ ਰਹੀ ਹੈ।

## ਲੁਧਿਆਣਾ 'ਚ ਪੁਲਸ ਕਸਟਡੀ 'ਚੋਂ ਮੁਲਜ਼ਮ ਫ਼ਰਾਰ, ਪੁਲਸ ਵਿਭਾਗ 'ਚ ਮਚਿਆ ਹੜਕੰਪ

ਲੁਧਿਆਣਾ 2 ਜੁਲਾਈ। ਲੁਧਿਆਣਾ ਪੁਲਸ ਵਲੋਂ ਗੈਰ-ਕਾਨੂੰਨੀ ਹਥਿਆਰਾਂ ਦੀ ਬਰਾਮਦਗੀ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤੇ ਗਏ ਦੋਸ਼ੀ ਦੇ ਪੁਲਸ ਕਸਟਡੀ 'ਚੋਂ ਫ਼ਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਦੋਸ਼ੀ ਨੂੰ ਮੈਡੀਕਲ ਜਾਂਚ ਲਈ ਸਿਵਲ ਹਸਪਤਾਲ ਲੁਧਿਆਣਾ ਲਿਆਂਦਾ ਗਿਆ ਗਿਆ ਸੀ, ਜਿੱਥੇ ਉਹ ਪੁਲਸ ਮੁਲਾਜ਼ਮਾਂ ਨੂੰ ਚਕਮਾ ਦੇ ਕੇ ਮੌਕੇ ਤੋਂ ਫ਼ਰਾਰ ਹੋ ਗਿਆ। ਇਹ ਪੂਰੀ ਵਾਰਦਾਤ ਹਸਪਤਾਲ 'ਚ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ 'ਚ ਕੈਦ ਹੋ ਗਈ ਹੈ। ਫਿਲਹਾਲ ਪੁਲਸ ਵਲੋਂ ਮੁਲਜ਼ਮ ਦੀ ਭਾਲ ਕੀਤੀ ਜਾ ਰਹੀ ਹੈ। ਜਾਣਕਾਰੀ ਮੁਤਾਬਕ ਪੁਲਸ ਵਲੋਂ ਬੀਤੀ 23 ਜੂਨ ਨੂੰ ਫਿਰੋਜ਼ਪੁਰ ਰੋਡ ਸਥਿਤ ਇਕ ਹੋਟਲ ਦੇ ਬਾਹਰ ਸ਼ੱਕੀ ਫਾਰਚੂਨਰ ਗੱਡੀ ਦੀ ਜਾਂਚ ਕੀਤੀ ਗਈ। ਇਸ 'ਤੇ ਅਸਥਾਈ ਨੰਬਰ ਪਲੇਟ ਲੱਗੀ ਹੋਈ ਸੀ। ਪੁਲਸ ਨੇ ਗੱਡੀ ਨੂੰ ਕਬਜ਼ੇ 'ਚ ਲੈ ਕੇ ਜਾਂਚ ਕੀਤੀ ਤਾਂ ਉਸ 'ਚ ਸਵਾਰ ਦੋਸ਼ੀਆਂ ਵਿਕਾਸ, ਪਰਵਿੰਦਰ ਸਿੰਘ ਅਤੇ ਦੀਪਨ ਦੇ ਕਬਜ਼ੇ 'ਚੋਂ ਇਕ 32 ਬੋਰ ਦੀ ਰਿਵਾਲਵਰ ਅਤੇ 32 ਬੋਰ ਦੀ ਪਿਸਤੌਲ ਬਰਾਮਦ ਹੋਈ। ਦੋਹਾਂ ਹਥਿਆਰਾਂ ਦੀ ਮੈਗਜ਼ੀਨ 'ਚ 6-6 ਜ਼ਿੰਦਾ ਕਾਰਤੂਸ ਸਨ। ਪੁਲਸ ਨੇ ਵਾਹਨ ਦੇ ਮਾਲਕ ਨਾਲ ਸੰਪਰਕ ਕੀਤਾ ਤਾਂ ਪਤਾ ਲੱਗਿਆ ਕਿ ਉਹ ਕਾਰਾਂ ਕਿਰਾਏ 'ਤੇ ਦੇਣ ਦਾ ਕੰਮ ਕਰਦਾ ਹੈ ਅਤੇ ਉਕਤ ਫਾਰਚੂਨਰ ਕਰੀਬ 10 ਦਿਨ ਪਹਿਲਾਂ ਗੁਰਦੇਵ ਸਿੰਘ ਨਾਂ ਦੇ ਵਿਅਕਤੀ ਨੂੰ ਕਿਰਾਏ 'ਤੇ ਦਿੱਤੀ ਸੀ। ਵਾਹਨ ਮਾਲਕ ਨੇ ਦੋਸ਼ ਲਾਇਆ ਕਿ ਗੁਰਦੇਵ ਸਿੰਘ ਨੇ ਉਸ ਨਾਲ ਧੋਖਾਧੜੀ ਕੀਤੀ ਹੈ। ਪੁਲਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਅਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ 'ਚੋਂ ਅੱਜ ਇਕ ਦੋਸ਼ੀ ਨੂੰ ਮੈਡੀਕਲ ਜਾਂਚ ਲਈ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਉਹ ਪੁਲਸ ਨੂੰ ਚਕਮਾ ਦੇ ਕੇ ਫ਼ਰਾਰ ਹੋ ਗਿਆ।

## 5 ਤੋਲੇ ਸੋਨਾ ਤੇ 20 ਤੋਲੇ ਚਾਂਦੀ ਚੋਰੀ, ਅਣਪਛਾਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

ਫਾਜ਼ਿਲਕਾ 2 ਜੁਲਾਈ। ਥਾਣਾ ਸਿਟੀ ਫਾਜ਼ਿਲਕਾ ਪੁਲਸ ਨੇ ਇਕ ਔਰਤ ਦੀ ਸ਼ਿਕਾਇਤ 'ਤੇ ਉਨ੍ਹਾਂ ਦੇ ਘਰ ਤੋਂ ਸੋਨਾ ਅਤੇ ਚਾਂਦੀ ਚੋਰੀ ਕਰਨ ਵਾਲੇ ਅਣਪਛਾਤੇ ਵਿਅਕਤੀ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸਿ?ਕਾਇਤ 'ਚ ਸੁਖਪ੍ਰੀਤ ਕੌਰ ਵਾਸੀ ਫਾਜ਼ਿਲਕਾ ਨੇ ਦੱਸਿਆ ਕਿ ਉਹ ਆਪਣੀ ਧੀ ਨੂੰ ਨਾਲ ਲੈ ਕੇ ਆਪਣੇ ਪੇਕੇ ਘਰ ਪਿੰਡ ਵੱਡੀ ਸਰਹਾਲੀ ਜੂਨ ਦੀਆਂ ਛੁੱਟੀਆਂ ਕੱਟਣ ਲਈ ਗਈ ਸੀ। 24 ਜੂਨ ਨੂੰ ਜਦੋਂ ਉਹ ਘਰ ਵਾਪਸ ਆਈ ਤਾਂ ਉਸਦੇ ਘਰ ਦੇ ਤਾਲੇ ਟੁੱਟੇ ਹੋਏ ਸਨ ਅਤੇ ਘਰ ਦਾ ਸਮਾਨ ਖਿੱਲਰਿਆ ਹੋਇਆ ਸੀ।

**NAME CHANGE**

I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**

I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**

I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**

I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**

I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**

I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**

It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**

It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

**PUBLIC NOTICE**

It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**

I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**

It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**

I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**

I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**

I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**

I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**

I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**

I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**

It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**

It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**

I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**

I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**

I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**

It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**

Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**PUBLIC NOTICE**

My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

**Shyam Sharma (Adv)**

**PUBLIC NOTICE**

I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**

I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**

I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**

I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**

I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**

I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**

I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I hitherto known as LIALKAT ALI S/O ALI HUSAIN R/O Village Bule, PO. Mustafapur, Jalandhar 144201 Punjab, India, have changed my name and shall hereafter be known as LIAKAT ALI.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**

I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀਅਰ ਮੰਡਲ ਵਿ. ਇੰਜੀ./ਕ.ਵਿ.ਡੀ.ਆਰ ਐਮ. ਆਫਿਸ, ਸਟੇਟ ਐਂਟਰੀ ਰੋਡ, ਨਵੀਂ ਦਿੱਲੀ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮ ਲਈ ਖੁਲ੍ਹੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ:-

| | | |
|---|---|---|
| 1 | ਕੰਮ ਦਾ ਨਾਮ ਤੇ ਸਥਾਨ | ਭਾਗ- A: DUK ਸੈਕਸ਼ਨ ਵਿਚ ਮੌਜੂਦਾ TRD ਅਸੇਟਸ ਨੂੰ ਮਜਬੂਤ ਕਰਨ ਦੇ ਸਿਲਸਿਲੇ ਵਿਚ, ਜਿਕੇ OHE ਦੀ ਅਰਥਿੰਗ ਨੂੰ ਬਿਹਤਰ ਬਨਾਉਣ ਦੇ ਲਈ AEC ਵਾਯਰ ਅਤੇ S.S. ਬਾਂਡ ਦਾ ਪ੍ਰਬੰਧ ਕਰਨਾ। |
| 2 | ਅੰਦਾਜਨ ਲਾਗਤ | ₹ 5,32,17,329.96/- |
| 3 | ਬਿਆਨਾ ਰਾਸ਼ੀ | ₹ 10,64,400/- |
| 4 | ਈ-ਨਿਵਿਦਾ ਆਨਲਾਈਨ ਜਮ੍ਹਾ ਕਰਨ ਦਾ ਸਮਾਂ | 16.07.2026 (00:00 ਵਜੇ) ਤੋਂ 30.07.2026 (15:00 ਵਜੇ ਤਕ ) |
| 5 | ਈ-ਨਿਵਿਦਾ ਸਮਾਪਤੀ ਦੀ ਅੰਤਮ ਅਤੇ ਈ-ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | 30.07.2026 (15:00 ਵਜੇ) |
| 6 | ਨਿਵਿਦਾ ਛਪਾਈ ਦੀ ਲਾਗਤ | RRSK (PH-36) |
| 7 | ਵੈਬਸਾਈਟ ਵੇਰਵਾ ਜਿਥੋਂ ਨਿਵਿਦਾ ਦਸਤਾਵੇਜਾਂ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ। | www.ireps.gov.in |

ਨਿਵਿਦਾ ਸੰਖਿਆ: 17-ਕ.ਵਿ.-ਨਵੀਂ ਦਿੱਲੀ-2026-27 ਮਿਤੀ : 01.07.2026 2258/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਤੀਜੀ ਭਾਸ਼ਾ ਦਾ ਨਿਯਮ ਇਸ ਵੇਲੇ ਦਸਵੀਂ ਕਰ ਰਹੇ ਵਿਦਿਆਰਥੀਆਂ 'ਤੇ ਲਾਗੂ ਨਹੀਂ ਹੋਵੇਗਾ: ਸੀ ਬੀ ਐੱਸ ਈ

## ਸੱਤਵੀਂ, ਅੱਠਵੀਂ ਅਤੇ ਨੌਵੀਂ ਜਮਾਤ ਕਰ ਰਹੇ ਵਿਦਿਆਰਥੀਆਂ ਲਈ ਵਿਸ਼ੇਸ਼ ਛੋਟ; ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ ਨਹੀਂ ਹੋਵੇਗੀ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੈਂਟਰਲ ਬੋਰਡ ਆਫ ਸੈਕੰਡਰੀ ਐਜੂਕੇਸ਼ਨ (ਸੀ ਬੀ ਐੱਸ ਈ) ਨੇ ਅੱਜ ਭਾਸ਼ਾ ਨੀਤੀ ਨੂੰ ਲੈ ਕੇ ਵਿਦਿਆਰਥੀਆਂ ਨੂੰ ਰਾਹਤ ਦਿੱਤੀ ਹੈ। ਬੋਰਡ ਨੇ ਸਪਸ਼ਟ ਕੀਤਾ ਹੈ ਕਿ ਸਾਲ 2026-27 ਦੌਰਾਨ ਦਸਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ 'ਤੇ ਨਵੀਂ ਤਿੰਨ-ਭਾਸ਼ਾ ਨੀਤੀ ਲਾਗੂ ਨਹੀਂ ਹੋਵੇਗੀ। ਇਹ ਵਿਦਿਆਰਥੀ ਪਹਿਲਾਂ ਵਾਂਗ ਸਿਰਫ਼ ਦੋ ਭਾਸ਼ਾਵਾਂ ਨਾਲ ਹੀ ਆਪਣੀ ਬੋਰਡ ਪ੍ਰੀਖਿਆ ਦੇਣਗੇ ਅਤੇ ਉਨ੍ਹਾਂ ਲਈ ਤੀਜੀ ਭਾਸ਼ਾ ਲਾਜ਼ਮੀ ਨਹੀਂ ਹੋਵੇਗੀ।

ਸੀਬੀਐੱਸਈ ਨੇ ਇਹ ਵੀ ਐਲਾਨ ਕੀਤਾ ਹੈ ਕਿ ਮੌਜੂਦਾ ਸਮੇਂ ਸੱਤਵੀਂ, ਅੱਠਵੀਂ ਅਤੇ ਨੌਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਵੀ ਇਕ ਵਾਰ ਦੀ ਵਿਸ਼ੇਸ਼ ਛੋਟ ਦਿੱਤੀ ਜਾ ਰਹੀ ਹੈ। ਜਦੋਂ ਇਹ ਵਿਦਿਆਰਥੀ ਦਸਵੀਂ ਵਿੱਚ ਪਹੁੰਚਣਗੇ ਤਾਂ ਤੀਜੀ ਭਾਸ਼ਾ ਦੀ ਕੋਈ ਬੋਰਡ ਪ੍ਰੀਖਿਆ ਨਹੀਂ ਹੋਵੇਗੀ। ਇਸ ਭਾਸ਼ਾ ਦਾ ਮੁਲਾਂਕਣ ਸਿਰਫ਼ ਸਕੂਲ ਵੱਲੋਂ ਅੰਦਰੂਨੀ ਪ੍ਰੀਖਿਆ ਰਾਹੀਂ ਕੀਤਾ ਜਾਵੇਗਾ। ਕੌਮੀ ਸਿੱਖਿਆ ਨੀਤੀ (ਐੱਨਈਪੀ) 2020 ਅਨੁਸਾਰ ਹਰ ਵਿਦਿਆਰਥੀ ਨੂੰ ਤਿੰਨ ਭਾਸ਼ਾਵਾਂ ਪੜ੍ਹਨੀਆਂ ਹੋਣਗੀਆਂ ਜਿਨ੍ਹਾਂ ਵਿੱਚੋਂ ਘੱਟ-ਘੱਟ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਲਾਜ਼ਮੀ ਹਨ। ਜੇਕਰ ਦੋ ਭਾਸ਼ਾਵਾਂ ਭਾਰਤੀ ਹਨ ਤਾਂ ਤੀਜੀ ਭਾਸ਼ਾ ਵਜੋਂ ਅੰਗਰੇਜ਼ੀ ਜਾਂ ਫਰੈਂਚ ਵਰਗੀ ਗੈਰ-ਭਾਰਤੀ ਭਾਸ਼ਾ ਵੀ ਚੁਣੀ ਜਾ ਸਕਦੀ ਹੈ।

ਬੋਰਡ ਨੇ ਸਪੱਸ਼ਟ ਕੀਤਾ ਹੈ ਕਿ ਸਾਲ 2026-27 ਦੌਰਾਨ ਨੌਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਇੱਕ ਵਾਰ ਦੀ ਵਿਸ਼ੇਸ਼ ਰਾਹਤ ਦਿੱਤੀ ਗਈ ਹੈ। ਜੇਕਰ ਕੋਈ ਵਿਦਿਆਰਥੀ ਪਹਿਲਾਂ ਹੀ ਦੋ ਹੋਰ ਭਾਰਤੀ ਭਾਸ਼ਾਵਾਂ ਪੜ੍ਹ ਰਿਹਾ ਹੈ ਤਾਂ ਉਸ ਨੂੰ ਸਿਰਫ਼ ਇੱਕ ਵਾਧੂ ਭਾਰਤੀ ਭਾਸ਼ਾ ਸ਼ਾਮਲ ਕਰਨੀ ਹੋਵੇਗੀ।

ਬੋਰਡ ਨੇ ਕਿਹਾ ਹੈ ਕਿ ਮੌਜੂਦਾ ਸੱਤਵੀਂ ਅਤੇ ਅੱਠਵੀਂ ਜਮਾਤ ਦੇ



ਵਿਦਿਆਰਥੀ ਵੀ ਤਿੰਨ ਭਾਸ਼ਾਵਾਂ ਦੀ ਪੜ੍ਹਾਈ ਜਾਰੀ ਰੱਖਣਗੇ, ਜਿਨ੍ਹਾਂ ਵਿੱਚੋਂ ਦੋ ਭਾਰਤੀ ਭਾਸ਼ਾਵਾਂ ਹੋਣੀਆਂ ਲਾਜ਼ਮੀ ਹਨ। ਜੇਕਰ ਇਨ੍ਹਾਂ ਵਿਦਿਆਰਥੀਆਂ ਨੇ ਪਹਿਲਾਂ ਹੀ ਦੋ ਗੈਰ-ਭਾਰਤੀ ਭਾਸ਼ਾਵਾਂ ਚੁਣੀਆਂ ਹੋਈਆਂ ਹਨ ਤਾਂ ਉਨ੍ਹਾਂ ਨੂੰ ਇੱਕ ਵਾਧੂ ਭਾਰਤੀ ਭਾਸ਼ਾ ਪੜ੍ਹਨੀ ਹੋਵੇਗੀ। ਇਸ ਤੀਜੀ ਭਾਸ਼ਾ ਦੀ ਵੀ ਸਿਰਫ਼ ਸਕੂਲ ਪੱਧਰ 'ਤੇ ਅੰਦਰੂਨੀ ਪ੍ਰੀਖਿਆ ਹੋਵੇਗੀ ਅਤੇ ਦਸਵੀਂ ਵਿੱਚ ਇਸ ਦਾ ਕੋਈ ਬੋਰਡ ਪੇਪਰ ਨਹੀਂ ਹੋਵੇਗਾ।

**ਵਿਦਿਆਰਥੀਆਂ ਦੇ ਮਾਪਿਆਂ ਦਾ ਤਬਾਦਲਾ ਹੋਣ 'ਤੇ ਸਕੂਲ ਕਰਨਗੇ ਤੀਜੀ ਭਾਸ਼ਾ ਦੀ ਪੜ੍ਹਾਈ ਦੇ ਪ੍ਰਬੰਧ**

ਸੀ ਬੀ ਐੱਸ ਈ ਨੇ ਕਿਹਾ ਹੈ ਕਿ ਜੇਕਰ ਕਿਸੇ ਵਿਦਿਆਰਥੀ ਦੇ ਮਾਪਿਆਂ ਦਾ ਤਬਾਦਲਾ ਕਿਸੇ ਹੋਰ ਰਾਜ ਵਿੱਚ ਹੋ ਜਾਂਦਾ ਹੈ ਤਾਂ ਵਿਦਿਆਰਥੀ ਪਹਿਲਾਂ ਚੁਣੀ ਗਈ ਤੀਜੀ ਭਾਸ਼ਾ (ਆਰ-3) ਨੂੰ ਨੌਵੀਂ ਜਮਾਤ ਵਿੱਚ ਵੀ ਜਾਰੀ ਰੱਖ ਸਕਣਗੇ। ਅਜਿਹੇ ਮਾਮਲਿਆਂ ਵਿੱਚ ਸਕੂਲਾਂ ਦੀ ਜ਼ਿੰਮੇਵਾਰੀ ਹੋਵੇਗੀ ਕਿ ਉਹ ਵਿਦਿਆਰਥੀਆਂ ਦੀ ਚੁਣੀ ਹੋਈ ਭਾਸ਼ਾ ਦੀ ਪੜ੍ਹਾਈ ਲਈ ਲੋੜੀਂਦੇ ਸਾਰੇ ਪ੍ਰਬੰਧ ਯਕੀਨੀ ਬਣਾਉਣ।

**ਹੁਣ ਛੇਵੀਂ ਜਮਾਤ ਵਿਚ ਪੜ੍ਹ ਰਹੇ ਵਿਦਿਆਰਥੀ ਦਸਵੀਂ ਵਿਚ ਦੇਣਗੇ ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ**

ਹਾਲਾਂਕਿ ਮੌਜੂਦਾ ਛੇਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਛੋਟ ਲਾਗੂ ਨਹੀਂ ਹੋਵੇਗੀ। ਜਦੋਂ ਇਹ ਵਿਦਿਆਰਥੀ ਦਸਵੀਂ ਵਿੱਚ ਪਹੁੰਚਣਗੇ ਤਾਂ ਉਨ੍ਹਾਂ ਨੂੰ ਤੀਜੀ ਭਾਸ਼ਾ ਦੀ ਬੋਰਡ ਪ੍ਰੀਖਿਆ ਦੇਣੀ ਹੋਵੇਗੀ। ਇਸ ਬੈਚ ਅਤੇ ਅਗਲੇ ਸਾਰੇ ਬੈਚਾਂ ਲਈ ਤਿੰਨ ਭਾਸ਼ਾਵਾਂ ਵਿੱਚੋਂ ਦੋ ਭਾਰਤੀ ਭਾਸ਼ਾਵਾਂ ਲਾਜ਼ਮੀ ਰਹਿਣਗੀਆਂ। ਸੀਬੀਐੱਸਈ ਨੇ ਇਹ ਵੀ ਦੱਸਿਆ ਹੈ ਕਿ ਛੇਵੀਂ ਜਮਾਤ ਲਈ ਸੰਵਿਧਾਨ ਦੀ ਅੱਠਵੀਂ ਅਨੁਸੂਚੀ ਵਿੱਚ ਦਰਜ 22 ਭਾਰਤੀ ਭਾਸ਼ਾਵਾਂ ਦੀਆਂ ਨਵੀਆਂ ਪਾਠ ਪੁਸਤਕਾਂ ਵੀ ਉਪਲਬਧ ਕਰਵਾਈਆਂ ਜਾਣਗੀਆਂ।

**ਵਿਦੇਸ਼ ਵਿਚ ਰਹਿਣ ਵਾਲਿਆਂ ਨੂੰ ਤੀਜੀ ਭਾਸ਼ਾ ਪੜ੍ਹਨੀ ਲਾਜ਼ਮੀ ਨਹੀਂ**

ਸੀ ਬੀ ਐਸ ਈ ਨੇ ਵਿਦੇਸ਼ਾਂ ਵਿੱਚ ਸਥਿਤ ਸੀਬੀਐੱਸਈ ਸਕੂਲਾਂ ਲਈ ਪੂਰੀ ਛੋਟ ਦਿੱਤੀ ਹੈ। ਇਨ੍ਹਾਂ ਸਕੂਲਾਂ ਦੇ ਵਿਦਿਆਰਥੀਆਂ ਲਈ ਤੀਜੀ ਭਾਸ਼ਾ ਵਜੋਂ ਭਾਰਤੀ ਭਾਸ਼ਾ ਪੜ੍ਹਨਾ ਲਾਜ਼ਮੀ ਨਹੀਂ ਹੋਵੇਗਾ। ਇਸੇ ਤਰ੍ਹਾਂ ਵਿਦੇਸ਼ ਤੋਂ ਵਾਪਸ ਭਾਰਤ ਆਉਣ ਵਾਲੇ ਵਿਦਿਆਰਥੀਆਂ ਨੂੰ ਵੀ ਤੀਜੀ ਭਾਸ਼ਾ ਵਜੋਂ ਭਾਰਤੀ ਭਾਸ਼ਾ ਪੜ੍ਹਨ ਤੋਂ ਛੋਟ ਦਿੱਤੀ ਗਈ ਹੈ।

# ਮੈਡਮ ਖੁਸ਼ਬੂ ਸਵਨਾ ਵੱਲੋਂ ਫਾਜ਼ਿਲਕਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿਖੇ ਕੀਤੀ ਰਾਸ਼ਨ ਕਿੱਟਾਂ ਦੀ ਵੰਡ



**ਫਾਜ਼ਿਲਕਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਦੀ ਧਰਮ ਪਤਨੀ ਅਤੇ ਖੁਸ਼ੀ ਫਾਉਂਡੇਸ਼ਨ ਦੀ ਚੇਅਰਪਰਸਨ ਮੈਡਮ ਖੁਸ਼ਬੂ ਸਵਨਾ ਵੱਲੋਂ ਫਾਜ਼ਿਲਕਾ ਹਲਕੇ ਦੇ ਵੱਖ-ਵੱਖ ਪਿੰਡਾਂ ਵਿਖੇ ਕੀਤੀ ਰਾਸ਼ਨ ਕਿੱਟਾਂ ਦੀ ਵੰਡ ਕੀਤੀ । ਮੈਡਮ ਖੁਸ਼ਬੂ ਸਾਵਨ ਸੁਖਾ ਸਵਣਾ ਵੱਲੋਂ ਪਿੰਡ ਬਨਵਾਲਾ ਹਨੁਮਤਾ, ਹੀਰਾ ਵਾਲੀ, ਨਵਾਂ ਮੂੰਬੇ ਕੇ, ਆਵਾ, ਵੱਡਾ ਮੁੰਬੇ ਕੇ, ਛੋਟੀ ਓਡੀਆਂ ,ਕੇਰੀਆਂ ,ਚਾਨਣ ਵਾਲਾ ਵਿਖੇ ਰਾਸ਼ਨ ਕਿੱਟਾਂ ਦੀ ਵੰਡ ਕੀਤੀ ।

ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਭਲਾਈ ਸਕੀਮਾਂ ਤਹਿਤ ਕੀਤੀ ਗਈ ਇਸ ਵੰਡ ਦੌਰਾਨ ਦਾਲਾਂ, ਚੌਲ, ਆਟਾ, ਤੇਲ ਅਤੇ ਹੋਰ ਰੋਜ਼ਾਨਾ ਵਰਤੋਂ ਦੀਆਂ ਵਸਤੂਆਂ ਵਾਲੀਆਂ ਕਿੱਟ ਲਾਭਪਾਤਰੀਆਂ ਨੂੰ ਸੌਂਪੀਆਂ ਗਈਆਂ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਕਿਸੇ ਵੀ ਗਰੀਬ ਅਤੇ ਲੋੜਵੰਦ ਪਰਿਵਾਰ ਨੂੰ ਭੁੱਖਾ ਨਾ ਸੌਣ ਦੇਣਾ ਹੈ। ਸਰਕਾਰ ਵੱਲੋਂ ਭੇਜੀ ਜਾ ਰਹੀ ਮਦ ਸਿੱਧੇ ਤੌਰ 'ਤੇ ਹੱਕਦਾਰਾਂ ਤੱਕ ਪਹੁੰਚਾਈ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਤੁਰੰਤ ਰਾਹਤ ਮਿਲ ਸਕੇ। ਰਾਸ਼ਨ ਕਿੱਟਾਂ ਪ੍ਰਾਪਤ ਕਰਨ ਵਾਲੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮਦ ਉਨ੍ਹਾਂ ਲਈ ਵੱਡੀ ਰਾਹਤ ਬਣੀ ਹੈ।

ਇਸ ਮੌਕੇ ਤੇ ਸਰਪੰਚ ਅਮਨਦੀਪ ਸਿੰਘ ਹੀਰਾ ਵਾਲੀ ਵਿਨੋਦ ਕੁਮਾਰ ਮੇਲਪਾਲ ਬਲਾਕ ਪ੍ਰਧਾਨ ਸੋਸ਼ਲ ਮੀਡੀਆ ਆਵਾ ਪਿੰਡ ਰਾਜ ਕੁਮਾਰ ਨਾਵਾ ਮੁੰਬੇ ਕੇ ਰਜਿੰਦਰ ਕੁਮਾਰ ਵੱਡਾ ਮੰਬੇ ਕੇ ਦਰਸ਼ਨ ਸਿੰਘ, ਸਰਪੰਚ ਛੋਟੀ ਉਡੀਆਂ ਗੁਰਸੇਵਕ ਸਿੰਘ ਮੈਂਬਰ ਸੰਦੀਪ ਕੌਰ ਮਨਪ੍ਰੀਤ ਕੌਰ ਇੰਦਰ ਮੋਹਨ ਰਾਮੇਸ਼ ਸਿੰਘ ਉਡੀਆਂ ਅਮਨ ਚੰਦ ਮੈਂਬਰ ਸੁਨੀਤਾ ਰਾਣੀ ਸੁਮਨ ਰਾਣੀ ਦਲੀਪ ਸਿੰਘ ਛਿੰਦਰ ਕੌਰ ਸਰਪੰਚ ਕੇਰੀਆਂ ਰਾਕੇਸ਼ ਦਾਹੀਆ ਮੈਂਬਰ ਸਰੋਜ਼ ਰਾਣੀ ਚਾਨਣ ਵਾਲਾ ਮਨੀਸ਼ ਕੁਮਾਰ ਮੈਂਬਰ ਪ੍ਰੇਮ ਸਿੰਘ ਵਾਰਡ ਇਨਚਾਰਜ ਬਿੱਟੂ ਸੇਤੀਆ ਬਬਲੀ ਰਵਾੜੀਆ ਹਿਮਾਂਸ਼ੂ ਸੋਣੀਆ ਬਲਾਕ ਪ੍ਰਧਾਨ ਵੋਮੈਨ ਵਿੰਗ,ਵਿਜੈ ਨਾਗਪਾਲ ਹਰੀਸ਼ ਠਾਕੁਰ ਮੌਜੂਦ ਸੀ

# ਕੰਟਰੈਕਟ ਕਾਮਿਆਂ ਵੱਲੋਂ ਮਸਲੇ ਹੱਲ ਨਾ ਹੋਣ 'ਤੇ ਰੈਲੀ; ਮੰਨੀਆਂ ਮੰਗਾਂ ਨੂੰ ਤੁਰੰਤ ਲਾਗੂ ਕਰਨ ਦੀ ਮੰਗ



**ਭਵਾਨੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੈਪਸੀਕੋ ਇੰਡੀਆ ਕੰਟਰੈਕਟ ਵਰਕਰਜ਼ ਯੂਨੀਅਨ ਚੰਨੋਂ ਨੇ ਮੈਨੇਜਮੈਂਟ ਅਤੇ ਠੇਕੇਦਾਰਾਂ ਵੱਲੋਂ ਮੰਨੀਆਂ ਗਈਆਂ ਮੰਗਾਂ ਨੂੰ ਲਾਗੂ ਨਾ ਕਰਨ ਦੇ ਰੋਸ ਵਜੋਂ ਅੱਜ ਬਠਿੰਡਾ-ਚੰਡੀਗੜ੍ਹ ਨੈਸ਼ਨਲ ਹਾਈਵੇਅ 'ਤੇ ਟੌਲ ਪਲਾਜ਼ਾ ਕਾਲਾਝਾੜ @ਤੇ ਰੈਲੀ ਕੀਤੀ ਗਈ।

ਰੈਲੀ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਪ੍ਰਧਾਨ ਕਸ਼ਮੀਰ ਸਿੰਘ ਅਤੇ ਮੀਤ ਪ੍ਰਧਾਨ ਪ੍ਰਦੀਪ ਸਿੰਘ ਨੇ ਦੱਸਿਆ ਕਿ ਪੈਪਸੀਕੋ ਦੇ ਪ੍ਰਬੰਧਕਾਂ ?/ ਸਮੂਹ ਠੇਕੇਦਾਰਾਂ ਨੇ ਪੁਲੀਸ ਪ੍ਰਸ਼ਾਸਨਕ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕਾਮਿਆਂ ਨੂੰ ? 26 ਦਿਨ ਕੰਮ ਦੇਣ, ਕੰਮ ਦਾ ਲੋਡ ਘਟਾਉਣ, ਮਹਿੰਗਾਈ ਮੁਤਾਬਕ ਤਨਖਾਹਾਂ ਵਿੱਚ ਵਾਧਾ ਕਰਨ, ਸਰਵਿਸ ਵਿੱਚ ਬ੍ਰੇਕ ਸਿਸਟਮ ਖਤਮ ਕਰਨ ਅਤੇ ਡਿਊਟੀ ਲਈ ਟਰਾਂਸਪੋਰਟ ਦੀ ਸੇਵਾ ਦੇਣ ? ਆਦਿ ਮੰਗਾਂ ਸਬੰਧੀ ਸਾਂਝੀ ਮੀਟਿੰਗ ਵਿੱਚ ਵਿਚਾਰ ਕੇ ਹੱਲ ਕਰਨ ਦਾ ਸਮਝੌਤਾ ਸੀ ਪ੍ਰੰਤੂ ਕੰਪਨੀ ਪ੍ਰਬੰਧਕਾਂ ਤੇ ਠੇਕੇਦਾਰਾਂ ਵੱਲੋਂ ਡਿਊਟੀ ਕਾਮਿਆਂ ਦੀ ਜਬਰੀ ਬ੍ਰੇਕ ਪਾਈ ਜਾ ਰਹੀ ਹੈ, ਜੋ ਕਿ ਨਵੀਂ ਭਰਤੀ ਸ਼ੁਰੂ ਕਰਕੇ ਪਹਿਲੇ ਕੰਟਰੈਕਟ ਮਜ਼ਦੂਰਾਂ ? ਨੂੰ ਬੇਰੁਜ਼ਗਾਰ ਕਰਨ ਦੀ ਸਾਜ਼ਿਸ਼ ਹੈ।

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਹਰਜੀਤ ਸਿੰਘ ਸਿੰਘ ਮਹਿਲਾਂ , ਬਲਵਿੰਦਰ ਸਿੰਘ ਘਨੌੜ ਜੱਟਾਂ, ਸਾਬਕਾ ? ਸੈਨਿਕ ਕ੍ਰਾਂਤੀਕਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਪ੍ਰਗਟ ਸਿੰਘ ?, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ ?ਦੇ ਪ੍ਰਧਾਨ ਮੁਕੇਸ਼ ਮਲੌਦ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਲੁਧਿਆਣਾ ਪ੍ਰਧਾਨ ਹਰਜਿੰਦਰ ਸਿੰਘ ?, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ? ਯੂਨੀਅਨ ਦੇ ਪ੍ਰਧਾਨ ਲਖਵੀਰ ਸਿੰਘ ? ਲੌਂਗੋਵਾਲ, ਟੌਲ ਪਲਾਜ਼ਾ ਯੂਨੀਅਨ ਪੰਜਾਬ ਪ੍ਰਧਾਨ ਲਾਡੀ ਸਿੰਘ ਆਦਿ ਨੇ ਮਜ਼ਦੂਰ ਮਸਲਿਆਂ ਸਬੰਧੀ ਚੱਲ ਰਹੇ ਸੰਘਰਸ਼ @ਚ ਹਰ ਪੱਖੋਂ ਮੱਦਦ ਕਰਨ ਦਾ ਭਰੋਸਾ ਦਿੱਤਾ।

ਮੈਨੇਜਮੈਂਟ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਕੰਪਨੀ ਵੱਲੋਂ ਹਰ ਮਸਲੇ ਨੂੰ ਗੱਲਬਾਤ ਰਾਹੀਂ ਹੱਲ ਕਰਨ ਨੂੰ ਤਰਜੀਹ ਦਿੱਤੀ ਜਾਂਦੀ ਹੈ।

# ਭਾਜਪਾ ਪੂਰੀ ਤਾਕਤ ਨਾਲ ਮੈਦਾਨ 'ਚ ਉਤਰੇਗੀ: ਹਰਪਾਲਪੁਰ

## ਮਹਾਰਾਜਾ ਰਣਜੀਤ ਸਿੰਘ ਦੇ ਰਾਜ ਤੋਂ ਪ੍ਰੇਰਣਾ ਲੈ ਕੇ ਪੰਜਾਬ ਨੂੰ ਤਰੱਕੀ ਦੇ ਰਾਹ 'ਤੇ ਲਿਆਂਦਾ ਜਾਵੇਗਾ

**ਰਾਜਪੁਰਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**




ਹਲਕਾ ਘਨੌਰ ਤੋਂ ਭਾਜਪਾ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਲਾਈ ਗਈ ਠੰਢੇ ਮਿੱਠੇ ਜਲ ਦੀ ਛਬੀਲ ਦੀ ਸਮਾਪਤੀ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਸਰਕਾਰ ਬਣਾਉਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਅਮਨ-ਕਾਨੂੰਨ, ਬੇਰੁਜ਼ਗਾਰੀ, ਸਿਹਤ ਅਤੇ ਸਿੱਖਿਆ ਸਮੇਤ ਕਈ ਖੇਤਰਾਂ ਵਿੱਚ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸੂਬੇ ਦੇ ਵਿਕਾਸ ਲਈ ਕੇਂਦਰ ਸਰਕਾਰ ਨਾਲ ਮਜ਼ਬੂਤ ਤਾਲਮੇਲ ਬਹੁਤ ਜ਼ਰੂਰੀ ਹੁੰਦਾ ਹੈ ਤਾਂ ਜੋ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚ ਸਕੇ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਮਹਾਰਾਜਾ ਰਣਜੀਤ ਸਿੰਘ ਦੇ ਸੁਸ਼ਾਸਨ ਤੋਂ ਪ੍ਰੇਰਣਾ ਲੈ ਕੇ ਪੰਜਾਬ ਵਿੱਚ ਵਿਕਾਸ ਅਤੇ ਇਨਸਾਫ਼ ਆਧਾਰਿਤ ਰਾਜ ਕਾਇਮ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਰਾਜ ਵਿੱਚ ਕਿਸੇ ਨਾਲ ਧੱਕਾ ਜਾਂ ਵਿਤਕਰਾ ਨਹੀਂ ਹੋਵੇਗਾ, ਨਾਜਾਇਜ਼ ਪਰਚਿਆਂ ਦੀ ਪ੍ਰਥਾ ਨੂੰ ਖ਼ਤਮ ਕੀਤਾ ਜਾਵੇਗਾ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸੂਬੇ ਦੇ ਹਰ ਵਰਗ ਦੀ ਤਰੱਕੀ ਨੂੰ ਪਹਿਲ ਦਿੱਤੀ ਜਾਵੇਗੀ। ਇਸ ਮੌਕੇ ਗੁਰਸੇਵਕ ਸਿੰਘ ਭੱਟਮਾਜਰਾ, ਰਾਜਵੀਰ ਸਿੰਘ ਚੱਪੜ, ਬਲਜਿੰਦਰ ਸਿੰਘ ਚੱਪੜ, ਸੁਖਵਿੰਦਰ ਸਿੰਘ ਬੱਤੀ, ਹਰਮਨਦੀਪ ਸਿੰਘ, ਹਰਦੀਪ ਸ਼ਰਮਾ ਅਤੇ ਤਰਨਦੀਪ ਸਿੰਘ ਸਮੇਤ ਕਈ ਆਗੂ ਹਾਜ਼ਰ ਸਨ।

# 0 ਤੋਂ 5 ਸਾਲ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ



**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਲਖਵਿੰਦਰ ਸਿੰਘ ਦੀ ਅਗਵਾਈ ਵਿੱਚ ਸਿਹਤ ਬਲਾਕ ਮਾਛੀਵਾੜਾ ਸਾਹਿਬ ਵਿਚ 0 ਤੋਂ 5 ਸਾਲ ਦੀ ਉਮਰ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ।

ਐਸ.ਐਮ. ਓ .ਡਾ. ਲਖਵਿੰਦਰ ਸਿੰਘ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਪਲਸ ਪੋਲੀਓ ਮੁਹਿੰਮ ਤਹਿਤ ਸਿਹਤ ਵਿਭਾਗ ਵਲੋਂ ਬਣਾਏ ਬੂਥਾਂ ਤੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਤਾਂ ਜੋ ਬੱਚਿਆਂ ਨੂੰ ਪੋਲੀਓ ਦੀ ਬਿਮਾਰੀ ਤੋਂ ਸੁਰੱਖਿਅਤ ਕੀਤਾ ਜਾ ਸਕੇ।

ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਮਿਤੀ 29 ਅਤੇ 2 ਜੁਲਾਈ 2026 ਨੂੰ ਸਿਹਤ ਵਿਭਾਗ ਦੀਆਂ ਟੀਮਾਂ ਘਰ ਘਰ ਤੱਕ ਪਹੁੰਚ ਕਰਕੇ ਪੋਲੀਓ ਰੋਕੂ ਦਵਾਈ ਪੀਣ ਤੋਂ ਵਾਂਝੇ ਰਹਿ ਗਏ ਬੱਚਿਆਂ ਨੂੰ ਦਵਾਈ ਪਿਲਾਉਣਗੇ।

ਐਸ ਐਮ ਓ ਡਾ ਲਖਵਿੰਦਰ ਸਿੰਘ ਵਲੋਂ ਵੱਖ ਵੱਖ ਬੂਥਾਂ ਤੇ ਜਾ ਕੇ ਸੁਪਰਵਿਜ਼ਨ ਕੀਤੀ ਗਈ ਇਸ ਮੌਕੇ ਡਾ ਰਸ਼ਪਾਲ ਸਿੰਘ ਵੀ ਨਾਲ ਮੌਜੂਦ ਰਹੇ।

# ਕਿਸਾਨਾਂ ਨੇ ਗਰਿੱਡਾਂ ਅੱਗੇ ਰੋਸ ਪ੍ਰਗਟਾਇਆ; ਬਿਜਲੀ ਸਪਲਾਈ ਦਾ ਮਾੜਾ ਹਾਲ

**ਸੰਗਰੂਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ (ਏਕਤਾ)-ਆਜ਼ਾਦ ਪਿੰਡ ਮੰਗਵਾਲ ਇਕਾਈ ਦੇ ਪ੍ਰਧਾਨ ਸ਼ਮਸ਼ੇਰ ਸਿੰਘ ਰਾਣੂ ਦੀ ਅਗਵਾਈ ਹੇਠ ਬਿਜਲੀ ਗਰਿੱਡ ਮੰਗਵਾਲ ਅੱਗੇ ਧਰਨਾ ਦਿੱਤਾ ਗਿਆ ਅਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਕਿਸਾਨ ਖੇਤੀਬਾੜੀ ਲਈ ਲੋੜੀਂਦੀ ਬਿਜਲੀ ਸਪਲਾਈ ਨਾ ਮਿਲਣ ਤੋਂ ਖਫ਼ਾ ਸਨ। ਯੂਨੀਅਨ ਦੇ ਸੂਬਾ ਆਗੂ ਗੁਰਦੇਵ ਸਿੰਘ ਗੱਜੂਮਾਜਰਾ, ਸੀਨੀਅਰ ਆਗੂ ਗੋਬਿੰਦਰ ਸਿੰਘ ਮੰਗਵਾਲ ਅਤੇ ਰਾਜਪਾਲ ਸਿੰਘ ਮੰਗਵਾਲ ਨੇ ਕਿਹਾ ਕਿ ਝੋਨੇ ਦਾ ਸੀਜ਼ਨ ਜ਼ੋਰਾਂ 'ਤੇ ਹੈ ਪਰ ਸਰਕਾਰ ਦੇ ਦਾਅਵਿਆਂ ਅਨੁਸਾਰ ਅੱਠ ਘੰਟੇ ਵੀ ਸਪਲਾਈ ਨਹੀਂ ਮਿਲ ਰਹੀ। ਵੱਡੇ-ਵੱਡੇ ਕੱਟ ਲਾਏ ਜਾ ਰਹੇ ਹਨ ਜਿਸ ਕਰਕੇ ਝੋਨੇ ਦੀ ਲਵਾਈ ਪ੍ਰਭਾਵਿਤ ਹੋ ਰਹੀ ਹੈ। ਕਰੀਬ ਡੇਢ ਵਜੇ ਬਿਜਲੀ ਗਰਿੱਡ ਦਾ ਘਿਰਾਓ ਕਰ ਲਿਆ ਜਿਸ ਤੋਂ ਬਾਅਦ ਪਾਵਰਕੌਮ ਦੇ ਕਾਰਜਕਾਰੀ ਇੰਜਨੀਅਰ ਨੇ ਪੁੱਜ ਕੇ ਕਿਸਾਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਇੱਕ-ਦੋ ਦਿਨਾਂ ਵਿੱਚ ਬਿਜਲੀ ਸਪਲਾਈ ਦੀ ਸਮੱਸਿਆ ਦਾ ਹੱਲ ਕਰ ਦਿੱਤਾ ਜਾਵੇਗਾ ਜਿਸ ਮਗਰੋਂ ਧਰਨਾ ਸਮਾਪਤ ਕੀਤਾ ਗਿਆ।

ਇਸ ਮੌਕੇ ਕਿਸਾਨ ਆਗੂ ਬਾਰਾ ਸਿੰਘ, ਬਲਦੇਵ ਸਿੰਘ ਰਾਣੂ, ਬਲਜੀਤ ਸਿੰਘ ਗਰੇਵਾਲ, ਲਾਭ ਸਿੰਘ ਮਾਨ, ਕਰਮਜੀਤ ਸਿੰਘ, ਸ਼ੁਸ਼ੀਲ ਕੁਮਾਰ, ਨਾਨਕ ਸਿੰਘ ਥਲੇਸਾਂ, ਕਰਮਜੀਤ ਸਿੰਘ ਗੋਂਦਾਰਾ, ਮੁਖਤਿਆਰ ਸਿੰਘ ਖੁਰਾਣਾ, ਭਾਨ ਸਿੰਘ ਸੋਹੀਆਂ ਕਲਾਂ ਆਦਿ ਹਾਜ਼ਰ ਸਨ।

# ਪੰਜਾਬੀ 'ਵਰਸਿਟੀ ਸਕਾਲਰਸ਼ਿਪ ਘਪਲੇ 'ਚ ਈ ਡੀ ਨੇ ਜਾਂਚ ਆਰੰਭੀ

## ਸਬ-ਰਜਿਸਟਰਾਰ ਦਫ਼ਤਰ ਤੋਂ ਮੁੱਖ ਮੁਲਜ਼ਮਾਂ ਦੀਆਂ ਜਾਇਦਾਦਾਂ ਦਾ ਰਿਕਾਰਡ ਮੰਗਿਆ; ਯੂਨੀਵਰਸਿਟੀ ਜਾਂਚ ਕਮੇਟੀ ਪਹਿਲਾਂ ਹੀ ਸੌਂਪ ਚੁੱਕੀ ਹੈ ਰਿਪੋਰਟ

**ਪਟਿਆਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੇ ਪੰਜਾਬੀ ਯੂਨੀਵਰਸਿਟੀ ਵਿੱਚ ਕੁਝ ਸਾਲ ਪਹਿਲਾਂ ਹੋਏ ਕਰੋੜਾਂ ਰੁਪਏ ਦੇ ਕਥਿਤ ਸਕਾਲਰਸ਼ਿਪ ਘਪਲੇ ਦੇ ਮਾਮਲੇ ਵਿੱਚ ਹੁਣ ਕੇਂਦਰ ਸਰਕਾਰ ਦੀ ਪ੍ਰਮੁੱਖ ਏਜੰਸੀ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਦਸਤਕ ਦੇ ਦਿੱਤੀ ਹੈ। ਈ ਡੀ ਨੇ ਇਸ ਮਾਮਲੇ ਦੀ ਮਨੀ ਲਾਂਡਰਿੰਗ ਰੋਕੂ ਐਕਟ 2002 ਤਹਿਤ ਜਾਂਚ ਸ਼ੁਰੂ ਕੀਤੀ ਹੈ। ਕੇਂਦਰੀ ਏਜੰਸੀ ਨੇ ਪਟਿਆਲਾ ਦੇ ਸਬ-ਰਜਿਸਟਰਾਰ ਦਫ਼ਤਰ ਨੂੰ ਪੱਤਰ ਲਿਖ ਕੇ ਮਾਮਲੇ ਦੇ ਮੁੱਖ ਮੁਲਜ਼ਮਾਂ ਦੀਆਂ ਜਾਇਦਾਦਾਂ ਦਾ ਰਿਕਾਰਡ ਮੰਗਿਆ ਹੈ।

ਜਾਣਕਾਰੀ ਅਨੁਸਾਰ ਈ ਡੀ ਨੇ ਮੁੱਖ ਮੁਲਜ਼ਮ ਨਿਸ਼ੂ ਚੌਧਰੀ ਨਾਲ ਸਬੰਧਤ 20 ਤੋਂ ਵੱਧ ਜਾਇਦਾਦਾਂ ਦੇ ਵੇਰਵੇ ਮੰਗੇ ਹਨ। ਇਸ ਤੋਂ ਇਲਾਵਾ ਕਵਿਤਾ ਚੌਧਰੀ, ਰਵੀ ਕਪੂਰ ਅਤੇ ਪੂਜਾ ਕਪੂਰ ਦੇ ਨਾਂ 'ਤੇ ਦਰਜ ਜਾਇਦਾਦਾਂ ਦਾ ਰਿਕਾਰਡ ਵੀ ਤਲਬ ਕੀਤਾ ਗਿਆ ਹੈ। ਪੱਤਰ ਵਿੱਚ ਦਰਜ ਸਾਰੀਆਂ ਜਾਇਦਾਦਾਂ ਯੂਨੀਵਰਸਿਟੀ ਨੇੜਲੇ ਪਿੰਡ ਡੀਲਵਾਲ ਵਿੱਚ ਸਥਿਤ ਹਨ। ਮਾਮਲੇ ਦੀ ਜਾਂਚ ਲਈ ਪੰਜਾਬੀ ਯੂਨੀਵਰਸਿਟੀ ਵੱਲੋਂ ਬਣਾਈ ਜਾਂਚ ਕਮੇਟੀ ਆਪਣੀ ਰਿਪੋਰਟ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸੌਂਪ ਚੁੱਕੀ ਹੈ। ਰਿਪੋਰਟ ਵਿੱਚ ਕਰੀਬ 14 ਕਰੋੜ ਰੁਪਏ ਦੇ ਕਥਿਤ ਹੇਰ-ਫੇਰ ਦਾ ਜ਼ਿਕਰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਕੁਝ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਂ ਵੀ ਸਾਹਮਣੇ ਆਏ ਹਨ।

ਸਬ-ਰਜਿਸਟਰਾਰ ਗੁਲਾਬ ਸਿੰਘ ਥਿੰਦ ਨੇ ਪੁਸ਼ਟੀ ਕੀਤੀ ਕਿ ਈ ਡੀ ਵੱਲੋਂ ਮੰਗੀ ਗਈ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਸਾਰਾ ਰਿਕਾਰਡ ਤਿਆਰ ਕਰ ਕੇ ਨਿਯਮਾਂ ਅਨੁਸਾਰ ਜਲਦੀ ਹੀ ਈ ਡੀ ਨੂੰ ਭੇਜ ਦਿੱਤਾ ਜਾਵੇਗਾ।

# ਪੁਲਿਸ ਨੇ ਜਮਾਲਪੁਰਾ ਸਣੇ ਕਈ ਇਲਾਕਿਆਂ 'ਚ ਚੈਕਿੰਗ ਕੀਤੀ; ਵੱਖ-ਵੱਖ ਮਾਮਲਿਆਂ 'ਚ 18 ਮੁਲਜ਼ਮ ਗ੍ਰਿਫ਼ਤਾਰ ਕੀਤੇ

**ਮਲੇਰਕੋਟਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਇੰਸਪੈਕਟਰ ਜਨਰਲ ਪੁਲੀਸ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ ਦੀ ਅਗਵਾਈ ਹੇਠ ਜ਼ਿਲ੍ਹਾ ਪੁਲੀਸ ਮਾਲੇਰਕੋਟਲਾ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਅੰਦਰ ਤਲਾਸ਼ੀ ਮੁਹਿੰਮ ਚਲਾਈ ਗਈ। ਡੀ ਆਈ ਜੀ ਚਹਿਲ ਨਾਲ ਸੀਨੀਅਰ ਕਪਤਾਨ ਪੁਲੀਸ ਮਾਲੇਰਕੋਟਲਾ ਗੁਰਮੀਤ ਸਿੰਘ ਸਮੇਤ ਜ਼ਿਲ੍ਹੇ ਦੇ ਸਾਰੇ ਪੁਲੀਸ ਗਜ਼ਟਿਡ ਅਧਿਕਾਰੀ ਮੌਜੂਦ ਸਨ। ਇਸ ਮੌਕੇ ਡੀ ਆਈ ਜੀ ਚਹਿਲ ਨੇ ਦੱਸਿਆ ਕਿ ਇਸ ਦੌਰਾਨ ਵੱਖ ਵੱਖ ਅਪਰਾਧਿਕ ਮਾਮਲਿਆਂ 'ਚ ਲੋੜੀਂਦੇ 18 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਦਕਿ ਹੋਰ ਸ਼ੱਕੀ ਵਿਅਕਤੀਆਂ ਦੀ ਤਸਦੀਕ ਵੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਕਾਸੋ ਅਪ੍ਰੇਸ਼ਨ ਤਹਿਤ ਸਬ-ਡਿਵੀਜ਼ਨ ਅਮਰਗੜ੍ਹ ਅਤੇ ਅਹਿਮਦਗੜ੍ਹ ਵਿੱਚ ਵੀ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।

ਜ਼ਿਲ੍ਹੇ ਵਿੱਚ ਅਪਰੇਸ਼ਨ ਪ੍ਰਹਾਰ ਚਲਾਇਆ ਗਿਆ। ਇਸ ਵਿਸ਼ੇਸ਼ ਮੁਹਿੰਮ ਤਹਿਤ ਸਮਾਣਾ ਪੁਲੀਸ ਨੇ 19 ਭਗੌੜਿਆਂ ਨੂੰ ਕਾਬੂ ਕਰਨ ਵਿਚ ਸਫ਼ਲਤਾ ਹਾਸਤ ਕੀਤੀ। ਇਸ ਸਬੰਧੀ ਡੀ ਐੱਸ ਪੀ ਫ਼ਤਿਹ ਸਿੰਘ ਬਰਾੜ ਨੇ ਦੱਸਿਆ ਕਿ ਪੁਲੀਸ ਦੀਆਂ ਵੱਖ-ਵੱਖ ਟੀਮਾਂ ਨੇ ਵੱਖ-ਵੱਖ ਥਾਵਾਂ 'ਤੇ ਛਾਪੇ ਮਾਰੇ ਅਤੇ ਤਲਾਸ਼ੀ ਮੁਹਿੰਮ ਚਲਾਈ। ਇਸ ਦੌਰਾਨ ਪੁਲੀਸ ਨੂੰ ਵੱਡੀ ਸਫ਼ਲਤਾ ਮਿਲੀ ਅਤੇ ਕੁੱਲ 19 ਭਗੌੜੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਤੋਂ ਇਲਾਵਾ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸਮਾਣਾ ਦੇ ਅਗਰਸੈਨ ਚੌਕ ਵਿੱਚ ਸ਼ਾਮ 5 ਵਜੇ ਤੋਂ 7 ਵਜੇ ਤੱਕ ਵਿਸ਼ੇਸ਼ ਨਾਕਾਬੰਦੀ ਕੀਤੀ ਗਈ। ਨਾਕੇ ਦੌਰਾਨ ਪੁਲੀਸ ਵੱਲੋਂ ਲੰਘਣ ਵਾਲੇ ਸ਼ੱਕੀ ਵਾਹਨਾਂ ਅਤੇ ਵਿਅਕਤੀਆਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਗਈ।

ਥਾਣਾ ਸ਼ੰਭੂ ਦੀ ਪੁਲੀਸ ਨੇ ਥਾਣਾ ਮੁਖੀ ਸਵਰਨ ਸਿੰਘ ਦੀ ਅਗਵਾਈ ਹੇਠਾਂ ਅਮਲ ਵਿੱਚ ਲਿਆਂਦੀ ਗਈ ਕਾਰਵਾਈ ਦੌਰਾਨ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਕੀਤੀ ਹੈ। ਇਸ ਦੌਰਾਨ ਸਹਾਇਕ ਥਾਣੇਦਾਰ ਗੁਰਮੀਤ ਸਿੰਘ ਸਮੇਤ ਪੁਲੀਸ ਪਾਰਟੀ ਜਦੋਂ ਗਸ਼ਤ ਤੇ ਤਲਾਸ਼ੀ ਦੌਰਾਨ ਸ਼ੱਕੀ ਤੇ ਮਾੜੇ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਮਹਿਮਦਪਰ ਕੋਲ ਮੌਜੂਦ ਸੀ ਤਾਂ ਸ਼ੱਕ ਦੇ ਆਧਾਰ 'ਤੇ ਚੈੱਕ ਕਰਨ 'ਤੇ ਇੱਕ ਵਿਅਕਤੀ ਕੋਲੋਂ 8 ਕਿਲੋ ਗਾਂਜਾ ਬਰਾਮਦ ਹੋਇਆ। ਘਨੌਰ ਦੇ ਡੀ ਐੱਸ ਪੀ ਦਲਜੀਤ ਸਿੰਘ ਵਿਰਕ ਨੇ ਦੱਸਿਆ ਕਿ ਇਸ ਮੁਲਜ਼ਮ ਦੀ ਪਹਿਚਾਣ ਰਾਜਦੇਵ ਚੋਪਾਲ ਵਾਸੀ ਲੁਧਿਆਣਾ ਹਾਲ ਵਾਸੀ ਬਿਹਾਰ ਵਜੋਂ ਹੋਈ ਜਿਸ ਖਿਲਾਫ਼ ਕੇਸ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਥਾਣਾ ਸ਼ੰਭੂ ਦੇ ਹੀ ਸਹਾਇਕ ਥਾਣੇਦਾਰ ਜਸਵਿੰਦਰ ਪਾਲ ਤੇ ਪੁਲੀਸ ਟੀਮ ਨੇ ਵੀ ਵੱਖਰੀ ਕਾਰਵਾਈ 'ਚ ਵੀਰ ਮੋਹਨ ਵਾਸੀ ਧਰਮਕੋਟ ਕੋਲੋਂ ਸੱਤ ਹਜ਼ਾਰ ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਥਾਣਾ ਮੁਖੀ ਸਵਰਨ ਸਿੰਘ ਦਾ ਕਹਿਣਾ ਸੀ ਕਿ ਉਸ ਦੇ ਖਿਲਾਫ਼ ਵੀ ਕੇਸ ਦਰਜ ਕਰ ਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ ਹੈ।

# F&CC ਕਮੇਟੀ ਦੇ ਗਠਨ 'ਤੇ ਭਾਜਪਾ ਦਾ ਹਮਲਾ, 'ਆਪ' 'ਤੇ ਪਰਿਵਾਰਵਾਦ ਦੇ ਦੋਸ਼



**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਦੀ ਫਾਇਨੈਂਸ ਐਂਡ ਕਾਂਟ੍ਰੈਕਟ ਕਮੇਟੀ (6×33) ਦੇ ਗਠਨ ਨੂੰ ਲੈ ਕੇ ਭਾਜਪਾ ਨੇ ਆਮ ਆਦਮੀ ਪਾਰਟੀ 'ਤੇ ਤਿੱਖਾ ਹਮਲਾ ਬੋਲਿਆ ਹੈ। ਨਗਰ ਨਿਗਮ ਵਿੱਚ ਵਿਰੋਧੀ ਧਿਰ ਦੀ ਨੇਤਾ ਪੂਨਮ ਰੱਤੜਾ ਅਤੇ ਉਪ ਨੇਤਾ ਰੋਹਿਤ ਸਿੱਕਾ ਨੇ ਦੋਸ਼ ਲਗਾਇਆ ਕਿ ਕਮੇਟੀ ਵਿੱਚ ਵਿਧਾਇਕਾਂ ਦੇ ਪੁੱਤਰਾਂ ਨੂੰ ਮੈਂਬਰ ਬਣਾ ਕੇ 'ਆਪ' ਨੇ ਆਪਣਾ ਪਰਿਵਾਰਵਾਦੀ ਚਿਹਰਾ ਬੇਨਕਾਬ ਕਰ ਦਿੱਤਾ ਹੈ।

ਭਾਜਪਾ ਆਗੂਆਂ ਨੇ ਕਿਹਾ ਕਿ F&CC ਵਰਗੀ ਅਹਿਮ ਕਮੇਟੀ ਵਿੱਚ ਵਿਰੋਧੀ ਧਿਰ ਅਤੇ ਤਜਰਬੇਕਾਰ ਕੌਂਸਲਰਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ, ਜਿਸ ਨਾਲ ਲੋਕਤੰਤਰੀ ਪਰੰਪਰਾਵਾਂ ਨੂੰ ਝਟਕਾ ਲੱਗਿਆ ਹੈ। ਉਨ੍ਹਾਂ ਸਵਾਲ ਕੀਤਾ ਕਿ ਸਰਕਾਰ ਦੇ ਕਾਰਜਕਾਲ ਦੇ ਆਖਰੀ ਦੌਰ ਵਿੱਚ ਅਜਿਹੀਆਂ ਨਿਯੁਕਤੀਆਂ ਕਰਨ ਦੀ ਕੀ ਲੋੜ ਸੀ।

ਭਾਜਪਾ ਨੇ ਦੋਸ਼ ਲਾਇਆ ਕਿ ਨਵੇਂ ਅਤੇ ਘੱਟ ਤਜਰਬੇਕਾਰ ਕੌਂਸਲਰਾਂ ਨੂੰ ਤਰਜੀਹ ਦੇਣਾ ਭਾਈ-ਭਤੀਜਾਵਾਦ ਅਤੇ ਸਿਆਸੀ ਸਮਾਯੋਜਨ ਦੀ ਮਿਸਾਲ ਹੈ। ਨਾਲ ਹੀ ਕਿਹਾ ਕਿ ਪਿਛਲੇ ਡੇਢ ਸਾਲ ਦੌਰਾਨ 'ਆਪ' ਸਰਕਾਰ ਦੇ ਰਾਜ ਵਿੱਚ ਸ਼ਹਿਰ ਦੇ ਵਿਕਾਸ ਕਾਰਜ ਪ੍ਰਭਾਵਿਤ ਹੋਏ ਹਨ ਅਤੇ ਲੋਕ ਬੁਨਿਆਦੀ ਸਹੂਲਤਾਂ ਲਈ ਪਰੇਸ਼ਾਨ ਹਨ।

# ਐਸ.ਆਈ.ਆਰ.-2026 : ਨਾਗਰਿਕਾਂ ਦੀ ਸਹੂਲਤ ਲਈ ਜ਼ਿਲ੍ਹਾ ਤੇ ਵਿਧਾਨ ਸਭਾ ਹਲਕਾ ਪੱਧਰ 'ਤੇ ਸ਼ਿਕਾਇਤ ਨਿਵਾਰਣ ਸੈੱਲ ਸਥਾਪਤ

**ਜਲੰਧਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)-2026 ਨੂੰ ਸੁਚਾਰੂ ਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਾਗਰਿਕਾਂ/ਵੋਟਰਾਂ ਦੀ ਸਹਾਇਤਾ ਅਤੇ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਹੈਲਪਲਾਈਨ ਨੰਬਰ 1950 ਅਤੇ ਸ਼ਿਕਾਇਤ ਨਿਵਾਰਣ ਸੈੱਲ ਸਥਾਪਤ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਉਪਰਾਲੇ ਦਾ ਉਦੇਸ਼ ਵੋਟਰਾਂ ਨੂੰ ਲੋੜੀਂਦੀ ਜਾਣਕਾਰੀ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਸਮੇਂ ਸਿਰ ਹੱਲ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਐਸ.ਆਈ.ਆਰ.-2026 ਤਹਿਤ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼.) ਵੱਲੋਂ ਘਰ-ਘਰ ਸਰਵੇਖਣ ਕੀਤਾ ਜਾ ਰਿਹਾ ਹੈ, ਜੋ 24 ਜੁਲਾਈ 2026 ਤੱਕ ਜਾਰੀ ਰਹੇਗਾ। ਜਿਨ੍ਹਾਂ ਵੋਟਰਾਂ ਦੇ ਗਣਨਾ ਫਾਰਮ ਪ੍ਰਾਪਤ ਹੋ ਜਾਣਗੇ, ਉਨ੍ਹਾਂ ਦੇ ਨਾਮ 3 ਅਗਸਤ 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਡ੍ਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਕੀਤੇ ਜਾਣਗੇ।

ਉਨ੍ਹਾਂ ਅੱਗੇ ਦੱਸਿਆ ਕਿ ਡ੍ਰਾਫਟ ਵੋਟਰ ਸੂਚੀ 'ਤੇ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਦਾਇਰ ਕੀਤੇ ਜਾ ਸਕਣਗੇ, ਜਦਕਿ ਨੋਟਿਸ ਪੜਾਅ ਅਤੇ ਦਾਅਵਿਆਂ/ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ 2026 ਤੱਕ ਕੀਤਾ ਜਾਵੇਗਾ। ਇਸ ਤੋਂ ਬਾਅਦ ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਸ੍ਰੀ ਵਾਲੀਆ ਨੇ ਦੱਸਿਆ ਕਿ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਜੇਕਰ ਕਿਸੇ ਨਾਗਰਿਕ ਨੂੰ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਸਹਾਇਤਾ ਦੀ ਲੋੜ ਹੋਵੇ ਤਾਂ ਉਹ ਰੋਜ਼ਾਨਾ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਹੈਲਪਲਾਈਨ ਨੰਬਰ 1950 'ਤੇ ਸੰਪਰਕ ਕਰ ਸਕਦਾ ਹੈ। ਇਸ ਤੋਂ ਇਲਾਵਾ ਜੇਕਰ ਕਿਸੇ ਨਾਗਰਿਕ ਨੂੰ ਐਸ.ਆਈ.ਆਰ ਪ੍ਰਕਿਰਿਆ ਦੌਰਾਨ ਕਿਸੇ ਤਰ੍ਹਾਂ ਦੀ ਸ਼ਿਕਾਇਤ ਹੈ ਤਾਂ ਉਹ ਜ਼ਿਲ੍ਹਾ ਪੱਧਰ 'ਤੇ ਸਥਾਪਤ ਸ਼ਿਕਾਇਤ ਨਿਵਾਰਣ ਸੈੱਲ ਦੀ ਈ-ਮੇਲ ਆਈ.ਡੀ. sircomplaintAID@gmail.com 'ਤੇ ਸ਼ਿਕਾਇਤ ਦਰਜ ਕਰਵਾ ਸਕਦਾ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਨਾਗਰਿਕਾਂ/ਵੋਟਰਾਂ ਦੀਆਂ ਸ਼ਿਕਾਇਤਾਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰੇ ਲਈ ਵਿਧਾਨ ਸਭਾ ਹਲਕਾ ਪੱਧਰ 'ਤੇ ਵੀ ਸ਼ਿਕਾਇਤ ਨਿਵਾਰਣ ਸੈੱਲ ਗਠਿਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ 030-ਫਿਲੌਰ ਲਈ ਈ-ਮੇਲ ਆਈ.ਡੀ. agrC@phillaur@gmail.com , 031-ਨਕੋਦਰ ਲਈ grievance sirnkd@gmail.com , @CB-ਸ਼ਾਹੋਕਟ ਲਈ ero@ CHshah kot@gmail.com ਅਤੇ 033-ਕਰਤਾਰਪੁਰ ਲਈ agr@CCktr@ gmail.com 'ਤੇ ਸ਼ਿਕਾਇਤ ਦਰਜ ਕਰਵਾਉਣ ਦੀ ਸੁਵਿਧਾ ਉਪਲਬਧ ਹੈ। ਇਸੇ ਤਰ੍ਹਾਂ 034-ਜਲੰਧਰ ਪੱਛਮੀ ਲਈ Jalandharwest@CD@gmail.com, @CE-ਜਲੰਧਰ ਕੇਂਦਰੀ ਲਈ ਈ-ਮੇਲ ਆਈ.ਡੀ. grievancecell @ CEjalcentral @gmail.com, 036-ਜਲੰਧਰ ਉੱਤਰੀ ਲਈ drcsjalandharA@gmail.com , 037-ਜਲੰਧਰ ਕੈਂਟ ਲਈ SIR.@CGJALANDHARCANTT@ gmail.com ਅਤੇ 038-ਆਦਮਪੁਰ ਲਈ grcadampur@gmail.com -ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਨਾਗਰਿਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਇਨ੍ਹਾਂ ਸੈੱਲਾਂ ਵਿੱਚ ਲੋੜੀਂਦਾ ਸਟਾਫ਼ ਤਾਇਨਾਤ ਕੀਤਾ ਗਿਆ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਐਸ.ਆਈ.ਆਰ.-2026 ਦਾ ਮੁੱਖ ਉਦੇਸ਼ ਵੋਟਰ ਸੂਚੀਆਂ ਨੂੰ ਤਰੁੱਟੀ ਰਹਿਤ, ਪਾਰਦਰਸ਼ੀ ਅਤੇ ਅੱਪਡੇਟ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪੂਰੀ ਪ੍ਰਕਿਰਿਆ ਨੂੰ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੂਰੇ ਪਾਰਦਰਸ਼ੀ ਅਤੇ ਨਿਰਪੱਖ ਢੰਗ ਢੰਗ ਨਾਲ ਮੁਕੰਮਲ ਕੀਤਾ ਜਾਵੇਗਾ।

# ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ 'ਤੇ ਚਾਰ ਸਾਲਾਂ 'ਚ 16,950 ਸ਼ਿਕਾਇਤਾਂ ਪੁੱਜੀਆਂ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਭ੍ਰਿਸ਼ਟਾਚਾਰ ਦਾ ਖ਼ਾਤਮਾ ਕਰਨ ਲਈ ਸ਼ੁਰੂ ਕੀਤੀ 'ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ' ਉੱਤੇ ਵੱਡੀ ਗਿਣਤੀ ਲੋਕਾਂ ਵੱਲੋਂ ਸ਼ਿਕਾਇਤਾਂ ਕੀਤੀਆਂ ਗਈਆਂ ਹਨ। ਇਨ੍ਹਾਂ ਦੇ ਆਧਾਰ 'ਤੇ ਪੰਜਾਬ ਸਰਕਾਰ ਦੇ ਸਬੰਧਤ ਵਿਭਾਗਾਂ ਵੱਲੋਂ ਜਾਂਚ ਕਰ ਕੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ 'ਤੇ ਮਾਰਚ 2022 ਤੋਂ ਮਈ 2026 ਤੱਕ ਕੁੱਲ 16,950 ਸ਼ਿਕਾਇਤਾਂ ਪਹੁੰਚੀਆਂ ਹਨ। ਇਸ ਤਰ੍ਹਾਂ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ 'ਤੇ ਰੋਜ਼ਾਨਾ 11 ਸ਼ਿਕਾਇਤਾਂ ਪੁੱਜੀਆਂ ਹਨ, ਜਿਸ 'ਤੇ ਸਬੰਧਤ ਵਿਭਾਗਾਂ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਦਾ ਅਹੁਦਾ ਸਾਂਭਣ ਤੋਂ ਕੁਝ ਦਿਨ ਬਾਅਦ ਹੀ 23 ਮਾਰਚ 2022 ਨੂੰ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ ਨੰਬਰ 9501200200 ਜਾਰੀ ਕਰ ਦਿੱਤਾ ਸੀ। ਇਸ ਦੇ ਨਾਲ ਹੀ ਰਿਸ਼ਵਤ ਦੀ ਮੰਗ ਕਰਨ ਵਾਲਿਆਂ ਦੀਆਂ ਸ਼ਿਕਾਇਤਾਂ ਕਰਨ ਦੀ ਅਪੀਲ ਕੀਤੀ ਸੀ। ਲੋਕਾਂ ਨੇ ਭ੍ਰਿਸ਼ਟਾਚਾਰ ਵਿਰੋਧੀ ਹੈਲਪਲਾਈਨ 'ਤੇ 23 ਮਾਰਚ 2022 ਤੋਂ 31 ਮਈ 2026 ਤੱਕ ਆਡੀਓ-ਵੀਡੀਓ ਰਿਕਾਰਡਿੰਗਾਂ ਸਮੇਤ ਕੁੱਲ 16,950 ਸ਼ਿਕਾਇਤਾਂ ਕੀਤੀਆਂ। ਇਸ ਵਿੱਚੋਂ 1445 ਸ਼ਿਕਾਇਤਾਂ ਵਿਜੀਲੈਂਸ ਬਿਊਰੋ ਨਾਲ ਸਬੰਧਤ ਸਨ। ਵਿਜੀਲੈਂਸ ਬਿਊਰੋ ਨੇ ਉਕਤ ਸ਼ਿਕਾਇਤਾਂ 'ਤੇ ਕਾਰਵਾਈ ਕਰਦਿਆਂ 284 ਕੇਸ ਦਰਜ ਕਰ ਕੇ 368 ਜਣਿਆਂ ਨੂੰ ਕਾਬੂ ਕੀਤਾ ਹੈ। ਇਸ ਤੋਂ ਇਲਾਵਾ 10,951 ਸ਼ਿਕਾਇਤਾਂ ਦੂਜੇ ਵਿਭਾਗਾਂ ਨਾਲ ਸਬੰਧਤ ਹੋਣ ਕਰਕੇ ਇਹ ਸ਼ਿਕਾਇਤਾਂ ਯੋਗ ਕਾਰਵਾਈ ਲਈ ਸਬੰਧਤ ਵਿਭਾਗਾਂ ਨੂੰ ਭੇਜ ਦਿੱਤੀਆਂ ਗਈਆਂ ਸਨ। ਵਿਜੀਲੈਂਸ ਬਿਊਰੋ ਨੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਸੂਬੇ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਅਤੇ ਰਿਸ਼ਵਤਖੋਰੀ ਮੁਕਤ ਬਣਾਉਣ ਲਈ ਇਸ ਪਲੇਟਫਾਰਮ ਦੀ ਵਰਤੋਂ ਕਰਨਾ ਜਾਰੀ ਰੱਖਣ।

ਵਿਜੀਲੈਂਸ ਅਧਿਕਾਰੀ ਨੇ ਕਿਹਾ ਕਿ ਰਿਸ਼ਵਤਖੋਰੀ ਦੀਆਂ ਸ਼ਿਕਾਇਤਾਂ ਦਰਜ ਕਰਵਾਉਣ ਵਾਲੀ ਇਹ ਹੈਲਪਲਾਈਨ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਅਧਾਰਤ ਵਟਸਐਪ ਪਲੇਟਫਾਰਮ ਹੈ। ਨਾਗਰਿਕ ਇਸ ਪਲੇਟਫਾਰਮ 'ਤੇ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।

# ਬੇਅਦਬੀ ਮਾਮਲੇ 'ਤੇ ਸਿਆਸਤ ਕਰ ਰਹੀ ਹੈ 'ਆਪ': ਕੇਵਲ ਢਿੱਲੋਂ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਸਰਕਾਰ ਵੱਲੋਂ ਲਿਆਂਦੇ ਬੇਅਦਬੀ ਰੋਕੂ ਕਾਨੂੰਨ ਨੂੰ ਸੂਬਾ ਸਰਕਾਰ ਦੇ ਮੰਤਰੀਆਂ ਅਤੇ ਵਿਧਾਇਕਾਂ ਵੱਲੋਂ ਬਿਨਾਂ ਪੜ੍ਹੇ ਸਹਿਮਤੀ ਦੇਣ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਢਿੱਲੋਂ ਨੇ ਕਿਹਾ ਕਿ 'ਆਪ' ਬੇਅਦਬੀ ਮਾਮਲੇ 'ਤੇ ਸਿਰਫ਼ ਸਿਆਸਤ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਖ਼ੁਦ ਅਕਾਲ ਤਖ਼ਤ ਅੱਗੇ ਪੇਸ਼ ਨਹੀਂ ਹੋਏ, ਜਦਕਿ ਸਰਵਉੱਚ ਅਸਥਾਨ ਨੇ ਸਾਰੇ ਵਿਧਾਇਕਾਂ ਨੂੰ ਸੱਦਿਆ ਸੀ। ਮੁੱਖ ਮੰਤਰੀ ਹੋਣ ਦੇ ਨਾਲ-ਨਾਲ ਉਹ ਵਿਧਾਇਕ ਵੀ ਹਨ ਅਤੇ ਇਸ ਮਾਮਲੇ ਵਿੱਚ ਪੇਸ਼ ਨਾ ਹੋ ਕੇ ਉਨ੍ਹਾਂ ਨੇ ਮੁੜ ਅਕਾਲ ਤਖ਼ਤ ਦੀ ਤੌਹੀਨ ਕੀਤੀ ਹੈ। ਉਨ੍ਹਾਂ ਸਵਾਲ ਉਠਾਇਆ ਕਿ ਵਿਧਾਇਕਾਂ ਨੂੰ ਪੇਸ਼ ਹੋਣ ਲਈ ਅਰਵਿੰਦ ਕੇਜਰੀਵਾਲ ਤੋਂ ਮਨਜ਼ੂਰੀ ਕਿਉਂ ਲੈਣੀ ਪਈ।

## ਸੰਪਾਦਕੀ

# ਲੱਦਾਖ 'ਚ ਵਾਤਾਵਰਣ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਕਾਨੂੰਨ ਸਖ਼ਤੀ ਨਾਲ ਲਾਗੂ

ਲੱਦਾਖ ਪ੍ਰਸ਼ਾਸਨ ਨੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਵਾਤਾਵਰਣ ਪੱਖੋਂ ਬੇਹੱਦ ਸੰਵੇਦਨਸ਼ੀਲ ਇਲਾਕਿਆਂ 'ਚ ਗ਼ੈਰ-ਕਾਨੂੰਨੀ ਤਰੀਕੇ ਨਾਲ ਗੱਡੀਆਂ ਚਲਾਉਣ ਵਾਲੇ ਚਾਰ ਸੈਲਾਨੀਆਂ ਨੂੰ ਪੰਜਾਹ-ਪੰਜਾਹ ਹਜ਼ਾਰ ਰੁਪਏ ਜੁਰਮਾਨਾ ਕੀਤਾ ਹੈ। ਇਹ ਫ਼ੈਸਲਾ ਮਹਿਜ਼ ਨਸੀਹਤਾਂ ਦੇਣ ਦੀ ਬਜਾਏ ਵਾਤਾਵਰਣ ਅਤੇ ਜੰਗਲੀ ਜੀਵਾਂ ਦੀ ਸੁਰੱਖਿਆ ਲਈ ਕਾਨੂੰਨ ਸਖ਼ਤੀ ਨਾਲ ਲਾਗੂ ਕਰਨ ਵੱਲ ਇੱਕ ਵੱਡਾ ਕਦਮ ਹੈ। ਇੱਥੇ ਤੇਜ਼ੀ ਨਾਲ ਸੈਲਾਨੀਆਂ ਦੀ ਆਮਦ ਵਧ ਰਹੀ ਹੈ। ਅਜਿਹੇ ਹਾਲਾਤ ਵਿੱਚ ਸਮੇਂ ਸਿਰ ਲਏ ਗਏ ਇਸ ਫ਼ੈਸਲੇ ਨੇ ਸਾਫ਼ ਸੁਨੇਹਾ ਦਿੱਤਾ ਹੈ ਕਿ ਕੁਦਰਤ ਦਾ ਘਾਣ ਕਰਕੇ ਮੌਜ-ਮਸਤੀ ਨਹੀਂ ਕਰਨ ਦਿੱਤੀ ਜਾਵੇਗੀ। ਪੈਂਗੌਂਗ ਝੀਲ, ਚਾਂਗਥਾਂਗ, ਹਾਨਲੇ ਅਤੇ ਨੁਬਰਾ ਘਾਟੀ ਅਸਲ ਵਿੱਚ ਬਹੁਤ ਹੀ ਸੰਵੇਦਨਸ਼ੀਲ ਵਾਤਾਵਰਣਕ ਖੇਤਰ ਹਨ, ਜੋ ਦੁਰਲੱਭ ਜੀਵ-ਜੰਤੂਆਂ ਦਾ ਘਰ ਹਨ। ਸੋਸ਼ਲ ਮੀਡੀਆ 'ਤੇ ਮਸ਼ਹੂਰੀ ਖੱਟਣ ਜਾਂ ਵੈਸੇ ਹੀ ਸ਼ੌਕ ਪੂਰਾ ਕਰਨ ਲਈ ਝੀਲਾਂ, ਨਦੀਆਂ ਅਤੇ ਸੁਰੱਖਿਅਤ ਇਲਾਕਿਆਂ ਵਿੱਚ ਗੱਡੀਆਂ ਵਾੜਨਾ ਮਹਿਜ਼ ਇੱਕ ਗ਼ੈਰ-ਜ਼ਿੰਮੇਵਾਰਾਨਾ ਹਰਕਤ ਨਹੀਂ ਸਗੋਂ ਇਸ ਖ਼ਿੱਤੇ ਦੀ ਜੈਵ-ਵਿਭਿੰਨਤਾ ਅਤੇ ਵਾਤਾਵਰਣ ਦੇ ਸੰਤੁਲਨ 'ਤੇ ਸਿੱਧਾ ਹਮਲਾ ਹੈ। ਇੱਕ ਗੱਡੀ ਵੱਲੋਂ ਤਿੱਬਤੀ ਗਜ਼ਲ (ਹਿਰਨ) ਦਾ ਪਿੱਛਾ ਕਰਨ ਦੀਆਂ ਵੀਡੀਓਜ਼ ਤਾਂ ਖ਼ਾਸ ਤੌਰ 'ਤੇ ਮਨ ਨੂੰ ਪ੍ਰੇਸ਼ਾਨ ਕਰਨ ਵਾਲੀਆਂ ਹਨ; ਇਹ ਵੀਡੀਓਜ਼ ਜੰਗਲੀ ਜੀਵਾਂ ਪ੍ਰਤੀ ਅੰਨ੍ਹੀ ਬੇਪਰਵਾਹੀ ਨੂੰ ਜੱਗ-ਜ਼ਾਹਿਰ ਕਰਦੀਆਂ ਹਨ।

ਦੋਸ਼ੀਆਂ ਦੀ ਨਿਸ਼ਾਨਦੇਹੀ ਕਰਨ ਅਤੇ ਜੰਗਲੀ ਜੀਵ (ਸੁਰੱਖਿਆ) ਐਕਟ, 1972 ਨੂੰ ਸਖ਼ਤੀ ਨਾਲ ਲਾਗੂ ਕਰਨ ਲਈ ਸੋਸ਼ਲ ਮੀਡੀਆ ਦੀ ਨਿਗਰਾਨੀ ਸਮੇਤ ਆਧੁਨਿਕ ਤਕਨਾਲੋਜੀ ਦੀ ਵਰਤੋਂ ਕਰਨ ਲਈ ਲੱਦਾਖ ਪ੍ਰਸ਼ਾਸਨ ਸ਼ਾਬਾਸ਼ੀ ਦਾ ਹੱਕਦਾਰ ਹੈ। ਗੱਡੀਆਂ ਜ਼ਬਤ ਕਰਨਾ ਅਤੇ ਮੋਟੇ ਜੁਰਮਾਨੇ ਲਾਉਣਾ ਇਹ ਸਪੱਸ਼ਟ ਕਰਦਾ ਹੈ ਕਿ ਹੁੱਲੜਬਾਜ਼ ਸੈਲਾਨੀਆਂ ਨਾਲ ਹੁਣ ਨਰਮੀ ਨਾਲ ਨਹੀਂ ਨਜਿੱਠਿਆ ਜਾਵੇਗਾ। ਅਜਿਹੀ ਸਖ਼ਤ ਕਾਰਵਾਈ ਭਵਿੱਖ ਵਿੱਚ ਅਜਿਹੀਆਂ ਮਨਮਰਜ਼ੀਆਂ ਨੂੰ ਠੱਲ੍ਹ ਪਾਉਣ ਅਤੇ ਸੁਰੱਖਿਅਤ ਖੇਤਰਾਂ ਪ੍ਰਤੀ ਸਤਿਕਾਰ ਦੀ ਭਾਵਨਾ ਪੈਦਾ ਕਰਨ ਵਿੱਚ ਸਹਾਈ ਹੋਵੇਗੀ। ਇਹ ਸਖ਼ਤੀ ਪ੍ਰਸ਼ਾਸਨ ਦੇ ਵਾਤਾਵਰਨ ਪੱਖੀ ਸੈਰ-ਸਪਾਟੇ ਦੇ ਸੁਪਨੇ ਦੇ ਬਿਲਕੁਲ ਅਨੁਕੂਲ ਹੈ। ਹਾਲ ਹੀ ਵਿੱਚ ਚੁੱਕੇ ਗਏ ਕਦਮ ਜਿਵੇਂ ਕਿ ਇੱਕ ਵਾਰ ਵਰਤੇ ਜਾਣ ਵਾਲੇ (ਸਿੰਗਲ-ਯੂਜ਼) ਪਲਾਸਟਿਕ 'ਤੇ ਪਾਬੰਦੀ, ਗੰਦਗੀ ਪਾਉਣ ਵਾਲਿਆਂ ਨੂੰ ਜੁਰਮਾਨੇ ਅਤੇ ਲੱਦਾਖ ਟੂਰਿਜ਼ਮ ਡਿਵੈਲਪਮੈਂਟ ਸੋਸਾਇਟੀ ਦਾ ਗਠਨ ਇਹ ਦਰਸਾਉਂਦੇ ਹਨ ਕਿ ਪ੍ਰਸ਼ਾਸਨ ਇੱਕ ਵਿਆਪਕ ਰਣਨੀਤੀ ਤਹਿਤ ਕੰਮ ਕਰ ਰਿਹਾ ਹੈ। ਇਸ ਰਣਨੀਤੀ ਦਾ ਮੁੱਖ ਮਕਸਦ ਸੈਰ-ਸਪਾਟੇ ਤੋਂ ਹੋਣ ਵਾਲੀ ਆਰਥਿਕ ਕਮਾਈ ਅਤੇ ਕੁਦਰਤੀ ਵਾਤਾਵਰਣ ਦੀ ਰਾਖੀ ਵਿਚਾਲੇ ਸਹੀ ਸੰਤੁਲਨ ਬਣਾ ਕੇ ਰੱਖਣਾ ਹੈ। ਇਸ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਸੈਲਾਨੀਆਂ ਦੀ ਵਧਦੀ ਭੀੜ ਕਾਰਨ ਪੈਦਾ ਹੋਇਆ ਵਾਤਾਵਰਣਕ ਬੋਝ ਹੁਣ ਸਥਾਨਕ ਲੋਕਾਂ ਦੀ ਰੋਜ਼ੀ-ਰੋਟੀ ਲਈ ਖ਼ਤਰਾ ਬਣ ਰਿਹਾ ਹੈ। ਟੂਰ ਆਪਰੇਟਰਾਂ, ਹੋਟਲ ਮਾਲਕਾਂ ਅਤੇ ਸਥਾਨਕ ਭਾਈਚਾਰੇ ਨੂੰ ਸੈਲਾਨੀਆਂ ਨੂੰ ਜ਼ਿੰਮੇਵਾਰੀ ਦਾ ਪਾਠ ਪੜ੍ਹਾਉਣ ਲਈ ਖ਼ੁਦ ਅੱਗੇ ਆਉਣਾ ਪਵੇਗਾ। ਸਖ਼ਤ ਸਜ਼ਾਵਾਂ ਦੇ ਨਾਲ-ਨਾਲ ਜਾਗਰੂਕਤਾ ਮੁਹਿੰਮਾਂ, ਸੂਚਨਾ ਬੋਰਡਾਂ ਅਤੇ ਸਾਹਸੀ ਗਤੀਵਿਧੀਆਂ ਲਈ ਨਿਯਮਾਂ ਨੂੰ ਹੋਰ ਕਰੜਾ ਕਰਨਾ ਲਾਜ਼ਮੀ ਹੈ। ਸੈਲਾਨੀਆਂ ਨੂੰ ਵੀ ਇਹ ਸਮਝਣਾ ਹੋਵੇਗਾ ਕਿ ਲੱਦਾਖ ਦੇ ਨਿਰਮਲ ਵਾਤਾਵਰਣ ਨੂੰ ਬਚਾਉਣਾ ਸਭ ਦੀ ਸਾਂਝੀ ਜ਼ਿੰਮੇਵਾਰੀ ਹੈ।

# ਕਾਲਜ ਵੱਲੋਂ ਸਿਵਲ ਸੇਵਾਵਾਂ ਦੀ ਫਰੀ ਕੋਚਿੰਗ ਲਈ ਤਿਆਰੀਆਂ ਮੁਕੰਮਲ

**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਜੋ ਕਿ ਪ੍ਰਿੰਸੀਪਲ ਡਾ.ਰਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਸਫਲਤਾ ਪੂਰਵਕ ਚੱਲ ਰਹੀ ਹੈ ਵਿੱਚ ਵਿਦਿਆਰਥਣਾਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਯੋਗ ਬਣਾਉਣ ਅਤੇ ਉਨ੍ਹਾਂ ਨੂੰ ਉਚ ਅਹੁਦਿਆਂ ਲਈ ਤਿਆਰ ਕਰਨ ਦੇ ਮੰਤਵ ਨਾਲ ਮੁਫਤ ਕੋਚਿੰਗ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਇਸ ਬਾਰੇ ਕਾਲਜ ਦੇ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ ਅਤੇ ਸਕੱਤਰ(ਵਿੱਦਿਆ) ਸੁਖਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਇਸ ਵਿੱਦਿਅਕ ਵਰ੍ਹੇ 2026-27 ਵਿੱਚ ਸ਼੍ਰੋਮਣੀ ਕਮੇਟੀ ਦੇ ਸਾਰੇ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਲਈ ਇਹ ਯੋਗ ਉਪਰਾਲਾ ਕੀਤਾ ਗਿਆ ਹੈ।ਇਸ ਸਬੰਧੀ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਅਤੇ ਟੈਗੋਰ ਆਈ.ਏ. ਐਸ.ਅਕੈਡਮੀ ਦਰਮਿਆਨ ਹੋਏ ਐਮ.ਓ.ਯੂ.ਰਾਹੀਂ ਸ਼੍ਰੋਮਣੀ ਕਮੇਟੀ ਦੇ ਸਮੂਹ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਵੱਖ-2 ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਵਿਸ਼ੇਸ਼ ਕੋਚਿੰਗ ਦਿੱਤੀ ਜਾਵੇਗੀ। ਜਿਸ ਰਾਹੀਂ ਵਿਦਿਆਰਥੀ ਆਪਣੇ ਭਵਿੱਖਤ ਮਿਥੇ ਟੀਚਿਆਂ ਨੂੰ ਸਰ ਕਰਨ ਦੇ ਸਮਰੱਥ ਹੋ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਕੋਚਿੰਗ, ਕਾਲਜ ਵਿੱਚ ਵਿਦਿਆਰਥਣਾਂ ਨੂੰ ਮੁਫਤ ਦਿੱਤੀ ਜਾਵੇਗੀ। ਇਸ ਪ੍ਰੋਗਰਾਮ ਤਹਿਤ ਕੋਈ ਵੀ ਬਾਰ੍ਹਵੀਂ ਪਾਸ ਵਿਦਿਆਰਥਣ ਜਿਸ ਨੇ 60% ਜਾਂ ਇਸ ਤੋਂ ਵੱਧ ਅੰਕ ਹਾਸਲ ਕੀਤੇ ਹੋਣ, ਉਹ ਮੁਫਤ ਸਿਖਲਾਈ ਪ੍ਰਾਪਤ ਕਰ ਸਕਦੀ ਹੈ। ਇਸ ਪ੍ਰੋਗਰਾਮ ਰਾਹੀਂ ਵਿਦਿਆਰਥਣਾਂ ਹੁਨਰਮੰਦ ਹੋਣ ਦੇ ਨਾਲ-ਨਾਲ ਸ਼ਖ਼ਸੀਅਤ ਉਸਾਰੀ ਦੇ ਵੱਖ-2 ਪਹਿਲੂਆਂ ਤੋਂ ਵੀ ਜਾਣੂ ਹੋਣਗੀਆਂ। ਵਿਦਿਆਰਥਣਾਂ ਵਿਸ਼ਲੇਸ਼ਣਾਤਮਕ ਸੋਚ ਦੀਆਂ ਧਾਰਨੀ, ਨਵੀਨਤਾ ਅਤੇ ਸਮੇਂ ਦੇ ਹਾਣੀ ਬਣਨ ਵਿੱਚ ਪਰਪਕਤਾ ਹਾਸਲ ਕਰਨਗੀਆਂ। ਜਿਸ ਦਾ ਮੁਲਾਂਕਣ ਸਮੇਂ-ਸਮੇਂ ਤੇ ਵਿਦਿਆਰਥਣਾਂ ਦੀ ਕਾਰਗੁਜਾਰੀ ਨੂੰ ਦੇਖਦੇ ਹੋਏ ਕੀਤਾ ਜਾਵੇਗਾ। ਕਾਲਜ ਦੇ ਪਲੇਸਮੈਂਟ ਸੈਲ ਦੇ ਸਹਿਯੋਗ ਨਾਲ ਇਸ ਟ੍ਰੇਨਿੰਗ ਨੂੰ ਸਫਲ ਬਣਾਉਣ ਦਾ ਇਹ ਉਪਰਾਲਾ ਵਿਦਿਆਰਥਣਾਂ ਨੂੰ ਰੁਜਗਾਰ ਪ੍ਰਾਪਤ ਕਰਨ ਦੇ ਬਿਹਤਰੀਨ ਮੌਕੇ ਪ੍ਰਦਾਨ ਕਰੇਗਾ ਅਤੇ ਉਹ ਉਚ ਅਹੁਦਿਆਂ ਤੱਕ ਪਹੁੰਚ ਕੇ ਸੰਸਥਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨਗੀਆਂ। ਕਾਲਜ ਵਿਚ ਵੱਖ ਵੱਖ ਕੋਰਸ ਸਫਲਤਾ

ਪੂਰਵਕ ਚੱਲ ਰਹੇ ਹਨ। ਵਿਦਿਆਰਥਣਾਂ ਇਨ੍ਹਾਂ ਕੋਰਸਾਂ ਵਿੱਚ ਦਾਖਲਾ ਲੈ ਕੇ ਆਪਣੀ ਯੋਗਤਾ ਵਧਾਉਣ ਦੇ ਨਾਲ-ਨਾਲ ਆਪਣੀ ਸ਼ਖ਼ਸ਼ੀਅਤ ਨੂੰ ਨਿਖਾਰਨ ਹਿੱਤ ਚਲਾਏ ਇਸ ਸਿਖਲਾਈ ਪ੍ਰੋਗਰਾਮ ਦਾ ਹਿੱਸਾ ਬਣ ਸਕਦੀਆਂ ਹਨ।

ਕਾਲਜ ਦੇ ਟਰੇਨਿੰਗ ਅਤੇ ਪਲੇਸਮੈਂਟ ਸੈਲ ਦਾ ਮੁੱਖ ਮੰਤਵ ਵਿਦਿਆਰਥਣਾਂ ਨੂੰ ਯੋਗਤਾ ਅਨੁਸਾਰ ਰੁਜਗਾਰ ਮੁਹੱਈਆ ਕਰਵਾਉਣਾ ਹੈ। ਇਹ ਮਾਣ ਵਾਲੀ ਗੱਲ ਹੈ ਕਿ ਹਰ ਸਾਲ ਵਿਦਿਆਰਥਣਾਂ ਨੂੰ ਪੜ੍ਹਾਈ ਦੇ ਨਾਲ-ਨਾਲ ਵੱਖ-2 ਕਿੱਤਿਆਂ ਨਾਲ ਜੋੜਿਆ ਜਾਂਦਾ ਹੈ ਤਾਂ ਜੋ ਉਨ੍ਹਾਂ ਨੂੰ ਭਵਿੱਖ ਲਈ ਆਰਥਿਕ ਪੱਖ ਤੋਂ ਮਜਬੂਤ ਕੀਤਾ ਜਾ ਸਕੇ। ਕਾਲਜ ਲੋਕਲ ਮੈਨੇਜਮੈਂਟ ਕਮੇਟੀ ਵੱਲੋਂ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਇਸ ਪ੍ਰਸ਼ੰਸਾਯੋਗ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

# ਗੁਰਮਤਿ ਗਿਆਨ ਅਤੇ ਦਸਤਾਰ ਸਿਖਲਾਈ ਕੈਂਪ ਦੇ ਸਮਾਪਤੀ ਸਮਾਗਮ 'ਚ ਬੱਚਿਆਂ ਦਾ ਕੀਤਾ ਗਿਆ ਸਨਮਾਨ



**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ, ਖਾਲਸਾ ਸਕੂਲ ਰੋਡ, ਖੰਨਾ ਵਿਖੇ ਆਯੋਜਿਤ ਗੁਰਮਤਿ ਗਿਆਨ ਅਤੇ ਦਸਤਾਰ ਸਿਖਲਾਈ ਕੈਂਪ ਦੇ ਸਮਾਪਤੀ ਸਮਾਗਮ ਦੌਰਾਨ ਕੈਂਪ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਨੂੰ ਗੁਰਬਾਣੀ, ਸਿੱਖ ਇਤਿਹਾਸ, ਗੁਰਸਿੱਖੀ ਜੀਵਨ ਅਤੇ ਦਸਤਾਰ ਦੀ ਮਹੱਤਤਾ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਦੇ ਚਰਿੱਤਰ ਨਿਰਮਾਣ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ।

ਉਨ੍ਹਾਂ ਨੇ ਕੈਂਪ ਵਿੱਚ ਸ਼ਾਮਲ ਹੋਏ ਬੱਚਿਆਂ ਦੀ ਲਗਨ ਅਤੇ ਉਤਸ਼ਾਹ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਗੁਰਮਤਿ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਮਹਿੰਦਰ ਸਿੰਘ ਗਿੱਲ, ਭਲਿੰਦਰ ਸਿੰਘ ਧੰਨਾ, ਰਾਜਪਾਲ ਸਿੰਘ ਸੰਧੂ, ਨਗਿੰਦਰ ਸਿੰਘ ਰਾਣਾ ਅਤੇ ਮਾਸਟਰ ਤੇਜਿੰਦਰ ਸਿੰਘ ਸਮੇਤ ਹੋਰ ਸੰਗਤਾਂ ਹਾਜ਼ਰ ਸਨ। ਕਮੇਟੀ ਵੱਲੋਂ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਸਹਿਯੋਗ ਦੇਣ ਵਾਲੇ ਸੇਵਾਦਾਰਾਂ ਅਤੇ ਮਾਪਿਆਂ ਦਾ ਵੀ ਧੰਨਵਾਦ ਕੀਤਾ ਗਿਆ।

# ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ, ਸੰਤ ਬਾਬਾ ਅਮੀਰ ਸਿੰਘ ਨੇ ਸਿਮਰਨ ਦੀ ਮਹਿਮਾ ਬਿਆਨ ਕੀਤੀ



**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਸਾਹਿਬ, ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਸ਼ਰਧਾ ਅਤੇ ਭਾਵਨਾ ਨਾਲ ਆਯੋਜਿਤ ਕੀਤਾ ਗਿਆ।

ਇਸ ਮੌਕੇ ਜਵੱਦੀ ਟਕਸਾਲ ਦੇ ਮੁਖੀ ਸੰਤ ਬਾਬਾ ਅਮੀਰ ਸਿੰਘ ਜੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਭਗਤ ਸਾਹਿਬਾਨਾਂ ਦੀ ਸ਼ਖ਼ਸੀਅਤ ਦੀ ਉਸਾਰੀ ਨਾਮ ਸਿਮਰਨ ਦੀ ਮਹਿਮਾ ਨਾਲ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਆਪਣੇ ਜੀਵਨ ਦਾ ਅੰਗ ਬਣਾ ਲੈਂਦਾ ਹੈ, ਉਸ ਦੇ ਅੰਦਰ ਸੱਭਿਅ ਗੁਣ ਆਪਣੇ ਆਪ ਪ੍ਰਗਟ ਹੋਣ ਲੱਗ ਪੈਂਦੇ ਹਨ।

ਉਨ੍ਹਾਂ ਭਗਤ ਕਬੀਰ ਜੀ ਦੀ ਬਾਣੀ ਦੇ ਹਵਾਲੇ ਨਾਲ ਸਮਝਾਇਆ ਕਿ ਸੱਚਾ ਆਤਮਿਕ ਸੰਤੁਲਨ (ਸਹਜ ਅਵਸਥਾ) ਨਾਮ ਸਿਮਰਨ ਰਾਹੀਂ ਹੀ ਪ੍ਰਾਪਤ ਹੁੰਦਾ ਹੈ, ਜਿਸ ਨਾਲ ਮਨੁੱਖ ਹਰ ਹਾਲਤ ਨੂੰ ਪ੍ਰਭੂ ਦੀ ਰਜ਼ਾ ਮੰਨ ਕੇ ਸਵੀਕਾਰ ਕਰਦਾ ਹੈ।

ਸਮਾਗਮ ਦੌਰਾਨ ਗੁਰਸ਼ਬਦ ਸੰਗੀਤ ਅਕੈਡਮੀ ਜਵੱਦੀ ਟਕਸਾਲ ਦੇ ਵਿਦਿਆਰਥੀਆਂ ਨੇ ਭਗਤ ਕਬੀਰ ਸਾਹਿਬ ਜੀ ਦੀ ਬਾਣੀ ਦੇ ਸ਼ਬਦਾਂ ਦਾ ਰਸਭਿੰਨਾ ਕੀਰਤਨ ਕੀਤਾ।

ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਸਮਾਗਮ ਉਪਰੰਤ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕੇ ਲੰਗਰ ਦੀ ਸੇਵਾ ਅਤੁੱਟ ਵਰਤੀ ਗਈ।

# ਸੀ ਟੀ ਯੂਨੀਵਰਸਿਟੀ ਨੇ ਤਿਆਰ ਕੀਤਾ ਸਮਾਰਟ ਅੰਗ ਟਰਾਂਸਪੋਰਟੇਸ਼ਨ ਬਾਕਸ, ਸੁਰੱਖਿਅਤ ਢੋਆ-ਢੁਆਈ ਲਈ ਕਿਫਾਇਤੀ ਤਕਨੀਕੀ ਹੱਲ




**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ ਟੀ ਯੂਨੀਵਰਸਿਟੀ ਦੀ ਰੋਬੋਟਿਕਸ ਲੈਬ ਨੇ ਅੰਗ ਪ੍ਰਤਿਆਰੋਪਣ ਦੌਰਾਨ ਸੁਰੱਖਿਅਤ ਅਤੇ ਭਰੋਸੇਯੋਗ ਢੋਆ-ਢੁਆਈ ਲਈ ਕ੍ਰਿਤ੍ਰਿਮ ਬੁੱਧੀਮਤਾ (19), ਇੰਟਰਨੈੱਟ ਆਫ ਥਿੰਗਜ਼ ਅਤੇ ਬਲਾਕਚੇਨ ਤਕਨਾਲੋਜੀ ਆਧਾਰਿਤ ਸਮਾਰਟ ਅੰਗ ਟਰਾਂਸਪੋਰਟੇਸ਼ਨ ਬਾਕਸ ਵਿਕਸਿਤ ਕੀਤਾ ਹੈ। ?8,000 ਤੋਂ ਘੱਟ ਲਾਗਤ ਨਾਲ ਤਿਆਰ ਕੀਤਾ ਗਿਆ ਇਹ ਬਾਕਸ ਤਾਪਮਾਨ, ਨਮੀ ਅਤੇ ਹੋਰ ਅਹਿਮ ਮਾਪਦੰਡਾਂ ਦੀ ਰੀਅਲ-ਟਾਈਮ ਨਿਗਰਾਨੀ ਕਰਦਾ ਹੈ ਅਤੇ ਬਿਨਾਂ ਅਧਿਕਾਰ ਖੋਲ੍ਹੇ ਜਾਣ ਤੇ ਤੁਰੰਤ ਚੇਤਾਵਨੀ ਵੀ ਜਾਰੀ ਕਰਦਾ ਹੈ।

ਬਲਾਕਚੇਨ ਤਕਨਾਲੋਜੀ ਰਾਹੀਂ ਸਾਰਾ ਡਾਟਾ ਸੁਰੱਖਿਅਤ ਅਤੇ ਛੇੜਛਾੜ-ਰਹਿਤ ਰਹਿੰਦਾ ਹੈ, ਜਦਕਿ 9☸" ਡੈਸ਼ਬੋਰਡ ਰਾਹੀਂ ਸਿਹਤ ਮਾਹਿਰ ਅੰਗ ਦੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਸਕਦੇ ਹਨ।

ਰੋਬੋਟਿਕਸ ਲੈਬ ਦੀ ਟੀਮ ਨੇ ਡਾ. ਹਰਮੀਤ ਸਿੰਘ ਦੀ ਅਗਵਾਈ ਹੇਠ ਇਸ ਨਵੀਨਤਾ ਨੂੰ ਸਿਰਫ਼ ਤਿੰਨ ਦਿਨਾਂ ਵਿੱਚ ਤਿਆਰ ਕੀਤਾ।ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਇਹ ਨਵੀਨਤਾ ਮਨੁੱਖਤਾ ਦੀ ਸੇਵਾ ਲਈ ਤਕਨਾਲੋਜੀ ਦੀ ਸ਼ਾਨਦਾਰ ਮਿਸਾਲ ਹੈ, ਜੋ ਅੰਗ ਪ੍ਰਤਿਆਰੋਪਣ ਪ੍ਰਕਿਰਿਆ ਨੂੰ ਹੋਰ ਸੁਰੱਖਿਅਤ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੀ ਹੈ।

# ਅਜੀਤੇਜ਼ ਕੌਸ਼ਲ ਬਣੇ ਥਾਣਾ ਮੁਖੀ ਮਾਛੀਵਾੜਾ ਸਾਹਿਬ, ਪਵਿੱਤਰ ਸਿੰਘ ਲੱਗੇ ਸਦਰ ਖੰਨਾ ਵਿਖੇ ਐਸ.ਐਚ.ਓ.

**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਨੂੰਨ ਵਿਵਸਥਾ ਨੂੰ ਵਧੀਆ ਢੰਗ ਨਾਲ ਚਲਾਉਣ ਲਈ ਪੁਲਿਸ ਪ੍ਰਸ਼ਾਸਨ ਵੱਲੋਂ ਲਗਾਤਾਰ ਪੂਰੇ ਸਾਲ ਬਦਲੀਆਂ ਜਾ ਰਹੀ ਰਹਿੰਦੀਆਂ ਹਨ। ਇਸੇ ਤਹਿਤ ਮਾਛੀਵਾੜਾ ਸਾਹਿਬ ਦੇ ਪੁਲਿਸ ਸਟੇਸ਼ਨ ਵਿਖੇ ਤਾਇਨਾਤ ਸਬ ਇੰਸਪੈਕਟਰ ਪਵਿੱਤਰ ਸਿੰਘ ਨੂੰ ਥਾਣਾ ਸਦਰ ਖੰਨਾ ਵਿਖੇ ਥਾਣਾ ਮੁਖੀ ਲਗਾਇਆ ਗਿਆ ਹੈ, ਅਤੇ ਉਨਾਂ ਦੀ ਥਾਂ ਮਾਛੀਵਾੜਾ ਸਾਹਿਬ ਵਿਖੇ ਇੰਸਪੈਕਟਰ ਅਜਿਤੇਸ਼ ਕੌਸ਼ਲ ਨੂੰ ਬਦਲ ਕੇ ਮਾਛੀਵਾੜਾ ਸਾਹਿਬ ਦਾ ਨਵਾਂ ਥਾਣਾ ਮੁਖੀ ਲਗਾਇਆ ਗਿਆ ਹੈ, ਜੋ ਕਿ ਪਹਿਲਾਂ ਸਦਰ ਥਾਣਾ ਖੰਨਾ ਵਿਖੇ ਤੈਨਾਤ ਸਨ। ਉਹਨਾਂ ਨੇ ਮਾਛੀਵਾੜਾ ਸਾਹਿਬ ਵਿਖੇ ਬਤੌਰ ਥਾਣਾ ਮੁਖੀ ਆਪਣਾ ਅਹੁਦਾ ਸੰਭਾਲਦਿਆਂ ਹੀ ਨਸ਼ਾ ਤਸਕਰਾਂ ਅਤੇ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਨੇ ਕਿਹਾ ਕਿ ਕਾਨੂੰਨ ਵਿੱਚ ਰਹਿ ਕੇ ਹਰ ਇੱਕ ਨਾਗਰਿਕ ਦੀ ਭਾਵਨਾ ਦੀ ਕਦਰ ਕੀਤੀ ਜਾਵੇਗੀ। ਕਿਸੇ ਵੀ ਵਿਅਕਤੀ ਨੂੰ ਕਾਨੂੰਨ ਤੋੜਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਥਾਣੇ ਅੰਦਰ ਆਪਣੀ ਫਰਿਆਦ ਲੈ ਕੇ ਆਉਣ ਵਾਲੇ ਹਰ ਇੱਕ ਵਿਅਕਤੀ ਨੂੰ ਇਨਸਾਫ ਦਵਾਉਣਾ ਸਾਡੀ ਪਹਿਲ ਹੋਵੇਗੀ। ਉਹਨਾਂ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਹਮੇਸ਼ਾ ਲੋਕਾਂ ਦੀ ਜਾਨ ਮਾਲ ਦੀ ਰੱਖਿਆ ਲਈ 24 ਘੰਟੇ ਹਾਜ਼ਰ ਰਹਿੰਦਾ ਹੈ। ਉਹਨਾਂ ਨੇ ਇੱਕ ਵਾਰ ਫਿਰ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਯੁੱਧ ਨਸ਼ੇ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਨਸ਼ਾ ਤਸਕਰਾਂ ਸਲਾਖਾਂ ਦੇ ਪਿੱਛੇ ਪਹੁੰਚਾਇਆ ਜਾਵੇਗਾ। ਉਹਨਾਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਪ੍ਰਸ਼ਾਸਨ ਦਾ ਸਾਥ ਦੇਣ ਤਾਂ ਜੋ ਮਾੜੇ ਅਨਸਰਾਂ ਨੂੰ ਕਾਬੂ ਕਰ ਜੇਲਾਂ ਵਿੱਚ ਡੱਕਿਆ ਜਾ ਸਕੇ।

# ਬੁਲਟ ਮੋਟਰਸਾਈਕਲਾਂ ਦੇ ਪਟਾਕੇ ਮਾਰਨ ਵਾਲਿਆਂ ਤੇ ਪ੍ਰਸ਼ਾਸਨ ਸਖ਼ਤ,ਕੱਟੇ ਚਲਾਨ, ਬਿਨਾਂ ਨੰਬਰੀ ਮੋਟਰਸਾਈਕਲ ਜਬਤ

**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਮਾਛੀਵਾੜਾ ਸਾਹਿਬ ਇਲਾਕੇ ਵਿੱਚ ਟਰੈਫਿਕ ਨਿਯਮਾਂ ਦੀਆਂ ਧੱਜੀਆਂ ਉਡਾਉਣ ਵਾਲਿਆਂ ਤੇ ਦਿਨ ਪ੍ਰਤੀ ਦਿਨ ਟਰੈਫਿਕ ਪੁਲਿਸ ਮਾਛੀਵਾੜਾ ਸਖਤ ਹੁੰਦੀ ਜਾ ਰਹੀ ਹੈ । ਜਿਆਦਾਤਰ ਬੁਲਟ ਮੋਟਰਸਾਈਕਲਾਂ ਤੇ ਪਟਾਕੇ ਮਾਰ ਲੋਕਾਂ ਨੂੰ ਪਰੇਸ਼ਾਨ ਕਰਨ ਵਾਲਿਆਂ ਤੇ ਏ.ਐਸ.ਆਈ. ਜਸਬੀਰ ਸਿੰਘ ਵੱਲੋਂ ਸਖਤ ਕਾਰਵਾਈ ਕਰਦੇ ਹੋਏ ਸਲੰਸਰ ਲਾਹ ਕੇ ਉਹਨਾਂ ਦੇ ਚਲਾਨ ਕੱਟੇ ਗਏ ਅਤੇ ਬਿਨਾਂ ਨੰਬਰੀ ਅਤੇ ਬਿਨਾਂ ਕਾਗਜ਼ ਪੱਤਰਾਂ ਤੋਂ ਘੁੰਮਦੇ ਮੋਟਰਸਾਈਕਲ ਨੂੰ ਫੜ ਥਾਣੇ ਲਿਆਂਦਾ ਗਿਆ।ਟਰੈਫਿਕ ਨਿਯਮਾਂ ਦੀ ਸੁਚਾਰੂ ਢੰਗ ਨਾਲ ਪਾਲਣਾ ਕਰਨ ਹਿੱਤ ਐਸ.ਐਸ.ਪੀ. ਖੰਨਾ ਮੈਡਮ ਦਰਪਣ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾਛੀਵਾੜਾ ਸਾਹਿਬ ਟਰੈਫਿਕ ਇੰਚਾਰਜ ਜਸਵੀਰ ਸਿੰਘ ਵੱਲੋਂ ਵਾਹਨਾਂ ਦੀ ਚੈਕਿੰਗ ਕਰਦਿਆਂ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ ਗਏ।

ਨਾਕੇ ਦੇ ਮੌਜੂਦ ਸਹਾਇਕ ਥਾਣੇਦਾਰ ਜਸਵੀਰ ਸਿੰਘ ਟਰੈਫਿਕ ਇੰਚਾਰਜ ਮਾਛੀਵਾੜਾ ਸਾਹਿਬ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਉਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਜਿਨਾਂ ਕੋਲ ਮੌਜੂਦਾ ਵਾਹਨ ਦੇ ਕਾਗਜ਼ਾਤ ਪੂਰੇ ਨਹੀਂ ਹਨ ਉਹਨਾਂ ਦੇ ਚਲਾਨ ਕੱਟੇ ਜਾ ਰਹੇ ਹਨ ।ਅੱਜ ਮਾਛੀਵਾੜਾ ਸਾਹਿਬ ਵਾਹਨਾਂ ਨੂੰ ਰੋਕ ਕੇ ਚੈਕਿੰਗ ਕੀਤੀ ਅਤੇ ਕਾਗਜਾਂ ਦੀ ਕਮੀ ਵਾਲਿਆਂ ਨੂੰ ਚੇਤਾਵਨੀ ਵੀ ਦਿੱਤੀ ਅਤੇ ਜਿਨ੍ਹਾਂ ਕੋਲ ਕੋਈ ਵੀ ਕਾਗਜ਼ ਪੱਤਰਮੌਜੂਦ ਨਹੀਂ ਸੀ ਜਾਂ ਨੰਬਰ ਪਲੇਟ ਵੀ ਨਹੀਂ ਲੱਗੀ ਸੀ,ਉਹਨਾਂ ਮੋਟਰਸਾਈਕਲ ਨੂੰ ਜਬਤ ਕਰ ਥਾਣੇ ਖੜਾ ਦਿੱਤਾ ਗਿਆ। ਬੁਲਟ ਮੋਟਰਸਾਈਕਲਾਂ ਤੇ ਪਟਾਕੇ ਮਾਰਨ ਵਾਲਿਆਂ ਲਈ ਉਹਨਾਂ ਖਾਸ ਤਾੜਨਾ ਕਰਦਿਆਂ ਕਿਹਾ ਕਿ ਅਜਿਹੇ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।

ਇੱਥੋਂ ਤੱਕ ਕਿ ਜਬਤ ਕੀਤੇ ਗਏ ਮੋਟਰਸਾਈਕਲ ਥਾਣੇ ਖੜਾ ਦਿੱਤੇ ਜਾਣਗੇ ਅਤੇ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਹਨਾਂ ਕਿਹਾ ਕਿ ਨਿਯਮਾਂ ਦੀ ਉਲੰਘਣ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।

# ਮਸਤ ਬਾਬਾ ਗੇਂਦੇ ਸ਼ਾਹ ਅਤੇ ਸਪੁੱਤਰੀ ਬੀਬੀ ਕਰਤਾਰੀ ਦੇ ਸਮੂਹ ਪਰਿਵਾਰ ਅਤੇ ਸੰਗਤ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਮੇਲਾ ਕਰਵਾਇਆ ਗਿਆ

**ਮਾਛੀਵਾੜਾ ਸਾਹਿਬ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਇੱਥੋਂ ਨੇੜਲੇ ਪਿੰਡ ਬੇਗਾਂ ਝੁਗੀਆਂ ਹਲਕਾ ਸਾਹਨੇਵਾਲ ਵਿਖੇ ਹਰ ਸਾਲ ਦੀ ਤਰ੍ਹਾਂ ਦਰਬਾਰ ਮਸਤ ਬਾਬਾ ਗੇਂਦੇ ਸ਼ਾਹ ਅਤੇ ਸਪੁੱਤਰੀ ਬੀਬੀ ਕਰਤਾਰੀ ਜੀ ਅਤੇ ਸਮੂਹ ਪਰਿਵਾਰ ਇਲਾਕੇ ਦੀ ਸੰਗਤ ਵੱਲੋਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮੇਲਾ ਅਤੇ ਭੰਡਾਰਾ ਕਰਵਾਇਆ ਗਿਆ।

ਡੇਰੇ ਦੇ ਮੁੱਖ ਸੇਵਾਦਾਰ ਜਸਵੀਰ ਸਿੰਘ ਕਾਲਾ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਸਤ ਬਾਬਾ ਗੇਂਦੇ ਸ਼ਾਹ ਜੀ ਦੇ ਦਰਬਾਰ ਤੇ ਸੰਗਤਾਂ ਦੋ ਦਿਨ ਸੇਵਾ ਕਰਦੀਆਂ ਹਨ ਸਲਾਨਾ ਮੇਲੇ ਵਿੱਚ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਦੂਰੋਂ ਨੇੜਿਓਂ ਆਈ ਸੰਗਤ ਬਾਬਾ ਗੇਂਦੇ ਸ਼ਾਹ ਜੀ ਦੇ ਦਰਬਾਰ ਤੇ ਨਤਮਸਤਕ ਹੋਈ।

ਮੇਲੇ ਵਿੱਚ ਪਹੁੰਚੇ ਨਾਮੀਂ ਕਲਾਕਾਰਾਂ ਨੇ ਆਪਣੀ ਕਲ੍ਹਾ ਰਾਹੀਂ ਆਈ ਹੈ ਸੰਗਤ ਨੂੰ ਨਿਹਾਲ ਕੀਤਾ। ਜਿਸ ਵਿੱਚ ਪ੍ਰਬੰਧਕਾਂ ਵੱਲੋਂ ਲੰਗਰ ਦੀ ਸੇਵਾ ਅਤੇ ਸੇਵਾਦਾਰਾਂ ਵੱਲੋਂ ਦਾਲ ਫੁਲਕਾ,ਕੜੀ ਚਾਵਲ, ਜਲੇਬੀ, ਅਤੇ ਹੋਰ ਕਈ ਪਕਵਾਨ ਬੜੇ ਪਿਆਰ ਅਤੇ ਸਤਿਕਾਰ ਨਾਲ ਛਕਾਇਆ ਗਿਆ।ਮੇਲੇ ਵਿੱਚ ਪਹੁੰਚੇ ਮਹਿਮਾਨਾਂ ਦਾ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਮਸਤ ਬਾਬਾ ਗੇਂਦੇ ਸ਼ਾਹ ਜੀ ਦਰਬਾਰ ਤੇ ਮੁੱਖ ਸੇਵਾਦਾਰ ਜਸਵੀਰ ਸਿੰਘ ਕਾਲਾ ਅਤੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖੀ ਨੇ ਆਈਆਂ ਸੰਗਤਾਂ ਅਤੇ ਮਹਿਮਾਨਾਂ ਦਾ ਪਹੁੰਚਣ ਤੇ ਧੰਨਵਾਦ ਕੀਤਾ। ਇਸ ਮੌਕੇ ਮਲਕੀਤ ਸਿੰਘ ਸੋਨੂੰ,ਭਾਗ ਰਾਮ,ਹੁਸਨ ਲਾਲ, ਜੀਵਨ,ਕਮਲ,ਕੇਸੀ, ਗੁਰਿੰਦਰ ਸਿੰਘ, ਸੋਢੀ, ਵਿਜੇ ਜਲੰਧਰ,ਬਾਵਾ ਢੋਲੀ, ਜਸ਼ਨ, ਮੁਨੀਸ਼,ਅਜੇ, ਸਾਂਲੀ,ਡੈਨੀ,ਹੈਰੀ,ਕਿੰਦਾ, ਜਰਨੈਲ ਸਿੰਘ ਤੂਰ, ਬਹਾਦਰ ਸਿੰਘ ਤੂਰ, ਬਲਵੀਰ ਚੰਦ ਜੱਸਲ, ਮਹਿੰਦਰ ਸਿੰਘ ਮੰਗਾਂ,ਦੇਵ ਰਾਜ, ਹੈਪੀ, ਹਰਜੋਤ, ਬਲਵਿੰਦਰ ਸਿੰਘ ਬਿੰਦਰ, ਅਤੇ ਸਮੂਹ ਇਲਾਕਾ ਨਿਵਾਸੀ ਹਾਜਰ ਸਨ।

# ਬਿਜਲੀ ਕੱਟਾਂ ਨਾਲ ਇੰਡਸਟਰੀ ਅਤੇ ਕਿਸਾਨ ਦੋਵੇਂ ਪਰੇਸ਼ਾਨ, ਸਰਕਾਰ ਦੇ ਦਾਅਵੇ ਖੋਖਲੇ ਸਾਬਤ : ਪਵਨ ਦੀਵਾਨ

**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਕਾਂਗਰਸ ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਪੰਜਾਬ ਵਿੱਚ ਇੰਡਸਟਰੀ ਅਤੇ ਖੇਤੀਬਾੜੀ ਸੈਕਟਰ ਨੂੰ ਲੱਗ ਰਹੇ ਲਗਾਤਾਰ ਬਿਜਲੀ ਕੱਟਾਂ 'ਤੇ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਸਰਕਾਰੀ ਦਾਅਵਿਆਂ ਦੇ ਉਲਟ ਜ਼ਮੀਨੀ ਹਕੀਕਤ ਬਹੁਤ ਮਾੜੀ ਹੈ।ਉਨ੍ਹਾਂ ਕਿਹਾ ਕਿ ਐਮਐਸਐਮਈ ਇੰਡਸਟਰੀ ਨੂੰ ਲੋੜੀਂਦੀ ਬਿਜਲੀ ਨਹੀਂ ਮਿਲ ਰਹੀ ਅਤੇ ਝੋਨੇ ਦੇ ਸੀਜ਼ਨ ਦੌਰਾਨ ਖੇਤੀ ਫੀਡਰਾਂ ਦੀ ਸਪਲਾਈ ਵੀ ਪ੍ਰਭਾਵਿਤ ਹੋ ਰਹੀ ਹੈ, ਜਿਸ ਕਾਰਨ ਉਦਯੋਗਾਂ ਨੂੰ ਆਰਥਿਕ ਨੁਕਸਾਨ ਅਤੇ ਕਿਸਾਨਾਂ ਨੂੰ ਸੰਘਰਸ਼ ਲਈ ਮਜਬੂਰ ਹੋਣਾ ਪੈ ਰਿਹਾ ਹੈ।

ਦੀਵਾਨ ਨੇ ਦੋਸ਼ ਲਗਾਇਆ ਕਿ ਬਿਜਲੀ ਪ੍ਰਬੰਧਨ ਵਿੱਚ ਸਰਕਾਰ ਦੀ ਨਾਕਾਮੀ ਸਾਫ਼ ਨਜ਼ਰ ਆ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਬਿਜਲੀ ਸੰਕਟ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਪੰਜਾਬ ਦੀ ਇੰਡਸਟਰੀ, ਰੁਜ਼ਗਾਰ ਅਤੇ ਆਰਥਿਕ ਵਿਕਾਸ 'ਤੇ ਲੰਬੇ ਸਮੇਂ ਲਈ ਨਕਾਰਾਤਮਕ ਅਸਰ ਪਵੇਗਾ।

# ਮਹਾਰਾਜਾ ਰਣਜੀਤ ਸਿੰਘ ਦੀ ਯਾਦ 'ਚ ਭਾਜਪਾ ਨੇ ਲਗਾਈ ਮਿੱਠੀ ਛਬੀਲ



**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ ਵੱਲੋਂ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਅਗਵਾਈ ਹੇਠ ਜ਼ਿਲ੍ਹਾ ਦਫ਼ਤਰ ਦੇ ਬਾਹਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਯਾਦ ਵਿੱਚ ਮਿੱਠੀ ਛਬੀਲ ਲਗਾਈ ਗਈ।ਇਸ ਮੌਕੇ ਰਾਹਗੀਰਾਂ, ਵਾਹਨ ਚਾਲਕਾਂ ਅਤੇ ਇਲਾਕਾ ਨਿਵਾਸੀਆਂ ਨੂੰ ਮਿੱਠਾ ਸ਼ਰਬਤ ਵੰਡਿਆ ਗਿਆ।

ਰਜਨੀਸ਼ ਧੀਮਾਨ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦਾ ਜੀਵਨ ਲੋਕ ਸੇਵਾ, ਧਾਰਮਿਕ ਸਾਂਝ ਅਤੇ ਨਿਆਂਪੂਰਨ ਸ਼ਾਸਨ ਦਾ ਪ੍ਰਤੀਕ ਸੀ ਅਤੇ ਉਨ੍ਹਾਂ ਦੀ ਯਾਦ ਵਿੱਚ ਲਗਾਈ ਗਈ ਇਹ ਛਬੀਲ ਸਮਾਜ ਵਿੱਚ ਸੇਵਾ, ਪਿਆਰ ਅਤੇ ਸਦਭਾਵਨਾ ਦਾ ਸੰਦੇਸ਼ ਦੇਣ ਦਾ ਨਿਮਾਣਾ ਯਤਨ ਹੈ।

ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਮਹਾਂਮੰਤਰੀ ਨਰਿੰਦਰ ਸਿੰਘ ਮੱਲੀ, ਜ਼ਿਲ੍ਹਾ ਉਪ ਪ੍ਰਧਾਨ ਨਵਲ ਜੈਨ, ਸਕੱਤਰ ਸੁਖਜੀਵ ਬੇਦੀ, ਸਾਬਕਾ ਕੌਂਸਲਰ ਗੁਰਦੀਪ ਸਿੰਘ ਨੀਟੂ ਸਮੇਤ ਕਈ ਭਾਜਪਾ ਆਗੂ ਅਤੇ ਵਰਕਰ ਹਾਜ਼ਰ ਰਹੇ।

# ਤਾਰੇ ਜ਼ਮੀਨ ਪਰ ਪਹਿਲ ਦੇ ਜ਼ਰੀਏ ਪਲਸ ਪੋਲੀਓ ਮੁਹਿੰਮ ਨੂੰ ਮਿਲੀ ਨਵੀਂ ਗਤੀ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ, ਯੂ.ਟੀ. ਚੰਡੀਗੜ੍ਹ ਦੁਆਰਾ ਪਲਸ ਪੋਲੀਓ ਮੁਹਿੰਮ ਦੇ ਤਹਿਤ ਘਰ-ਘਰ ਜਾ ਕੇ ਬੱਚਿਆਂ ਨੂੰ ਪੋਲੀਓ ਰੋਧੀ ਖੁਰਾਕ ਪਿਲਾਉਣ ਦੀ ਗਤੀਵਿਧੀ ਦੂਸਰੇ ਦਿਨ ਵੀ ਜਾਰੀ ਰਹੀ। ਇਸ ਮੁਹਿੰਮ ਦਾ ਉਦੇਸ਼ ਪੰਜ ਵਰ੍ਹਿਆਂ ਤੋਂ ਘੱਟ ਉਮਰ ਦੇ ਹਰੇਕ ਬੱਚੇ ਨੂੰ ਪੋਲੀਓ ਤੋਂ ਸੁਰੱਖਿਅਤ ਕਰਨਾ ਹੈ।

ਸਿਹਤ ਵਿਭਾਗ ਦੀਆਂ ਟੀਮਾਂ ਨੇ ਸ਼ਹਿਰ ਭਰ ਦੇ 1,35,670 ਘਰਾਂ ਦਾ ਦੌਰਾ ਕੀਤਾ ਅਤੇ 0 ਤੋਂ 5 ਵਰ੍ਹੇ ਉਮਰ ਵਰਗ ਦੇ 26,150 ਬੱਚਿਆਂ ਨੂੰ ਓਰਲ ਪੋਲੀਓ ਵੈਕਸੀਨ ਦੀ ਖੁਰਾਕ ਪਿਲਾਈ।

ਇਸ ਦੌਰਾਨ ਮਾਪਿਆਂ ਅਤੇ ਦੇਖਭਾਲ ਕਰਨ ਵਾਲਿਆਂ ਨੂੰ ਨਿਯਮਿਤ ਟੀਕਾਕਰਣ ਦੇ ਮਹੱਤਵ ਬਾਰੇ ਵੀ ਜਾਗਰੂਕ ਕੀਤਾ ਗਿਆ ਅਤੇ ਇਹ ਸੁਨਿਸ਼ਚਿਤ ਕਰਨ ਦਾ ਸੰਦੇਸ਼ ਦਿੱਤਾ ਗਿਆ ਕਿ ਕੋਈ ਵੀ ਪਾਤਰ ਬੱਚਾ ਟੀਕਾਕਰਣ ਤੋਂ ਵੰਚਿਤ ਨਾ ਰਹੇ।

28 ਜੂਨ 2026 ਨੂੰ ਆਯੋਜਿਤ ਤਾਰੇ ਜ਼ਮੀਨ ਪਰ ਪਹਿਲ ਦੇ ਤਹਿਤ ਉਨ੍ਹਾਂ ਬੱਚਿਆਂ ਤੱਕ ਪਹੁੰਚਣ ਲਈ ਰਾਤ ਨੂੰ ਵਿਸ਼ੇਸ਼ ਟੀਕਾਕਰਣ ਮੁਹਿੰਮ ਚਲਾਈ ਗਈ, ਜੋ ਨਿਯਮਿਤ ਸਮੇਂ ਦੇ ਦੌਰਾਨ ਟੀਕਾਕਰਣ ਤੋਂ ਵੰਚਿਤ ਰਹਿ ਗਏ ਸਨ।

# ਪੱਤਰਕਾਰਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਮੋਹਰੀ ਰਹੇਗੀ ਜਰਨਲਿਸਟ ਪ੍ਰੈਸ ਕਲੱਬ ਪੰਜਾਬ - ਚੌਟਾਲਾ/ਜੱਸੀ



**ਲੁਧਿਆਣਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਜਰਨਲਿਸਟ ਪ੍ਰੈਸ ਕਲੱਬ ਰਜਿਸਟਰਡ ਪੰਜਾਬ ਦੇ ਜ਼ਿਲ੍ਹਾ ਲੁਧਿਆਣਾ ਯੂਨਿਟ ਦੀ ਅਹਿਮ ਮੀਟਿੰਗ ਦੌਰਾਨ ਪੱਤਰਕਾਰਾਂ ਦੇ ਹੱਕਾਂ, ਸੁਰੱਖਿਆ ਅਤੇ ਭਲਾਈ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ ਪੱਤਰਕਾਰ ਭਾਈਚਾਰੇ ਦੀਆਂ ਜਾਇਜ਼ ਮੰਗਾਂ ਸਬੰਧੀ ਜਲਦ ਹੀ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ ਜਾਣਗੇ।

ਜ਼ਿਲ੍ਹਾ ਪ੍ਰਧਾਨ ਪ੍ਰਮੋਦ ਚੌਟਾਲਾ ਅਤੇ ਜ਼ਿਲ੍ਹਾ ਚੇਅਰਮੈਨ ਜਸਵਿੰਦਰ ਜੱਸੀ ਨੇ ਕਿਹਾ ਕਿ ਕਲੱਬ ਪੱਤਰਕਾਰਾਂ ਨਾਲ ਹੋਣ ਵਾਲੀ ਹਰ ਤਰ੍ਹਾਂ ਦੀ ਬੇਇਨਸਾਫ਼ੀ ਦੇ ਖ਼ਿਲਾਫ਼ ਡਟ ਕੇ ਖੜ੍ਹੇਗੀ ਅਤੇ ਉਨ੍ਹਾਂ ਦੇ ਮਾਣ-ਸਨਮਾਨ ਤੇ ਹੱਕਾਂ ਦੀ ਰਾਖੀ ਲਈ ਹਰ ਸੰਭਵ ਯਤਨ ਕਰੇਗੀ।

ਉਨ੍ਹਾਂ ਪੱਤਰਕਾਰਾਂ ਨੂੰ ਪੇਸ਼ੇਵਰ ਢੰਗ ਨਾਲ ਕੰਮ ਕਰਨ ਅਤੇ ਇਕਜੁੱਟ ਰਹਿਣ ਦਾ ਸੱਦਾ ਦਿੰਦਿਆਂ ਕਿਹਾ ਕਿ ਏਕਤਾ ਹੀ ਪੱਤਰਕਾਰ ਭਾਈਚਾਰੇ ਦੀ ਸਭ ਤੋਂ ਵੱਡੀ ਤਾਕਤ ਹੈ।

ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਸੀਨੀਅਰ ਅਤੇ ਨੌਜਵਾਨ ਪੱਤਰਕਾਰਾਂ ਨੇ ਸ਼ਮੂਲੀਅਤ ਕਰਦਿਆਂ ਕਲੱਬ ਦੀਆਂ ਭਵਿੱਖੀ ਗਤੀਵਿਧੀਆਂ ਅਤੇ ਪੱਤਰਕਾਰ ਭਲਾਈ ਲਈ ਪ੍ਰਭਾਵਸ਼ਾਲੀ ਕਦਮ ਚੁੱਕਣ 'ਤੇ ਸਹਿਮਤੀ ਪ੍ਰਗਟਾਈ।

# ਭਾਜਪਾ ਸਰਕਾਰ ਬਣਦੇ ਹੀ ਉਸੇ ਦਿਨ ਨਸ਼ਾ ਵੇਚਣ ਵਾਲੇ ਪੰਜਾਬ ਛੱਡ ਕੇ ਚਲੇ ਜਾਣਗੇ : ਮੁੱਖ ਮੰਤਰੀ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਪੰਜਾਬ ਵਿੱਚ ਸਭ ਤੋਂ ਵੱਡਾ ਸੰਕਟ ਵਧਦਾ ਨਸ਼ਾ ਹੈ। ਨਸ਼ੇ ਨਾਲ ਅਨੇਕਾਂ ਘਰ ਬਰਬਾਦ ਅਤੇ ਮਾਵਾਂ ਦੀਆਂ ਗੋਦਾਂ ਸੁੰਨੀਆਂ ਹੋ ਗਈਆਂ ਹਨ। ਜੋ ਨੌਜਵਾਨ ਦੇਸ਼ ਦੀ ਸਭ ਤੋਂ ਵੱਡੀ ਤਾਕਤ ਹੁੰਦਾ ਹੈ, ਉਹ ਅੱਜ ਨਸ਼ੇ ਦੀ ਗ੍ਰਿਫ਼ਤ ਵਿੱਚ ਫਸਦਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਭਾਜਪਾ ਸਰਕਾਰ ਬਣਦੇ ਹੀ ਉਸੇ ਦਿਨ ਤੋਂ ਨਸ਼ਾ ਵੇਚਣ ਵਾਲੇ ਪੰਜਾਬ ਛੱਡ ਕੇ ਚਲੇ ਜਾਣਗੇ।



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਲੁਧਿਆਣਾ ਵਿੱਚ ਧਾਨਕ ਸਮਾਜ ਵੱਲੋਂ ਸੰਤ ਕਬੀਰ ਦੇ 628ਵੇਂ ਪ੍ਰਗਟ ਦਿਵਸ 'ਤੇ ਆਯੋਜਿਤ ਰਾਜ ਪੱਧਰੀ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਲੁਧਿਆਣਾ ਵਿੱਚ ਸੰਤ ਕਬੀਰ ਭਵਨ ਬਣਾਉਣ ਦਾ ਐਲਾਨ ਕਰਦਿਆਂ 11 ਲੱਖ ਰੁਪਏ ਦੀ ਰਕਮ ਦੇਣ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਸੰਤ ਸ਼੍ਰੋਮਣੀ ਕਬੀਰਦਾਸ ਮਹਾਰਾਜ ਦੇ ਚਰਨਾਂ ਵਿੱਚ ਕੋਟਿ-ਕੋਟਿ ਨਮਨ ਕਰਦਿਆਂ ਉਨ੍ਹਾਂ ਦੇ ਪ੍ਰਗਟ ਦਿਵਸ ਦੀਆਂ ਹਾਰਦਿਕ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਜਦੋਂ ਸਾਡਾ ਸਮਾਜ ਅੰਧਵਿਸ਼ਵਾਸ, ਪਾਖੰਡ, ਛੂਤ-ਛਾਤ ਅਤੇ ਰੂੜੀਵਾਦੀ ਸੋਚ ਦੇ ਡੂੰਘੇ ਹਨੇਰੇ ਵਿੱਚ ਡੁੱਬਿਆ ਹੋਇਆ ਸੀ, ਅਜਿਹੇ ਵਿੱਚ ਸੰਤ ਕਬੀਰ ਮਹਾਰਾਜ ਦਾ ਜਨਮ ਜੋਤੀ ਸਰੂਪ ਹੋਇਆ, ਜਿਨ੍ਹਾਂ ਨੇ ਆਪਣੀ ਓਜਸਵੀ ਬਾਣੀ ਨਾਲ ਪੂਰੇ ਸਮਾਜ ਨੂੰ ਨਵੀਂ ਰਾਹ ਦਿਖਾਈ।

ਮੁੱਖ ਮੰਤਰੀ ਨੇ ਕਿਹਾ ਕਿ ਸੰਤ ਕਬੀਰ ਦਾਸ ਸਮਰਸਤਾ, ਬਰਾਬਰੀ, ਇਨਸਾਨੀਅਤ ਦੇ ਸੰਦੇਸ਼ ਨੂੰ ਘਰ-ਘਰ ਪਹੁੰਚਾਉਣ ਵਾਲੀ ਮੁਹਿੰਮ ਹਨ। ਉਹ ਭਾਰਤ ਦੀ ਰੂਹ ਅਤੇ ਵੱਡੇ ਸਮਾਜ ਸੁਧਾਰਕ ਹੋਏ ਹਨ, ਜਿਨ੍ਹਾਂ ਨੇ ਸਮਾਜ ਨੂੰ ਜੋੜਨ ਦਾ ਰਸਤਾ ਅਤੇ ਇਨਸਾਨੀਅਤ ਦਾ ਮੰਤਰ ਦਿੱਤਾ ਹੈ। ਉਨ੍ਹਾਂ ਦਾ ਜੀਵਨ ਸੱਚ ਦੀ ਖੋਜ ਅਤੇ ਅਸੱਤ ਦੇ ਨਿਰਭੈ ਖੰਡਨ ਵਿੱਚ ਬਤੀਤ ਹੋਇਆ ਅਤੇ ਉਨ੍ਹਾਂ ਨੇ ਸਾਰੇ ਧਰਮਾਂ ਦੀਆਂ ਕੁਰੀਤੀਆਂ ਅਤੇ ਰੂੜੀਆਂ 'ਤੇ ਸਖ਼ਤ ਪ੍ਰਹਾਰ ਕੀਤਾ।

ਉਨ੍ਹਾਂ ਦੇ ਕ੍ਰਾਂਤੀਕਾਰੀ ਵਿਚਾਰ ਅੱਜ ਵੀ ਸਮਾਜ ਦੇ ਮਾਰਗਦਰਸ਼ਕ ਹਨ। ਗੁਰੂ ਗ੍ਰੰਥ ਸਾਹਿਬ ਵਿੱਚ ਵੀ ਸੰਤ ਕਬੀਰ ਦੀ ਬਾਣੀ ਨੂੰ ਸਨਮਾਨ ਦਿੱਤਾ ਗਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੰਤ ਕਬੀਰ ਦੀ ਬਾਣੀ ਨੂੰ ਸਾਕਾਰ ਕਰਨ ਦਾ ਕੰਮ ਕਰ ਰਹੀ ਹੈ। ਹਰ ਜ਼ਿਲ੍ਹਾ ਪੱਧਰ 'ਤੇ ਸੰਤ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੰਤ ਕਬੀਰ ਦਾ ਦਿੱਤਾ ਹੋਇਆ ਸਮੁੱਚਾ ਕਲਿਆਣ, ਬਰਾਬਰੀ ਦਾ ਸੰਦੇਸ਼ ਅਤੇ ਅੰਤਿਮ ਵਿਅਕਤੀ ਦੇ ਵਿਕਾਸ ਦਾ ਮੰਤਰ ਪੰ. ਦੀਨ ਦਿਆਲ ਉਪਾਧਿਆਏ ਨੇ ਅਪਣਾਇਆ। ਭਾਜਪਾ ਉਸ ਨੂੰ ਅੱਗੇ ਵਧਾਉਣ ਦਾ ਕੰਮ ਕਰ ਰਹੀ ਹੈ। ਹਰਿਆਣਾ ਵਿੱਚ ਕਾਂਗਰਸ ਕਾਰਜਕਾਲ ਵਿੱਚ ਪਲਾਟ ਦੇ ਨਾਮ 'ਤੇ ਮਿਲੇ ਕੇਵਲ ਕਾਗਜ਼ ਨੂੰ ਮੌਜੂਦਾ ਸਰਕਾਰ ਨੇ 20 ਹਜ਼ਾਰ ਗਰੀਬ ਲੋਕਾਂ ਨੂੰ ਕਬਜ਼ਾ ਦਿਵਾਉਣ ਦਾ ਕੰਮ ਕੀਤਾ ਹੈ।

ਇਸ ਤੋਂ ਇਲਾਵਾ ਜੋ ਪਰਿਵਾਰ ਰਹਿ ਗਏ ਉਨ੍ਹਾਂ ਨੂੰ 100-100 ਵਰਗ ਗਜ਼ ਦੇ ਪਲਾਟ ਦੇ ਕੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਨਾਲ ਜੋੜ ਕੇ ਉਨ੍ਹਾਂ ਦੇ ਪੱਕੇ ਮਕਾਨ ਬਣਾਉਣ ਦਾ ਕੰਮ ਕੀਤਾ ਹੈ। ਸ਼ਹਿਰੀ ਖੇਤਰਾਂ ਵਿੱਚ ਗਰੀਬ ਲੋਕਾਂ ਨੂੰ 30-30 ਵਰਗ ਗਜ਼ ਦੇ ਪਲਾਟ ਅਤੇ ਸੋਨੀਪਤ, ਗੁਰੂਗ੍ਰਾਮ, ਫਰੀਦਾਬਾਦ ਵਿੱਚ 7200 ਤੋਂ ਵੱਧ ਫਲੈਟ ਦਿੱਤੇ ਗਏ ਹਨ।

ਇਸ ਤੋਂ ਇਲਾਵਾ ਲਾਡੋ ਲਕਸ਼ਮੀ ਯੋਜਨਾ ਤਹਿਤ 2100 ਰੁਪਏ, ਔਰਤਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਦੇਣ ਤੋਂ ਇਲਾਵਾ ਲੋਕਾਂ ਨੂੰ ਆਯੁਸ਼ਮਾਨ ਚਿਰਾਯੂ ਯੋਜਨਾ ਦਾ ਲਾਭ ਦਿੱਤਾ ਗਿਆ ਹੈ। ਕਿਸਾਨਾਂ ਦੀਆਂ ਸਾਰੀਆਂ ਫਸਲਾਂ ਨੂੰ ਐੱਮ.ਐੱਸ.ਪੀ. 'ਤੇ ਖਰੀਦਿਆ ਜਾ ਰਿਹਾ ਹੈ। ਇਸ ਦੇ ਨਾਲ ਹੀ ਸਬਜ਼ੀਆਂ ਨੂੰ ਵੀ ਭਾਵਾਂਤਰ ਭਰਪਾਈ ਯੋਜਨਾ ਵਿੱਚ ਸ਼ਾਮਲ ਕਰਕੇ ਕਿਸਾਨਾਂ ਨੂੰ ਲਾਭ ਦਿੱਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਝੂਠ ਬੋਲ ਕੇ ਵਰਗਲਾਉਣ ਦਾ ਕੰਮ ਕਰ ਰਹੀ ਹੈ। ਸਰਕਾਰ ਦੁਆਰਾ ਕੀਤੇ ਗਏ ਵਾਅਦਿਆਂ ਵਿੱਚੋਂ ਅੱਧੇ ਵੀ ਪੂਰੇ ਨਹੀਂ ਕੀਤੇ ਹਨ। ਕਾਨੂੰਨ ਵਿਵਸਥਾ ਦੇ ਹਾਲਾਤ ਬਦਹਾਲ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਜਪਾ ਸਰਕਾਰ ਬਣਦੇ ਹੀ ਸੰਤ ਕਬੀਰ ਦਾਸ ਦੇ ਦਿਖਾਏ ਮਾਰਗ 'ਤੇ ਚੱਲ ਕੇ ਕਾਨੂੰਨ ਵਿਵਸਥਾ ਦਰੁਸਤ ਕਰਨ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦਾ ਕੰਮ ਕਰੇਗੀ।

ਉਨ੍ਹਾਂ ਨੇ ਕਿਹਾ ਕਿ ਭਾਜਪਾ ਦੀ ਨੀਤੀ, ਨੀਅਤ ਸਾਫ਼ ਹੈ ਅਤੇ ਰਾਸ਼ਟਰ ਪਹਿਲਾਂ ਦੀ ਨੀਤੀ ਨਾਲ ਕੰਮ ਕਰਦੇ ਹਨ। ਸੰਤ ਕਬੀਰ ਦੀ ਵਿਰਾਸਤ ਨੂੰ ਸੰਵਿਧਾਨਕ ਰੂਪ ਦੇਣ ਵਾਲੇ ਭਾਰਤ ਰਤਨ ਡਾ. ਭੀਮਰਾਓ ਅੰਬੇਡਕਰ ਦਾ ਸੁਤੇ ਹੀ ਸਿਮਰਨ ਹੋ ਆਉਂਦਾ ਹੈ। ਸੰਤ ਕਬੀਰ ਨੇ ਜਿਸ ਸਮਾਜਿਕ ਸਮਾਨਤਾ ਦੀ ਗੱਲ ਆਪਣੀ ਬਾਣੀ ਵਿੱਚ ਕਹੀ, ਬਾਬਾ ਸਾਹਿਬ ਨੇ ਉਸ ਨੂੰ ਭਾਰਤ ਦੇ ਪਵਿੱਤਰ ਸੰਵਿਧਾਨ ਵਿੱਚ ਪਰੋ ਕੇ ਸਾਨੂੰ ਕਾਨੂੰਨੀ ਅਧਿਕਾਰ ਦੇ ਰੂਪ ਵਿੱਚ ਸੌਂਪਿਆ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਸਭ ਕਾ ਸਾਥ, ਸਭ ਕਾ ਵਿਕਾਸ, ਸਭ ਕਾ ਵਿਸ਼ਵਾਸ ਅਤੇ ਸਭ ਕਾ ਪ੍ਰਯਾਸ ਦੇ ਮੂਲ ਮੰਤਰ 'ਤੇ ਚੱਲਦੇ ਹੋਏ ਸਮਾਜ ਦੇ ਹਰ ਵਰਗ ਦੇ ਉਥਾਨ ਲਈ ਅਨੇਕਾਂ ਯੋਜਨਾਵਾਂ ਅਤੇ ਨੀਤੀਆਂ ਲਾਗੂ ਕੀਤੀਆਂ ਹਨ। ਹਰਿਆਣਾ ਵਿੱਚ ਪਿਛਲੇ ਸਾਢੇ 11 ਸਾਲਾਂ ਵਿੱਚ ਪਾਰਦਰਸ਼ੀ ਸ਼ਾਸਨ ਵਿਵਸਥਾ ਸਥਾਪਿਤ ਕਰਕੇ ਜਨਤਾ ਨੂੰ ਲਾਭ ਪਹੁੰਚਾਇਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਸਾਹਿਬ ਨੇ ਸਮਾਜ ਨੂੰ ਅੱਗੇ ਵਧਾਉਣ ਲਈ - ਸਿੱਖਿਅਤ ਬਣੋ, ਸੰਗਠਿਤ ਰਹੋ ਅਤੇ ਸੰਘਰਸ਼ ਕਰੋ ਦਾ ਤ੍ਰਿਸੂਤਰ ਦਿੱਤਾ, ਉਹ ਅੱਜ ਵੀ ਸਾਡੇ ਸਮਾਜ ਲਈ ਤਰੱਕੀ ਦਾ ਇਕਮਾਤਰ ਮਾਰਗ ਹੈ। ਬਾਬਾ ਸਾਹਿਬ ਦਾ ਮੰਨਣਾ ਸੀ ਕਿ ਸਮਾਜਿਕ ਅਸਮਾਨਤਾ ਅਤੇ ਦਾਸਤਾ ਦੀਆਂ ਬੇੜੀਆਂ ਨੂੰ ਕੇਵਲ ਸਿੱਖਿਆ ਦੇ ਹਥਿਆਰ ਨਾਲ ਹੀ ਕੱਟਿਆ ਜਾ ਸਕਦਾ ਹੈ। ਅਸਤਰ-ਸ਼ਸਤਰ ਦੀ ਲੜਾਈ ਛਿਣਕ ਹੋ ਸਕਦੀ ਹੈ, ਅਤੇ ਗਿਆਨ ਦੀ ਸ਼ਕਤੀ ਸਥਾਈ ਪਰਿਵਰਤਨ ਲਿਆਉਂਦੀ ਹੈ। ਇਸੇ ਨਾਲ ਹੀ ਸਸ਼ਕਤ ਸਮਾਜ ਦਾ ਨਿਰਮਾਣ ਹੁੰਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੰਤ ਕਬੀਰ ਦਾਸ ਦੇ ਦਿਖਾਏ ਸਮਰਸਤਾ ਦੇ ਮਾਰਗ 'ਤੇ ਚੱਲ ਕੇ, ਬਾਬਾ ਸਾਹਿਬ ਡਾ. ਭੀਮਰਾਓ ਅੰਬੇਡਕਰ ਦੇ ਸਿੱਖਿਆ ਅਤੇ ਸੰਗਠਨ ਦੇ ਸਿਧਾਂਤਾਂ ਨੂੰ ਆਤਮਸਾਤ ਕਰਾਂਗੇ ਅਤੇ ਰਾਸ਼ਟਰ ਨਿਰਮਾਣ ਦੇ ਮਹਾਯੱਗ ਵਿੱਚ ਆਪਣਾ ਸਰਗਰਮ ਯੋਗਦਾਨ ਦੇਵਾਂਗੇ।

ਇਸ ਮੌਕੇ ਸਤੀਸ਼ ਖੁੰਡੀਆ, ਪ੍ਰੋ. ਜੈਨਾਰਾਇਣ, ਜ਼ਿਲ੍ਹਾ ਪ੍ਰਧਾਨ ਰਣਜੀਤ ਧੀਮਾਨ, ਪ੍ਰਦੇਸ਼ ਜਨਰਲ ਸਕੱਤਰ ਅਨਿਲ ਸਰੀਨ, ਸਾਬਕਾ ਸੰਸਦ ਮੈਂਬਰ ਸ. ਅਮਰੀਕ ਸਿੰਘ, ਰਾਖੀ ਅਗਰਵਾਲ, ਡਾ. ਕਨਿਕਾ ਜਿੰਦਲ ਸਮੇਤ ਕਈ ਪਾਰਟੀ ਅਧਿਕਾਰੀ ਅਤੇ ਨਾਗਰਿਕ ਮੌਜੂਦ ਸਨ।

# ਸ੍ਰੀ ਨਾਇਬ ਸਿੰਘ ਸੈਣੀ ਨੇ ਲੁਧਿਆਣਾ ਵਿੱਚ ਸੁਣਿਆ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਮਨ ਕੀ ਬਾਤ ਪ੍ਰੋਗਰਾਮ




**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ 'ਮਨ ਕੀ ਬਾਤ' ਪ੍ਰੋਗਰਾਮ ਨਾ ਸਿਰਫ਼ ਦੇਸ਼ ਵਿੱਚ ਸਗੋਂ ਵਿਦੇਸ਼ਾਂ ਵਿੱਚ ਵੀ ਲੋਕ ਸੁਣਦੇ ਹਨ। ਐਤਵਾਰ ਨੂੰ ਪ੍ਰਸਾਰਿਤ ਕੀਤੇ ਗਏ ਪ੍ਰਧਾਨ ਮੰਤਰੀ ਦੇ 'ਮਨ ਕੀ ਬਾਤ' ਪ੍ਰੋਗਰਾਮ ਨੂੰ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅੱਜ ਪੰਜਾਬ ਦੇ ਲੁਧਿਆਣਾ ਵਿੱਚ ਲੋਕਾਂ ਦੇ ਵਿਚਕਾਰ ਬੈਠ ਕੇ ਸੁਣਿਆ। ਪ੍ਰਧਾਨ ਮੰਤਰੀ ਅੱਜ ਪੂਰਬੀ ਅਫਰੀਕਾ ਦੇ ਦੇਸ਼ ਸੇਸ਼ੇਲਸ ਦੇ ਦੂਜੇ ਦਿਨ ਦੇ ਆਪਣੇ ਦੌਰੇ 'ਤੇ ਸਨ, ਫਿਰ ਵੀ ਉਨ੍ਹਾਂ ਨੇ ਆਕਾਸ਼ਵਾਣੀ ਤੋਂ 'ਮਨ ਕੀ ਬਾਤ' ਪ੍ਰੋਗਰਾਮ ਰਾਹੀਂ ਲੋਕਾਂ ਨੂੰ ਸੰਬੋਧਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨੇ ਖੇਡਾਂ, ਕੁਦਰਤੀ ਖੇਤੀ ਅਤੇ ਪਾਣੀ ਦੀ ਇੱਕ-ਇੱਕ ਬੂੰਦ ਬਚਾਉਣ ਅਤੇ 'ਵੋਕਲ ਫੋਰ ਲੋਕਲ' ਅਪਣਾਉਣ ਦਾ ਸੱਦਾ ਦਿੱਤਾ। ਇਸ ਦਿਸ਼ਾ ਵਿੱਚ ਹਰਿਆਣਾ ਸਰਕਾਰ ਪਹਿਲਾਂ ਹੀ ਕੰਮ ਕਰ ਰਹੀ ਹੈ। ਹਰਿਆਣਾ ਦੇ ਖਿਡਾਰੀਆਂ ਨੇ ਦੇਸ਼ ਦਾ ਮਾਣ ਵਧਾਇਆ ਹੈ, ਤਾਂ ਦੂਜੇ ਪਾਸੇ ਅੰਨਦਾਤਾ ਵੀ ਕੇਂਦਰੀ ਪੂਲ ਵਿੱਚ ਅਨਾਜ ਦੇ ਭੰਡਾਰ ਭਰ ਰਹੇ ਹਨ। ਕਿਸਾਨਾਂ ਨੂੰ ਬਾਗਬਾਨੀ ਅਤੇ ਹੋਰ ਫਸਲਾਂ ਉਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸੂਬਾ ਸਰਕਾਰ ਦਾ ਯਤਨ ਹੈ ਕਿ ਕਿਸਾਨ ਵੱਧ ਤੋਂ ਵੱਧ ਪਾਣੀ ਬਚਾਉਣ ਅਤੇ ਕੁਦਰਤੀ ਖੇਤੀ ਨੂੰ ਅਪਣਾਉਣ।

ਮੁੱਖ ਮੰਤਰੀ ਨੇ ਕਿਹਾ ਕਿ ਮੱਧ ਏਸ਼ੀਆ ਦੇ ਸੰਕਟ ਦੇ ਸਮੇਂ ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਸੱਦਾ ਦਿੱਤਾ ਸੀ ਕਿ ਸੋਨਾ ਨਾ ਖਰੀਦੋ, ਪੈਟਰੋਲ ਦੀ ਬੱਚਤ ਕਰੋ, ਜਿਸਦਾ ਅਸਰ ਵੀ ਦੇਖਣ ਨੂੰ ਮਿਲ ਰਿਹਾ ਹੈ। ਅੱਜ ਲੋਕ ਆਵਾਜਾਈ ਦੇ ਜਨਤਕ ਸਾਧਨਾਂ ਨੂੰ ਅਪਣਾ ਰਹੇ ਹਨ। ਇਹ ਯਤਨ ਦਿਖਾਉਂਦਾ ਹੈ ਕਿ ਪ੍ਰਧਾਨ ਮੰਤਰੀ ਦੇ ਸੰਦੇਸ਼ ਨੂੰ ਜਨਤਾ ਨੇ ਦਿਲੋਂ ਅਪਣਾਇਆ ਹੈ। ਇਸੇ ਤਬਦੀਲੀ ਨਾਲ ਰਾਸ਼ਟਰ ਨਿਰਮਾਣ ਨੂੰ ਗਤੀ ਮਿਲੇਗੀ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 'ਮਨ ਕੀ ਬਾਤ' ਪ੍ਰੋਗਰਾਮ ਵਿੱਚ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਮਹੱਤਵ ਦੇ ਮੁੱਦਿਆਂ 'ਤੇ ਚਰਚਾ ਕੀਤੀ ਜਾਂਦੀ ਹੈ।

ਸਰਕਾਰ ਦੀਆਂ ਨੀਤੀਆਂ ਨੂੰ ਨਾਗਰਿਕਾਂ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਦੀ ਪ੍ਰਤੀਕਿਰਿਆ ਜਾਣਨਾ ਵੀ ਇਸਦਾ ਇੱਕ ਮਹੱਤਵਪੂਰਨ ਪਹਿਲੂ ਹੈ। 'ਮਨ ਕੀ ਬਾਤ' ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਅਤੇ ਆਮ ਜਨਤਾ ਵਿਚਕਾਰ ਸੰਵਾਦ ਦਾ ਇੱਕ ਸ਼ਕਤੀਸ਼ਾਲੀ ਮਾਧਿਅਮ ਹੈ।

ਇਸ ਪ੍ਰੋਗਰਾਮ ਰਾਹੀਂ ਦੇਸ਼ ਭਰ ਵਿੱਚ ਹੋ ਰਹੇ ਸਕਾਰਾਤਮਕ ਯਤਨਾਂ, ਸਮਾਜਿਕ ਨਵੀਨਤਾਵਾਂ ਅਤੇ ਜਨ-ਭਾਗੀਦਾਰੀ ਦੀਆਂ ਪ੍ਰੇਰਕ ਕਹਾਣੀਆਂ ਨੂੰ ਸਾਹਮਣੇ ਲਿਆਂਦਾ ਜਾਂਦਾ ਹੈ, ਜੋ ਸਮਾਜ ਵਿੱਚ ਸਕਾਰਾਤਮਕ ਊਰਜਾ ਦਾ ਸੰਚਾਰ ਕਰਦੀਆਂ ਹਨ ਅਤੇ ਸਮਾਜ ਵਿੱਚ ਮੇਲ-ਜੋਲ ਦੀ ਭਾਵਨਾ ਨੂੰ ਵਧਾਵਾ ਦਿੰਦੀਆਂ ਹਨ। 'ਮਨ ਕੀ ਬਾਤ' ਪ੍ਰੋਗਰਾਮ ਨਾ ਸਿਰਫ਼ ਵਿਚਾਰਾਂ ਨੂੰ ਦਿਸ਼ਾ ਦਿੰਦਾ ਹੈ, ਸਗੋਂ ਦੇਸ਼ਵਾਸੀਆਂ ਨੂੰ ਵਿਕਾਸ, ਸੇਵਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਅੱਗੇ ਵਧਣ ਦਾ ਸੰਦੇਸ਼ ਵੀ ਦਿੰਦਾ ਹੈ।

# ਵਿਜੀਲੈਂਸ ਨੇ ਭ੍ਰਿਸ਼ਟਾਚਾਰ ਦੇ ਹਜ਼ਾਰ ਤੋਂ ਵੱਧ ਕੇਸ ਦਰਜ ਕੀਤੇ



**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਜੀਲੈਂਸ ਬਿਊਰੋ ਨੇ 16 ਮਾਰਚ 2022 ਤੋਂ 31 ਮਈ 2026 ਤੱਕ ਸੂਬੇ ਭਰ ਵਿੱਚ ਰਿਸ਼ਵਤਖੋਰਾਂ ਵਿਰੁੱਧ 1055 ਕੇਸ ਦਰਜ ਕਰਕੇ 1,111 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਤਰ੍ਹਾਂ ਪੁਲੀਸ ਨੇ ਪਿਛਲੇ 50 ਮਹੀਨਿਆਂ ਵਿੱਚ ਹਰੇਕ ਮਹੀਨੇ 21 ਕੇਸ ਦਰਜ ਕਰਕੇ 22 ਤੋਂ 23 ਰਿਸ਼ਵਤਖੋਰਾਂ ਨੂੰ ਜੇਲ੍ਹ ਵਿੱਚ ਭੇਜਿਆ ਹੈ। ਇਸ ਗੱਲ ਦਾ ਖੁਲਾਸਾ ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਜਾਰੀ ਕੀਤੇ ਅੰਕੜਿਆਂ ਤੋਂ ਹੋਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੰਜਾਬ ਵਿਜੀਲੈਂਸ ਬਿਊਰੋ ਨੇ ਚਾਰ ਸਾਲਾਂ ਦੌਰਾਨ 149 ਕੇਸਾਂ ਦਾ ਨਿਪਟਾਰਾ ਕਰਦਿਆਂ ਅਦਾਲਤਾਂ ਤੋਂ 236 ਮੁਲਜ਼ਮਾਂ ਨੂੰ ਸਜ਼ਾ ਦਿਵਾਉਣ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਪੰਜਾਬ ਵਿਜੀਲੈਂਸ ਬਿਊਰੋ ਤੋਂ ਮਿਲੀ ਜਾਣਕਾਰੀ ਅਨੁਸਾਰ ਬਿਊਰੋ ਨੇ 50 ਮਹੀਨਿਆਂ ਦੌਰਾਨ 503 ਰੰਗੇ ਹੱਥੀਂ ਰਿਸ਼ਵਤ ਲੈਣ ਦੇ ਮਾਮਲਿਆਂ ਵਿੱਚ 610 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ 31 ਕੇਸਾਂ ਵਿੱਚ 16 ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ, ਜਦੋਂ ਕਿ ਹੋਰਨਾਂ ਮਾਮਲਿਆਂ ਵਿੱਚ ਜਾਂਚ ਜਾਰੀ ਹੈ। ਇਸ ਤੋਂ ਇਲਾਵਾ 521 ਅਪਰਾਧਿਕ ਮਾਮਲਿਆਂ ਵਿੱਚ 485 ਜਣਿਆਂ ਨੂੰ ਕਾਬੂ ਕੀਤਾ ਗਿਆ ਹੈ। ਵਿਜੀਲੈਂਸ ਬਿਊਰੋ ਨੇ ਵੱਖ-ਵੱਖ ਸ਼ਿਕਾਇਤਾਂ ਵਿੱਚ 296 ਮਾਮਲਿਆਂ ਵਿੱਚ ਵਿਜੀਲੈਂਸ ਜਾਂਚਾਂ ਕੀਤੀਆਂ ਹਨ।

ਵਿਜੀਲੈਂਸ ਬਿਊਰੋ ਦੇ ਅਧਿਕਾਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚੋਂ ਭ੍ਰਿਸ਼ਟਾਚਾਰ ਦਾ ਜੜ੍ਹ ਤੋਂ ਖਾਤਮਾ ਕਰਨ ਲਈ 'ਜ਼ੀਰੋ ਟੌਲਰੈਂਸ ਨੀਤੀ' 'ਤੇ ਕੰਮ ਕੀਤਾ ਜਾ ਰਿਹਾ ਹੈ। ਸੂਬੇ ਵਿੱਚ ਰਿਸ਼ਵਤ ਦੀ ਮੰਗ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਅਧਿਕਾਰੀਆਂ ਨੇ ਅਪੀਲ ਕੀਤੀ ਕਿ ਜੇਕਰ ਕੋਈ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਉਸ ਬਾਰੇ ਤੁਰੰਤ ਵਿਜੀਲੈਂਸ ਬਿਊਰੋ ਨੂੰ ਸੂਚਿਤ ਕੀਤਾ ਜਾਵੇ।

# ਸੋਨਮ ਵਾਂਗਚੁੱਕ ਨੇ ਜੰਤਰ-ਮੰਤਰ 'ਤੇ ਭੁੱਖ ਹੜਤਾਲ ਸ਼ੁਰੂ ਕੀਤੀ



**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਾਤਾਵਰਨ ਕਾਰਕੁਨ ਸੋਨਮ ਵਾਂਗਚੁੱਕ ਨੇ ਅੱਜ ਜੰਤਰ-ਮੰਤਰ 'ਤੇ ਭੁੱਖ ਹੜਤਾਲ ਸ਼ੁਰੂ ਕੀਤੀ, ਜਿੱਥੇ ਕੌਕਰੋਚ ਜਨਤਾ ਪਾਰਟੀ (ਸੀ ਜੇ ਪੀ) 20 ਜੂਨ ਤੋਂ ਰੋਸ ਮੁਜ਼ਾਹਰਾ ਕਰ ਕੇ ਪ੍ਰੀਖਿਆਵਾਂ 'ਚ ਕਥਿਤ ਬੇਨਿਯਮੀਆਂ ਸਬੰਧੀ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰ ਰਹੀ ਹੈ। ਵਾਂਗਚੁੱਕ ਦੇ ਭੁੱਖ ਹੜਤਾਲ ਸ਼ੁਰੂ ਕਰਨ 'ਤੇ ਜੰਤਰ-ਮੰਤਰ 'ਤੇ ਵੱਡੀ ਗਿਣਤੀ ਨੌਜਵਾਨਾਂ ਅਤੇ ਵਿਦਿਆਰਥੀਆਂ ਸਣੇ ਸੈਂਕੜੇ ਪ੍ਰਦਰਸ਼ਨਕਾਰੀ ਇਕੱਠਾ ਹੋਏ। ਇਸ ਮੌਕੇ ਕਈ ਕਿਸਾਨ ਨੇਤਾ ਵੀ ਮੌਜੂਦ ਸਨ।

ਮੁਜ਼ਾਹਰੇ ਦੀ ਸ਼ੁਰੂਆਤ ਦੋ ਮਿੰਟ ਦੇ ਮੌਨ ਨਾਲ ਕੀਤੀ ਗਈ। ਭੁੱਖ ਹੜਤਾਲ ਸ਼ੁਰੂ ਕਰਨ ਤੋਂ ਪਹਿਲਾਂ ਵਾਂਗਚੁੱਕ ਅਤੇ ਸੀ ਜੇ ਪੀ ਦੇ ਬਾਨੀ ਅਭਿਜੀਤ ਦੀਪਕੇ ਨੇ ਰਾਜਘਾਟ ਜਾ ਕੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ। ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਦੇ ਫ਼ੈਸਲੇ ਬਾਰੇ ਦੱਸਦਿਆਂ ਵਾਂਗਚੁਕ ਨੇ ਕਿਹਾ ਕਿ ਪਿਛਲੇ 40 ਸਾਲਾਂ ਤੋਂ ਸਿੱਖਿਆ ਉਨ੍ਹਾਂ ਦੇ ਦਿਲ ਦੇ ਬੇਹੱਦ ਕਰੀਬ ਰਹੀ ਹੈ ਅਤੇ ਜਦੋਂ ਨੌਜਵਾਨਾਂ ਨੇ ਸਿੱਖਿਆ ਪ੍ਰਣਾਲੀ ਲਈ ਚਿੰਤਾਵਾਂ ਜਤਾਈਆਂ ਤਾਂ ਉਹ ਚੁੱਪ ਨਹੀਂ ਰਹਿ ਸਕਦੇ ਸਨ। ਉਨ੍ਹਾਂ ਕਿਹਾ, "ਜਦੋਂ ਕੋਈ ਜਵਾਬਦੇਹੀ ਨਹੀਂ ਹੁੰਦੀ ਤਾਂ ਸਾਨੂੰ ਲੋਕਤੰਤਰ ਵਿੱਚ ਉਪਲਬਧ ਇੱਕੋ-ਇੱਕ ਰਾਹ, ਸ਼ਾਂਤੀਪੂਰਨ ਅੰਦੋਲਨ, ਅਪਣਾਉਣ ਲਈ ਮਜਬੂਰ ਹੋਣਾ ਪੈਂਦਾ ਹੈ ਅਤੇ ਅਸੀਂ ਉਹੀ ਕਰਾਂਗੇ।" ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਨੂੰ ਇੱਕ ਸਮੂਹਿਕ ਭੁੱਖ ਹੜਤਾਲ ਬਣਾਉਣ ਅਤੇ ਘੱਟੋ-ਘੱਟ ਇੱਕ ਦਿਨ ਦਾ ਵਰਤ ਜ਼ਰੂਰ ਰੱਖਣ।

ਦੀਪਕੇ ਨੇ ਪਹਿਲਾਂ ਵੀ ਕਿਸਾਨਾਂ, ਵਿਦਿਆਰਥੀਆਂ ਅਤੇ ਹੋਰ ਜਥੇਬੰਦੀਆਂ ਨੂੰ ਅੰਦੋਲਨ 'ਚ ਸ਼ਾਮਲ ਹੋਣ ਅਤੇ ਪ੍ਰੀਖਿਆ ਪ੍ਰਣਾਲੀ 'ਚ ਕਥਿਤ ਬੇਨਿਯਮੀਆਂ ਲਈ ਜਵਾਬਦੇਹੀ ਦੀ ਮੰਗ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਹੈ। ਅੱਜ ਸਵੇਰੇ ਦੀਪਕੇ ਨੇ ਐਕਸ 'ਤੇ ਪੋਸਟ ਵਿੱਚ ਕਿਹਾ ਕਿ ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਕਈ ਕਿਸਾਨ ਨੇਤਾਵਾਂ ਨੂੰ ਜੰਤਰ-ਮੰਤਰ ਪਹੁੰਚਣ ਤੋਂ ਰੋਕਣ ਲਈ ਨਜ਼ਰਬੰਦ ਕੀਤਾ ਜਾ ਰਿਹਾ ਹੈ।

# ਮੋਦੀ ਵਜ਼ਾਰਤ 'ਚ ਵੱਡਾ ਫੇਰਬਦਲ ਤੈਅ



**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੋਦੀ ਸਰਕਾਰ ਦੇ ਮੰਤਰੀ ਮੰਡਲ ਵਿੱਚ ਵੱਡਾ ਫੇਰਬਦਲ ਲਗਪਗ ਤੈਅ ਹੈ। ਸੱਤਾਧਾਰੀ ਖੇਮੇ ਦੇ ਉੱਚ ਪੱਧਰ ਤੋਂ ਮਿਲੇ ਸੰਕੇਤਾਂ ਅਨੁਸਾਰ ਇਹ ਪ੍ਰਕਿਰਿਆ ਹੁਣ ਤੋਂ ਲੈ ਕੇ ਕਿਸੇ ਵੀ ਸਮੇਂ, ਸੰਭਵ ਤੌਰ 'ਤੇ ਸੰਸਦ ਦਾ ਮੌਨਸੂਨ ਇਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਨੇਪਰੇ ਚਾੜ੍ਹੀ ਜਾ ਸਕਦੀ ਹੈ। ਇਸ ਫੇਰਬਦਲ ਦੌਰਾਨ ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਭਵਿੱਖ 'ਤੇ ਸੰਕਟ ਦੇ ਬੱਦਲ ਘਿਰ ਰਹੇ ਹਨ। ਇਸ ਤੋਂ ਇਲਾਵਾ ਕੁਝ ਕੇਂਦਰੀ ਮੰਤਰੀਆਂ ਨੂੰ ਪਾਰਟੀ 'ਚ ਜ਼ਿੰਮੇਵਾਰੀਆਂ ਸੌਂਪੀਆਂ ਜਾ ਸਕਦੀਆਂ ਹਨ ਅਤੇ ਪਾਰਟੀ ਦੀ ਜ਼ਿੰਮੇਵਾਰੀ ਸੰਭਾਲ ਰਹੇ ਕੁਝ ਆਗੂਆਂ ਨੂੰ ਮੰਤਰੀ ਮੰਡਲ 'ਚ ਸ਼ਾਮਲ ਕੀਤਾ ਜਾ ਸਕਦਾ ਹੈ।

ਇਸ ਸਬੰਧੀ ਚੱਲ ਰਹੀ ਚਰਚਾ ਤੋਂ ਜਾਣੂ ਸੂਤਰਾਂ ਨੇ ਦੱਸਿਆ ਕਿ ਕੇਂਦਰੀ ਮੰਤਰੀ ਮੰਡਲ ਵਿੱਚ ਇਹ ਫੇਰਬਦਲ ਭਾਜਪਾ ਦੇ ਪ੍ਰਧਾਨ ਨਿਤਿਨ ਨਬੀਨ ਦੀ ਅਗਵਾਈ ਹੇਠ ਪਾਰਟੀ ਦੀ ਨਵੀਂ ਟੀਮ ਦੇ ਐਲਾਨ ਦੇ ਨਾਲ-ਨਾਲ ਕੀਤਾ ਜਾਵੇਗਾ। ਇਸ ਗੱਲ ਦੀ ਮਜ਼ਬੂਤ ਸੰਭਾਵਨਾ ਹੈ ਕਿ ਕੁਝ ਕੇਂਦਰੀ ਮੰਤਰੀਆਂ ਨੂੰ ਭਾਜਪਾ ਵਿੱਚ ਜਥੇਬੰਦਕ ਭੂਮਿਕਾਵਾਂ ਨਿਭਾਉਣ ਲਈ ਭੇਜਿਆ ਜਾ ਸਕਦਾ ਹੈ ਅਤੇ ਪਾਰਟੀ ਦੇ ਅਹੁਦੇਦਾਰਾਂ ਨੂੰ ਮੋਦੀ ਮੰਤਰੀ ਮੰਡਲ ਵਿੱਚ ਸ਼ਾਮਲ ਕੀਤਾ ਜਾ ਸਕਦਾ ਹੈ। ਕੁਝ ਮੰਤਰੀਆਂ ਦੇ ਵਿਭਾਗਾਂ ਵਿੱਚ ਤਬਦੀਲੀ ਬਾਰੇ ਵੀ ਕਾਫੀ ਅਟਕਲਾਂ ਲਾਈਆਂ ਜਾ ਰਹੀਆਂ ਹਨ। ਦੂਜੇ ਪਾਸੇ, ਸਿੱਖਿਆ ਮੰਤਰੀ ਧਰਮੇਂਦਰ ਪ੍ਰਧਾਨ ਦੇ ਭਵਿੱਖ 'ਤੇ ਸੰਕਟ ਦੇ ਬੱਦਲ ਘਿਰ ਰਹੇ ਹਨ, ਕਿਉਂਕਿ ਉਨ੍ਹਾਂ ਦੇ ਮੰਤਰਾਲੇ ਅਧੀਨ ਆਉਂਦੇ ਮਾਮਲਿਆਂ, ਖ਼ਾਸ ਕਰ ਕੇ ਨੀਟ ਪੇਪਰ ਲੀਕ ਅਤੇ ਸੀ ਬੀ ਐੱਸ ਈ ਡਿਜੀਟਲ ਮਾਰਕਿੰਗ ਸਿਸਟਮ ਵਿੱਚ ਬੇਨਿਯਮੀਆਂ ਕਾਰਨ ਕਈ ਵਿਵਾਦ ਖੜ੍ਹੇ ਹੋਏ ਹਨ।

ਸੂਤਰਾਂ ਨੇ ਸੰਕੇਤ ਦਿੱਤਾ ਹੈ ਕਿ ਜੇ ਇਹ ਬਦਲਾਅ ਹੁੰਦਾ ਹੈ ਤਾਂ ਇਹ ਜੁਲਾਈ ਦੇ ਸ਼ੁਰੂ ਵਿੱਚ ਕਿਸੇ ਵੀ ਸਮੇਂ ਹੋ ਸਕਦਾ ਹੈ, ਜੋ ਕਿ ਸੰਸਦ ਦੇ ਮੌਨਸੂਨ ਇਜਲਾਸ ਤੋਂ ਪਹਿਲਾਂ ਹੋਵੇਗਾ। ਮੌਨਸੂਨ ਇਜਲਾਸ ਆਮ ਤੌਰ 'ਤੇ ਮਹੀਨੇ ਦੇ ਤੀਜੇ ਹਫ਼ਤੇ ਸ਼ੁਰੂ ਹੁੰਦਾ ਹੈ। ਮੰਤਰੀ ਮੰਡਲ ਵਿੱਚ ਇਸ ਵੱਡੇ ਬਦਲਾਅ ਦੀ ਤਰੀਕ ਪ੍ਰਧਾਨ ਮੰਤਰੀ ਦੇ ਰੁਝੇਵਿਆਂ ਨੂੰ ਧਿਆਨ ਵਿੱਚ ਰੱਖ ਕੇ ਤੈਅ ਕੀਤੇ ਜਾਣ ਦੀ ਉਮੀਦ ਹੈ। ਸੂਤਰਾਂ ਅਨੁਸਾਰ ਸਰਕਾਰ ਦੀ ਉੱਚ ਲੀਡਰਸ਼ਿਪ ਵਿੱਚ ਇਹ ਰਾਇ ਮਜ਼ਬੂਤ ਹੋ ਰਹੀ ਹੈ ਕਿ ਮੁੱਖ ਮੰਤਰਾਲਿਆਂ ਵਿੱਚ ਨਵੇਂ ਚਿਹਰਿਆਂ ਨੂੰ ਲਿਆਉਣ ਦੀ ਲੋੜ ਹੈ। ਇਸ ਗੱਲ ਦੀ ਵੀ ਪੂਰੀ ਸੰਭਾਵਨਾ ਹੈ ਕਿ ਭਾਜਪਾ ਆਪਣੇ 'ਇੱਕ ਵਿਅਕਤੀ, ਇੱਕ ਅਹੁਦਾ' ਦੇ ਨਿਯਮ ਦੀ ਪਾਲਣਾ ਕਰੇਗੀ।

ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਭਾਜਪਾ ਵੱਲੋਂ ਹਾਲ ਹੀ ਵਿੱਚ ਹੋਈਆਂ ਰਾਜ ਸਭਾ ਚੋਣਾਂ ਲਈ ਦੁਬਾਰਾ ਉਮੀਦਵਾਰ ਨਹੀਂ ਬਣਾਇਆ ਗਿਆ ਸੀ। ਰਾਜ ਸਭਾ ਵਿੱਚ ਉਨ੍ਹਾਂ ਦਾ ਕਾਰਜਕਾਲ 21 ਜੂਨ ਨੂੰ ਖ਼ਤਮ ਹੋ ਚੁੱਕਾ ਹੈ। ਪਤਾ ਲੱਗਿਆ ਹੈ ਕਿ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਉਨ੍ਹਾਂ ਨੂੰ ਆਉਣ ਵਾਲੀਆਂ ਪੰਜਾਬ ਚੋਣਾਂ 'ਤੇ ਧਿਆਨ ਕੇਂਦਰਿਤ ਕਰਨ ਲਈ ਕਿਹਾ ਗਿਆ ਹੈ।

ਕਾਂਗਰਸ ਦੇ ਸਾਬਕਾ ਆਗੂ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਪੋਤੇ ਰਵਨੀਤ ਸਿੰਘ ਬਿੱਟੂ, ਪ੍ਰਭਾਵਸ਼ਾਲੀ ਜੱਟ ਸਿੱਖ ਭਾਈਚਾਰੇ ਦਾ ਪ੍ਰਮੁੱਖ ਚਿਹਰਾ ਹਨ। ਮੋਦੀ ਮੰਤਰੀ ਮੰਡਲ ਵਿੱਚ ਪੰਜਾਬ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਤੋਂ ਹੋਰ ਨੁਮਾਇੰਦਿਆਂ ਨੂੰ ਜਗ੍ਹਾ ਮਿਲਣ ਦੀ ਸੰਭਾਵਨਾ ਹੈ, ਕਿਉਂਕਿ ਇਨ੍ਹਾਂ ਤਿੰਨਾਂ ਸੂਬਿਆਂ ਵਿੱਚ ਅਗਲੇ ਸਾਲ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਸੂਤਰਾਂ ਨੇ ਦੱਸਿਆ ਕਿ ਪਿਛਲੇ ਦਿਨੀਂ ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸੱਤ ਰਾਜ ਸਭਾ ਮੈਂਬਰਾਂ ਵਿੱਚੋਂ ਵੀ ਇੱਕ ਜਾਂ ਦੋ ਚਿਹਰਿਆਂ ਨੂੰ ਮੰਤਰੀ ਮੰਡਲ ਵਿੱਚ ਜਗ੍ਹਾ ਮਿਲ ਸਕਦੀ ਹੈ।

# ਪਾਣੀ ਦੇ ਨਿਕਾਸੀ ਪ੍ਰਬੰਧਾਂ ਦਾ ਜਾਇਜ਼ਾ



**ਜੀਂਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਡਾ. ਵੈਸ਼ਾਲੀ ਸ਼ਰਮਾ ਨੇ ਅੱਜ ਜ਼ਿਲ੍ਹੇ ਦੀਆਂ ਕਈ ਡਰੇਨਾਂ ਦਾ ਦੌਰਾ ਕਰ ਕੇ ਨਿਕਾਸੀ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਕਿ ਕਿਸੇ ਵੀ ਹਾਲਤ ਵਿੱਚ ਖੇਤਾਂ ਵਿੱਚ ਵਰਖਾ ਦਾ ਪਾਣੀ ਰੁਕਣਾ ਨਹੀਂ ਚਾਹੀਦਾ, ਸਬੰਧਤ ਅਧਿਕਾਰੀ ਇਸ ਦੇ ਲਈ ਸਮਾਂ ਰਹਿੰਦੇ ਪੁਖ਼ਤਾ ਪ੍ਰਬੰਧ ਕਰ ਲੈਣ। ਉਨ੍ਹਾਂ ਕਿਹਾ ਕਿ ਜੇ ਸਮੇਂ ਸਿਰ ਡਰੇਨਾਂ ਦੀ ਸਫ਼ਾਈ ਨਾ ਕੀਤੀ ਗਈ ਤਾਂ ਲਾਪ੍ਰਵਾਹੀ ਵਰਤਣ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜੁਲਾਨਾ ਵਿੱਚ ਵੱਖ-ਵੱਖ ਥਾਵਾਂ ਦੇ ਦੌਰੇ ਦੌਰਾਨ ਡੀ ਸੀ ਨਾਲ ਸਿੰਜਾਈ ਵਿਭਾਗ ਦੇ ਐੱਸ ਈ ਪੁਨੀਤ ਰਾਏ, ਐਕਸੀਅਨ ਗਿਰਧਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ। ਜਾਣਕਾਰੀ ਅਨੁਸਾਰ ਡੀ ਸੀ ਨੇ ਕਾਲਵਾ-ਕਿਨਾਨਾ ਡਰੇਨ ਤੋਂ ਦੌਰਾ ਸ਼ੁਰੂ ਕੀਤਾ। ਇਸ ਮਗਰੋਂ ਕਾਲਵਾ-ਪੜਾਨਾ ਡਰੇਨ ਦਾ ਦੌਰਾ ਕਰਦੇ ਹੋਏ ਉਸ ਵਿੱਚ ਉੱਗੀਆਂ ਝਾੜੀਆਂ ਦੀ ਸਾਫ਼-ਸਫ਼ਾਈ ਕਰਨ ਅਤੇ ਡਰੇਨ ਦੇ ਬੰਨ੍ਹ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸ਼ਾਮਲੋਂ ਹੈੱਡ 'ਤੇ ਸਥਾਪਤ ਕੀਤੇ ਗਏ ਪੰਪਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਜ਼ਿਲ੍ਹਾ ਮੁੱਖ ਦਫ਼ਤਰ ਵਿੱਚ ਸਥਾਪਤ ਜ਼ਿਲ੍ਹਾ ਲਾਇਬ੍ਰੇਰੀ ਦਾ ਮੁਆਇਨਾ ਕਰਦੇ ਹੋਏ ਪੜ੍ਹਨ ਲਈ ਆਉਣ ਵਾਲੇ ਵਿਦਿਆਰਥੀਆਂ ਅਤੇ ਹੋਰ ਪਾਠਕਾਂ ਲਈ ਬਿਹਤਰ ਮਾਹੌਲ ਅਤੇ ਸਾਫ਼-ਸਫ਼ਾਈ ਰੱਖਣ ਦੀਆਂ ਹਦਾਇਤਾਂ ਕੀਤੀਆਂ। ਉਨ੍ਹਾਂ ਨੇ ਲਾਇਬ੍ਰੇਰੀ ਵਿੱਚ ਲੱਗੇ ਪੱਖੇ, ਏ ਸੀ, ਪੜ੍ਹਨ ਵਾਲੀ ਸਮੱਗਰੀ, ਬੈਠਣ ਦੇ ਪ੍ਰਬੰਧ ਅਤੇ ਪਖਾਨਿਆਂ ਦੀ ਵੀ ਜਾਂਚ ਕੀਤੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਕਿ ਲਾਇਬ੍ਰੇਰੀ ਵਿੱਚ ਕੋਈ ਵੀ ਕਮੀ ਹੋਵੇ, ਉਸ ਨੂੰ ਤੁਰੰਤ ਪੂਰਾ ਕਰਵਾਇਆ ਜਾਵੇ ਤਾਂ ਜੋ ਇੱਥੇ ਆਉਣ ਵਾਲੇ ਲੋਕਾਂ ਨੂੰ ਕੋਈ ਦਿੱਕਤ ਨਾ ਆਵੇ।

# ਪਾਣੀ ਦੀ ਦੁਰਵਰਤੋਂ ਨਾ ਕਰਨ ਦਾ ਸੱਦਾ

**ਸ਼ਾਹਬਾਦ ਮਾਰਕੰਡਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵੀ ਅਤੇ ਪਾਣੀ ਦੀ ਬੂੰਦ-ਬੂੰਦ ਬਚਾਉਣ ਦਾ ਗਲੀ-ਗਲੀ ਵਿੱਚ ਹੋਕਾ ਦੇਣ ਵਾਲੇ 'ਵਾਟਰ ਮੈਨ' ਦੇ ਨਾਂ ਨਾਲ ਪ੍ਰਸਿੱਧ ਮੰਗਲ ਸਿੰਘ ਨੇ ਲੋਕਾਂ ਨੂੰ ਹਰ ਪੱਖੋਂ ਪਾਣੀ ਦੀ ਬੱਚਤ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਪਾਣੀ ਕੁਦਰਤ ਦਾ ਅਨਮੋਲ ਸਰੋਤ, ਜਿਸ ਨੂੰ ਬਚਾਇਆ ਤਾਂ ਜਾ ਸਕਦਾ ਹੈ ਪਰ ਬਣਾਇਆ ਨਹੀਂ ਜਾ ਸਕਦਾ, ਇਸ ਲਈ ਵਰਤਮਾਨ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਉੱਜਲ ਭਵਿੱਖ ਲਈ ਜਲ ਬਚਾਉਣ ਨੂੰ ਜਨ-ਅੰਦੋਲਨ ਬਣਾਉਣਾ ਸਮੇਂ ਦੀ ਲੋੜ ਹੈ।ਮੰਗਲ ਸਿੰਘ ਨੇ ਕਿਹਾ ਕਿ ਪਹਿਲਾਂ ਦੇ ਸਮੇਂ ਵਿੱਚ ਲੋਕਾਂ ਨੇ ਨਦੀਆਂ ਅਤੇ ਖੂਹਾਂ ਵਿੱਚ ਭਰਪੂਰ ਮਾਤਰਾ ਵਿੱਚ ਪਾਣੀ ਦੇਖਿਆ, ਬਾਅਦ ਵਿੱਚ ਇਹੀ ਪਾਣੀ ਪਾਈਪਾਂ ਰਾਹੀਂ ਘਰਾਂ ਤੱਕ ਪਹੁੰਚਿਆ ਪਰ ਅੱਜ ਦੀ ਪੀੜ੍ਹੀ ਬੋਤਲ-ਬੰਦ ਪਾਣੀ ਦੀ ਵਰਤੋਂ ਕਰ ਰਹੀ ਹੈ। ਉਨ੍ਹਾਂ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜੇਕਰ ਇਸੇ ਤਰ੍ਹਾਂ ਅੰਨ੍ਹੇਵਾਹ ਪਾਣੀ ਦਾ ਪ੍ਰਯੋਗ ਹੁੰਦਾ ਰਿਹਾ ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਦਾ ਖ਼ਾਮਿਆਜ਼ਾ ਭੁਗਤਣਾ ਪਵੇਗਾ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਦੀਆਂ ਟੂਟੀਆਂ ਖੁੱਲ੍ਹੀਆਂ ਨਾ ਛੱਡਣ ਤੇ ਲੋੜ ਅਨੁਸਾਰ ਹੀ ਪਾਣੀ ਦੀ ਵਰਤੋਂ ਕਰਨ। ਘਰਾਂ ਵਿੱਚ ਲਗਾਏ ਪੌਦਿਆਂ ਨੂੰ ਵੀ ਲੋੜ ਅਨੁਸਾਰ ਪਾਣੀ ਦਿੱਤਾ ਜਾਵੇ।

# ਰਾਮ ਮੰਦਰ ਦੇ ਚੜ੍ਹਾਵੇ ਵਿੱਚ ਹੇਰਾਫੇਰੀ ਕਰਨਾ ਮਹਾਪਾਪ: ਹੁੱਡਾ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਅਤੇ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਭੂਪਿੰਦਰ ਸਿੰਘ ਹੁੱਡਾ ਨੇ ਭਗਵਾਨ ਸ੍ਰੀ ਰਾਮ ਮੰਦਰ ਦੇ ਚੜ੍ਹਾਵੇ ਅਤੇ ਦਾਨ ਦੀ ਚੋਰੀ ਨਾਲ ਜੁੜੇ ਮਾਮਲੇ @ਤੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਆਖਿਆ ਕਿ ਮਰਿਆਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਦੇ ਮੰਦਰ ਲਈ ਦੇਸ਼-ਵਿਦੇਸ਼ ਦੇ ਕਰੋੜਾਂ ਸ਼ਰਧਾਲੂਆਂ ਵੱਲੋਂ ਭੇਜੇ ਗਏ ਦਾਨ ਅਤੇ ਚੜ੍ਹਾਵੇ ਵਿੱਚ ਹੋਈਆਂ ਵੱਡੀਆਂ ਬੇਨਿਯਮੀਆਂ ਅਤੇ ਘੁਟਾਲੇ ਦੇ ਦੋਸ਼ ਬੇਹੱਦ ਚਿੰਤਾਜਨਕ ਹਨ। ਹੁੱਡਾ ਨੇ ਕਿਹਾ, ਇਹ ਮਾਮਲਾ ਭਗਵਾਨ ਰਾਮ ਵਿੱਚ ਅਥਾਹ ਸ਼ਰਧਾ ਰੱਖਣ ਵਾਲੇ ਅਣਗਿਣਤ ਲੋਕਾਂ ਦੇ ਮਨਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲਾ ਹੈ। ਸਾਬਕਾ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਚੜ੍ਹਾਵੇ ਜਾਂ ਦਾਨ ਦੀ ਚੋਰੀ ਕਰਨਾ ਨਾ ਸਿਰਫ਼ ਇੱਕ ਕਾਨੂੰਨੀ ਅਪਰਾਧ ਹੈ, ਬਲਕਿ ਧਾਰਮਿਕ ਅਤੇ ਰੂਹਾਨੀ ਪੱਖ ਤੋਂ ਵੀ ਇੱਕ ਮਹਾਪਾਪ ਹੈ। ਉਨ੍ਹਾਂ ਕਿਹਾ ਕਿ ਕਰੋੜਾਂ ਸ਼ਰਧਾਲੂਆਂ ਨੇ ਆਪਣੀ ਖ਼ੂਨ-ਪਸੀਨੇ ਦੀ ਕਮਾਈ ਵਿੱਚੋਂ ਇਹ ਦਾਨ ਪੂਰੀ ਸ਼ਰਧਾ, ਵਿਸ਼ਵਾਸ ਅਤੇ ਸਮਰਪਣ ਦੀ ਭਾਵਨਾ ਨਾਲ ਦਿੱਤਾ ਸੀ। ਸ਼ਰਧਾਲੂਆਂ ਵੱਲੋਂ ਦਿੱਤੇ ਗਏ ਇੱਕ-ਇੱਕ ਰੁਪਏ ਵਿੱਚ ਇਸ ਪਵਿੱਤਰ ਕਾਰਜ ਪ੍ਰਤੀ ਉਨ੍ਹਾਂ ਦਾ ਅਟੁੱਟ ਵਿਸ਼ਵਾਸ ਛਿਪਿਆ ਹੋਇਆ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ਼ਰਧਾਲੂਆਂ ਦੇ ਇਸ ਅਟੁੱਟ ਵਿਸ਼ਵਾਸ ਨਾਲ ਵਿਸ਼ਵਾਸਘਾਤ ਕਰਨਾ ਉਨ੍ਹਾਂ ਦੀ ਆਸਥਾ @ਤੇ ਇੱਕ ਵੱਡਾ ਹਮਲਾ ਹੈ। ਧਾਰਮਿਕ ਸਥਾਨਾਂ ਅਤੇ ਜਨਤਾ ਵੱਲੋਂ ਦਿੱਤੇ ਗਏ ਦਾਨ ਨਾਲ ਜੁੜੇ ਮਾਮਲਿਆਂ ਵਿੱਚ ਪਾਰਦਰਸ਼ਤਾ, ਇਮਾਨਦਾਰੀ ਅਤੇ ਜਵਾਬਦੇਹੀ ਦੇ ਉੱਚਤਮ ਮਾਪਦੰਡ ਅਪਣਾਏ ਜਾਣੇ ਚਾਹੀਦੇ ਹਨ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ।

ਹੁੱਡਾ ਨੇ ਮੰਗ ਕੀਤੀ ਕਿ ਰਾਮ ਮੰਦਰ ਦੇ ਚੜ੍ਹਾਵੇ ਦੀ ਚੋਰੀ ਅਤੇ ਜ਼ਮੀਨ ਘੁਟਾਲੇ ਦੀ ਚੱਲ ਰਹੀ ਜਾਂਚ ਪੂਰੀ ਤਰ੍ਹਾਂ ਨਿਰਪੱਖ, ਪਾਰਦਰਸ਼ੀ ਅਤੇ ਕਿਸੇ ਵੀ ਤਰ੍ਹਾਂ ਦੇ ਪੱਖਪਾਤ ਤੋਂ ਮੁਕਤ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ, ਜਾਂਚ ਦੌਰਾਨ ਜੋ ਵੀ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ, ਚਾਹੇ ਉਹ ਕਿੰਨੇ ਵੀ ਵੱਡੇ ਅਹੁਦੇ ਜਾਂ ਪ੍ਰਭਾਵਸ਼ਾਲੀ ਰੁਤਬੇ ਵਾਲਾ ਕਿਉਂ ਨਾ ਹੋਵੇ, ਉਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਚਾਹੀਦੀ ਹੈ। ਇਸ ਗੱਲ ਦੀ ਵੀ ਪੱਕੀ ਗਰੰਟੀ ਹੋਣੀ ਚਾਹੀਦੀ ਹੈ ਕਿ ਭਵਿੱਖ ਵਿੱਚ ਕੋਈ ਵੀ ਨਿੱਜੀ ਮੁਨਾਫ਼ੇ ਲਈ ਲੋਕਾਂ ਦੀ ਆਸਥਾ ਦਾ ਸ਼ੋਸ਼ਣ ਨਾ ਕਰ ਸਕੇ। ਉਨ੍ਹਾਂ ਆਖਿਆ ਕਿ ਇਸ ਮਾਮਲੇ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਪੂਰੇ ਦੇਸ਼ ਨੂੰ ਇਸ ਸੱਚਾਈ ਤੋਂ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ ਕਿ ਹੁਣ ਤੱਕ ਕਿਹੜੀਆਂ ਬੇਨਿਯਮੀਆਂ ਸਾਹਮਣੇ ਆਈਆਂ ਹਨ, ਕਿੰਨੇ ਚੜ੍ਹਾਵੇ ਦੀ ਚੋਰੀ ਹੋਈ ਹੈ, ਦੋਸ਼ੀਆਂ ਕੋਲੋਂ ਕੀ-ਕੀ ਬਰਾਮਦ ਹੋਇਆ ਹੈ ਅਤੇ ਇਸ ਪੂਰੀ ਚੋਰੀ ਨੂੰ ਕਿਸ ਤਰੀਕੇ ਨਾਲ ਅੰਜਾਮ ਦਿੱਤਾ ਗਿਆ ਸੀ।

# ਰੋਟਰੀ ਕਲੱਬ ਨੇ ਸਨਮਾਨ ਸਮਾਰੋਹ ਕਰਵਾਇਆ



**ਸ਼ਾਹਬਾਦ ਮਾਰਕੰਡਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਰੋਟਰੀ ਕਲੱਬ ਸ਼ਾਹਬਾਦ ਵੱਲੋਂ ਲਾਡਵਾ ਸਥਿਤ ਇਕ ਰਿਜ਼ੋਰਟ ਵਿੱਚ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਦੌਰਾਨ ਰੋਟੇਰੀਅਨ ਹਸਨ ਸਿੰਘ ਮੇਜੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਅਤੇ ਰਮੇਸ਼ ਬਵੇਜਾ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਰੋਟਰੀ ਕਲੱਬ ਦੇ ਮੌਜੂਦਾ ਪ੍ਰਧਾਨ ਡਾ. ਆਰ ਐੱਸ ਘੁੰਮਣ ਨੇ ਮੁੱਖ ਮਹਿਮਾਨ ਰੋਟੇਰੀਅਨ ਹਸਨ ਸਿੰਘ ਮੇਜੀ, ਵਿਸ਼ੇਸ਼ ਮਹਿਮਾਨ ਰਾਜੇਸ਼ ਬਵੇਜਾ, ਜ਼ਿਲ੍ਹਾ ਗਵਰਨਰ ਦੇ ਮੁੱਖ ਸਲਾਹਕਾਰ ਰੋਟੇਰੀਅਨ ਰਾਜ ਕੁਮਾਰ ਗਰਗ, ਸਹਾਇਕ ਗਵਰਨਰ ਐੱਸ ਐੱਸ ਅਹੂਜਾ, ਅਜੈ ਮਾਨ, ਗੋਲਡੀ ਔਜਲਾ, ਇਨਰਵੀਲ ਕਲੱਬ ਦੀ ਪ੍ਰਧਾਨ ਰੇਣੂ ਵਧਵਾ, ਰੋਟਰੀ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਨਿੱਘਾ ਸਵਾਗਤ ਕੀਤਾ। ਕਲੱਬ ਦੀ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਡਾ. ਆਰ ਐੱਸ ਘੁੰਮਣ ਨੇ ਦੱਸਿਆ ਕਿ ਸਾਲ 2025-26 ਦੌਰਾਨ ਕਲੱਬ ਨੇ 316 ਪ੍ਰਾਜੈਕਟ ਸਿਰੇ ਚੜ੍ਹਾਏ ਹਨ। ਇਨ੍ਹਾਂ ਵਿੱਚ 20 ਸਿਹਤ ਜਾਂਚ ਕੈਂਪ, 7 ਖ਼ੂਨਦਾਨ ਕੈਂਪ, 10 ਵਾਟਰ ਕੂਲਰਾਂ ਦੀ ਸਥਾਪਨਾ, ਸਿੱਖਿਆ, ਸਿਹਤ, ਵਾਤਾਵਰਨ ਅਤੇ ਸਮਾਜ ਸੇਵਾ ਨਾਲ ਸਬੰਧਤ ਕਈ ਲੋਕ ਭਲਾਈ ਪਹਿਲਕਦਮੀਆਂ ਸ਼ਾਮਲ ਸਨ। ਡਾ. ਘੁੰਮਣ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਇਸੇ ਉਤਸ਼ਾਹ ਨਾਲ ਭਾਈਚਾਰੇ ਦੀ ਸੇਵਾ ਕਰਦੇ ਰਹਿਣ ਦਾ ਵਾਅਦਾ ਕੀਤਾ। ਮੁੱਖ ਮਹਿਮਾਨ ਰੋਟੇਰੀਅਨ ਹਸਨ ਸਿੰਘ ਮੇਜੀ ਨੇ ਰੋਟਰੀ ਕਲੱਬ ਸ਼ਾਹਬਾਦ ਵੱਲੋਂ ਸਾਲ ਭਰ ਕੀਤੇ ਗਏ ਸੇਵਾ ਕਾਰਜਾਂ ਦੀ ਸ਼ਲਾਘਾ ਕੀਤਾ। ਸਮਾਰੋਹ ਦੌਰਾਨ ਸਾਲ 2026-27 ਲਈ ਰੋਟਰੀ ਚਾਰਟਰ ਨਵੇਂ ਚੁਣੇ ਗਏ ਪ੍ਰਧਾਨ ਵਿਕਰਮ ਗੁਪਤਾ ਨੂੰ ਸੌਂਪਿਆ ਗਿਆ। ਸਮਾਗਮ ਦੇ ਅੰਤ ਵਿੱਚ ਨਵੇਂ ਚੁਣੇ ਗਏ ਸਕੱਤਰ ਰੋਟੇਰੀਅਨ ਪ੍ਰਿਤਪਾਲ ਸਿੰਘ ਢਿੱਲੋਂ ਨੇ ਸਾਰੇ ਮਹਿਮਾਨਾਂ, ਰੋਟੇਰੀਅਨ ਮੈਂਬਰਾਂ ਅਤੇ ਮੌਜੂਦ ਪਤਵੰਤਿਆਂ ਦਾ ਧੰਨਵਾਦ ਕੀਤਾ।

# ਦੰਗਲ 'ਚ ਭਲਵਾਨ ਕਾਰਤਿਕ ਜੇਤੂ



**ਜੀਂਦ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਇੱਥੇ ਬੱਤਖ ਚੌਕ ਨੇੜੇ ਸਥਿਤ ਸੈਣੀ ਰਾਮਲੀਲਾ ਸਕੂਲ ਵਿੱਚ ਦੰਗਲ ਕਰਵਾਇਆ ਗਿਆ। ਇਸ ਦੌਰਾਨ ਇੱਕ ਲੱਖ ਰੁਪਏ ਦਾ ਪਹਿਲਾ ਇਨਾਮ ਕਾਰਤਿਕ ਭਲਪਾਨ ਨੇ ਜਿੱਤਿਆ। ਉਨ੍ਹਾਂ ਨੇ ਬਠਿੰਡਾ ਦੇ ਪਹਿਲਵਾਨ ਅਮਨਦੀਪ ਨੂੰ ਹਰਾਇਆ। ਦੂਜੇ ਸਥਾਨ 'ਤੇ ਰਹਿ ਕੇ 71 ਹਜ਼ਾਰ ਰੁਪਏ ਦਾ ਇਨਾਮ ਬਾਦਲ ਪਹਿਲਵਾਨ ਗਤੌਲੀ ਨੇ ਜਸਵਿੰਦਰ ਪਹਿਲਵਾਨ ਦਿੱਲੀ ਨੂੰ ਚਿੱਤ ਕਰਕੇ ਜਿੱਤਿਆ। ਇਸੇ ਤਰ੍ਹਾਂ ਤੀਜਾ ਇਨਾਮ 51 ਹਜ਼ਾਰ ਰੁਪਏ ਸ਼ੈਂਟੀ ਪਹਿਲਵਾਨ ਚੀਕਾ ਨੇ ਸਾਹਿਲ ਪਹਿਲਵਾਨ ਕੈਥਲ ਨੂੰ ਹਰਾ ਕੇ ਜਿੱਤਿਆ।

ਇਨ੍ਹਾਂ ਤੋਂ ਇਲਾਵਾ ਹੋਰ ਵੀ ਕਈ ਇਨਾਮੀ ਕੁਸ਼ਤੀਆਂ ਕਰਵਾਈਆਂ ਗਈਆਂ। ਦੰਗਲ ਵਿੱਚ ਮੁੱਖ ਮਹਿਮਾਨ ਵਜੋਂ ਕਾਂਗਰਸੀ ਆਗੂ ਪਵਨ ਗਰਗ ਅਤੇ ਸਮਾਜ ਸੇਵੀ ਅਤੁਲ ਚੌਹਾਨ ਨੇ ਸ਼ਿਰਕਤ ਕੀਤੀ, ਜਦੋਂਕਿ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਰਿਸ਼ੀਪਾਲ ਹੈਬਤਪੁਰ ਅਤੇ ਵਰਦਾਨ ਹਸਪਤਾਲ ਦੀ ਚੇਅਰਪਰਸਨ ਮੀਨਾ ਸ਼ਰਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।

ਦੰਗਲ ਦੇ ਪ੍ਰਬੰਧਕ ਉਦੈਵੀਰ ਅਤੇ ਕੁਸ਼ਤੀ ਅਖਾੜਾ ਨਿਰਜਨ ਦੇ ਸੰਚਾਲਕ ਆਸ਼ੀਸ਼ ਪਹਿਲਵਾਨ ਨੇ ਦੱਸਿਆ ਕਿ ਹਰ ਸਾਲ ਇੱਥੇ ਦੰਗਲ ਕਰਵਾਇਆ ਜਾਂਦਾ ਹੈ। ਇਸ ਮੌਕੇ ਰਾਜਬੀਰ ਪਹਿਲਵਾਨ, ਮਹਿੰਦਰ, ਸੁਨੀਲ ਸ਼ਰਮਾ, ਵਿਕਾਸ ਹੈਬਤਪੁਰ, ਅਮਨਪ੍ਰੀਤ, ਵਿਸ਼ਾਲ ਅਤੇ ਰੋਸ਼ਨ ਨਿਰਜਨ ਸਮੇਤ ਅਨੇਕਾਂ ਪਹਿਲਵਾਨ ਹਾਜ਼ਰ ਸਨ।

# ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ: ਮੁੱਖ ਮੰਤਰੀ

ਬਠਿੰਡਾ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਵਿੱਚ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਸਫ਼ਲਤਾ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨੂੰ ਨਿਰਦੇਸ਼ ਦਿੱਤੇ ਕਿ ਜਦੋਂ ਤੱਕ ਪੰਜਾਬ ਨਸ਼ਿਆਂ ਦੀ ਲਾਹਨਤ ਤੋਂ ਪੂਰੀ ਤਰ੍ਹਾਂ ਮੁਕਤ ਨਹੀਂ ਹੋ ਜਾਂਦਾ, ਉਦੋਂ ਤੱਕ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ।

ਵਿਲੇਜ ਡਿਫੈਂਸ ਕਮੇਟੀਆਂ ਦੇ ਕੰਮਕਾਜ ਦਾ ਜਾਇਜ਼ਾ ਲੈਣ ਲਈ ਵਰਚੁਅਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਇਸ ਮੁਹਿੰਮ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਕੇ ਅਤੇ ਵੱਡੇ ਤਸਕਰਾਂ ਨੂੰ ਸਲਾਖਾਂ ਪਿੱਛੇ ਡੱਕ ਕੇ ਨਸ਼ਿਆਂ ਦੇ ਕੋਹੜ ਦਾ ਲੱਕ ਤੋੜ ਦਿੱਤਾ ਹੈ। ਇਸ ਮੁਹਿੰਮ ਵਿੱਚ ਕੋਈ ਵੀ ਢਿੱਲ ਨਾ ਵਰਤਣ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਾਰਵਾਈ, ਵੱਧ ਤੋਂ ਵੱਧ ਜਨਤਕ ਭਾਗੀਦਾਰੀ ਅਤੇ ਪਿੰਡਾਂ ਵਿੱਚ ਵਿਸ਼ਵਾਸ ਬਹਾਲੀ ਵਾਲੇ ਕਦਮ ਚੁੱਕਣ ਦਾ ਸੱਦਾ ਦਿੱਤਾ ਤਾਂ ਜੋ ਇਸ ਰਫ਼ਤਾਰ ਨੂੰ ਬਰਕਰਾਰ ਰੱਖਿਆ ਜਾ ਸਕੇ ਅਤੇ ਨਸ਼ਿਆਂ ਵਿਰੁੱਧ ਫੈਸਲਾਕੁਨ ਜਿੱਤ ਹਾਸਲ ਕੀਤੀ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸਕੀਮ ਦੀ ਪ੍ਰਗਤੀ ਦੀ ਨੇੜਿਓਂ ਨਿਗਰਾਨੀ ਕਰਨ ਅਤੇ ਸਮੇਂ ਸਿਰ ਕਾਰਵਾਈ ਯਕੀਨੀ ਬਣਾਉਣ ਲਈ ਹਰ ਮਹੀਨੇ ਜ਼ਿਲ੍ਹਾ ਅਤੇ ਰਾਜ ਪੱਧਰੀ ਸਮੀਖਿਆ ਮੀਟਿੰਗਾਂ ਕੀਤੀਆਂ ਜਾਣ। ÷ਗਲਤ ਜਾਣਕਾਰੀ÷ ਵਜੋਂ ਦਰਸਾਈਆਂ ਸਾਰੀਆਂ ਸ਼ਿਕਾਇਤਾਂ ਵਿੱਚ ਪੂਰੀ ਪਾਰਦਰਸ਼ਤਾ ਬਣਾਈ ਰੱਖੀ ਜਾਵੇ। ਅਜਿਹੇ ਹਰੇਕ ਮਾਮਲੇ ਵਿੱਚ ਸਪੱਸ਼ਟ ਤੌਰ 'ਤੇ ਜ਼ਿਕਰ ਹੋਣਾ ਚਾਹੀਦਾ ਹੈ ਕਿ ਸ਼ਿਕਾਇਤ ਦਾ ਨਿਬੇੜਾ ਕਰਨ ਵਾਲਾ ਅਧਿਕਾਰੀ ਕੌਣ ਸੀ। ਸ਼ਿਕਾਇਤ ਨੂੰ ÷ਗਲਤ ਜਾਣਕਾਰੀ÷ ਵਜੋਂ ਬੰਦ ਕਰਨ ਦੇ ਕਾਰਨ ਕੀ ਸਨ। ਅਜਿਹੇ ਸਾਰੇ ਮਾਮਲਿਆਂ ਦੀ ਵਿਸਤ੍ਰਿਤ ਹਫ਼ਤਾਵਾਰੀ ਰਿਪੋਰਟ ਮੁੱਖ ਮੰਤਰੀ ਦਫ਼ਤਰ ਨੂੰ ਸੌਂਪੀ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਲੰਬੇ ਸਮੇਂ ਤੋਂ ਨਿਗਰਾਨੀ ਹੇਠ ਰੱਖੇ ਗਏ ਸਾਰੇ ਮਾਮਲਿਆਂ ਦੀ ਸਮੀਖਿਆ ਕੀਤੀ ਜਾਵੇ ਅਤੇ ਅਗਲੇ ਦੋ ਹਫ਼ਤਿਆਂ ਦੇ ਅੰਦਰ ਉਨ੍ਹਾਂ ਦੀ ਅਪਡੇਟ ਕੀਤੀ ਸਥਿਤੀ ਰਿਪੋਰਟ ਜਮ੍ਹਾਂ ਕਰਵਾਈ ਜਾਵੇ। ਉਨ੍ਹਾਂ ਮੁਨਸ਼ੀਆਂ ਅਤੇ ਹੋਰ ਕਰਮਚਾਰੀਆਂ ਦੀ ਸੂਚੀ ਤਿਆਰ ਕਰੋ, ਜੋ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਵਿੱਚ ਸ਼ਾਮਲ ਹਨ ਜਾਂ ਸ਼ਿਕਾਇਤਾਂ ਦੇ ਨਿਬੇੜੇ ਦੀ ਪ੍ਰਕਿਰਿਆ ਵਿੱਚ ਸਹਿਯੋਗ ਨਹੀਂ ਕਰ ਰਹੇ ਹਨ। ਜਿੱਥੇ ਵੀ ਲੋੜ ਹੋਵੇ, ਅੰਤਰ-ਜ਼ਿਲ੍ਹਾ ਬਦਲੀਆਂ ਸਮੇਤ ਸਖ਼ਤ ਕਾਰਵਾਈ ਬਿਨਾਂ ਕਿਸੇ ਦੇਰੀ ਦੇ ਕੀਤੀ ਜਾਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੀਆਂ ਪਿੰਡ ਸੁਰੱਖਿਆ ਕਮੇਟੀਆਂ ਸਰਗਰਮ ਰਹਿਣੀਆਂ ਚਾਹੀਦੀਆਂ ਹਨ। ਸਾਰੇ ਕਨਵੀਨਰਾਂ ਅਤੇ ਕਾਰਜਕਾਰੀ ਪ੍ਰਧਾਨਾਂ ਨੂੰ ਸ਼ਨਾਖਤੀ ਕਾਰਡ ਦਿੱਤੇ ਜਾਣ ਅਤੇ ਉਨ੍ਹਾਂ ਨੂੰ ਨਿਯਮਤ ਮੀਟਿੰਗਾਂ, ਸਮਾਜਿਕ ਗਤੀਵਿਧੀਆਂ ਅਤੇ ਉਨ੍ਹਾਂ ਦੇ ਚੰਗੇ ਕੰਮਾਂ ਲਈ ਸਨਮਾਨਿਤ ਕਰ ਕੇ ਨਾਲ ਜੋੜਿਆ ਜਾਵੇ।ਇਸ ਮੀਟਿੰਗ ਦੇ ਕੁਝ ਅੰਸ਼ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, ਅੱਜ ਬਠਿੰਡਾ ਦੇ ਲੇਕ ਵਿਊ ਗੈਸਟ ਹਾਊਸ ਤੋਂ ਮੈਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਮੂਹ ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨਾਲ ਵੀਡੀਓ ਕਾਨਫਰੰਸ ਰਾਹੀਂ ਅਹਿਮ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਸਾਰੇ ਅਧਿਕਾਰੀਆਂ ਨੂੰ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਜ਼ਮੀਨੀ ਪੱਧਰ 'ਤੇ ਕਾਰਵਾਈ ਤੇਜ਼ ਕਰਨ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਗਏ ਹਨ। ਸਾਡੀ 'ਜ਼ੀਰੋ ਟੌਲਰੈਂਸ' ਨੀਤੀ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਕਾਰਵਾਈ ਨਿਰੰਤਰ ਜਾਰੀ ਹੈ। ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ ਹੈ। ਆਓ ਆਪਾਂ ਸਾਰੇ ਰਲ ਕੇ ਪੰਜਾਬ ਨੂੰ ਨਸ਼ਾ ਮੁਕਤ ਬਣਾਈਏ ਅਤੇ ਸੂਬੇ ਨੂੰ ਤਰੱਕੀ ਦੀਆਂ ਨਵੀਆਂ ਬੁਲੰਦੀਆਂ 'ਤੇ ਲੈ ਕੇ ਜਾਈਏ।

ਇਸ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਨਸ਼ਿਆਂ ਦੀ ਸਪਲਾਈ ਲਾਈਨ ਪਹਿਲਾਂ ਹੀ ਤੋੜ ਦਿੱਤੀ ਗਈ ਹੈ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਗਿਆ ਹੈ। ਇਸ ਮੁਹਿੰਮ ਦੀ ਰਫ਼ਤਾਰ ਨੂੰ ਬਰਕਰਾਰ ਰੱਖਣਾ ਹੋਵੇਗਾ ਅਤੇ ਸਮੇਂ ਦੀ ਲੋੜ ਹੈ ਕਿ ਇਸ ਨੂੰ ਉਦੋਂ ਤੱਕ ਹੋਰ ਤੇਜ਼ ਕੀਤਾ ਜਾਵੇ, ਜਦੋਂ ਤੱਕ ਪੰਜਾਬ ਪੂਰੀ ਤਰ੍ਹਾਂ ਨਸ਼ਾ ਮੁਕਤ ਨਹੀਂ ਹੋ ਜਾਂਦਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰ ਆਪਣੀਆਂ ਜ਼ਿੰਮੇਵਾਰੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾ ਰਹੇ ਹਨ ਅਤੇ ਉਨ੍ਹਾਂ ਨੇ ਪਿਛਲੇ ਤਿੰਨ ਮਹੀਨਿਆਂ ਦੌਰਾਨ ਹੀ ਨਸ਼ਾ ਤਸਕਰਾਂ ਖ਼ਿਲਾਫ਼ 13,000 ਤੋਂ ਵੱਧ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾਂ ਕਿਹਾ, ਜਿਨ੍ਹਾਂ ਜ਼ਿਲ੍ਹਿਆਂ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਮੁਕਾਬਲਤਨ ਘੱਟ ਸਰਗਰਮ ਹਨ, ਉਨ੍ਹਾਂ ਨੂੰ ਜਨਤਕ ਮਹੱਤਵ ਦੇ ਇਸ ਮਿਸ਼ਨ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ। ਹਰ ਜ਼ਿਲ੍ਹੇ ਵਿੱਚ ਹਰ ਮਹੀਨੇ ਵਿਲੇਜ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ ਅਤੇ ਮੈਂ ਖ਼ੁਦ ਮਹੀਨਾਵਾਰ ਸੂਬਾ ਪੱਧਰੀ ਮੀਟਿੰਗਾਂ ਵਿੱਚ ਉਨ੍ਹਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਾਂਗਾ।

ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਦੀ ਮਾਰ ਇੱਕ ਵਿਸ਼ਵਵਿਆਪੀ ਸਮੱਸਿਆ ਹੈ, ਪਰ ਦੁਨੀਆ ਵਿੱਚ ਕਿਤੇ ਵੀ ਇਸ ਵਿਰੁੱਧ ਅਜਿਹੀ ਦ੍ਰਿੜ੍ਹ ਅਤੇ ਜ਼ੋਰਦਾਰ ਮੁਹਿੰਮ ਨਹੀਂ ਚਲਾਈ ਗਈ। ਉਨ੍ਹਾਂ ਅੱਗੇ ਕਿਹਾ, ਇੱਕ ਬੇਮਿਸਾਲ ਪਹਿਲਕਦਮੀ ਕਰਦਿਆਂ ਪੰਜਾਬ ਨੂੰ ਨਸ਼ਾਮੁਕਤ ਬਣਾਉਣ ਲਈ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਦੀ 1.50 ਲੱਖ ਦੀ ਮਜ਼ਬੂਤ ਫ਼ੋਰਸ ਕਾਇਮ ਕੀਤੀ ਗਈ ਹੈ। ਜਨਤਾ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ ਕਿਉਂਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਜਨ ਅੰਦੋਲਨ ਬਣਨਾ ਪਵੇਗਾ। ਨਸ਼ਾ ਇੱਕ ਸਮਾਜਿਕ ਸਮੱਸਿਆ ਹੈ ਅਤੇ ਇਸ ਮੁਹਿੰਮ ਦੀ ਨਿਰੰਤਰਤਾ ਯਕੀਨੀ ਬਣਾਉਣ ਲਈ ਲੋਕਾਂ ਦੀ ਸ਼ਮੂਲੀਅਤ ਵੀ ਉਨੀ ਹੀ ਮਹੱਤਵਪੂਰਨ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਡੀ.ਸੀਜ਼ ਅਤੇ ਐੱਸ.ਐੱਸ.ਪੀਜ਼ ਨੂੰ ਕਿਹਾ ਕਿ ਉਹ ਸਮਾਜ ਦੇ ਹਰ ਵਰਗ ਦਾ ਤਹਿ ਦਿਲੋਂ ਸਹਿਯੋਗ ਪ੍ਰਾਪਤ ਕਰਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਸਬੰਧਤ ਖੇਤਰਾਂ ਵਿੱਚ ਕੋਈ ਨਸ਼ਾ ਨਾ ਵਿਕੇ ਅਤੇ ਹਰ ਨਸ਼ਾ ਪੀੜਤ ਨੂੰ ਨਸ਼ੇ ਦੀ ਦਲਦਲ ਵਿੱਚੋਂ ਬਾਹਰ ਕੱਢਿਆ ਜਾ ਸਕੇ। ਉਨ੍ਹਾਂ ਕਿਹਾ, ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਨ ਦੇ ਉਪਾਅ ਵਜੋਂ ਪੁਲਿਸ ਟੀਮਾਂ ਨੂੰ ਨਿਯਮਿਤ ਤੌਰ 'ਤੇ ਪਿੰਡਾਂ ਦਾ ਦੌਰਾ ਕਰਨਾ ਚਾਹੀਦਾ ਹੈ ਅਤੇ ਜ਼ਮੀਨੀ ਹਕੀਕਤ ਨੂੰ ਸਮਝਣ ਲਈ ਵਸਨੀਕਾਂ ਨਾਲ ਗੱਲਬਾਤ ਕਰਨੀ ਚਾਹੀਦੀ ਹੈ। ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦੇਣ ਵਾਲੇ ਵਿਲੇਜ ਡਿਫੈਂਸ ਕਮੇਟੀ ਦੇ ਮੈਂਬਰਾਂ ਜਾਂ ਕਿਸੇ ਵੀ ਨਾਗਰਿਕ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਣੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰ ਕੇ ਅਤੇ ਉਨ੍ਹਾਂ ਨੂੰ ਸਲਾਖਾਂ ਪਿੱਛੇ ਭੇਜ ਕੇ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ 'ਤੇ ਧਿਆਨ ਕੇਂਦਰਿਤ ਕੀਤਾ ਹੈ। ਉਨ੍ਹਾਂ ਕਿਹਾ, ਜਿਵੇਂ-ਜਿਵੇਂ ਨਸ਼ਾ ਤਸਕਰਾਂ ਦੁਆਲੇ ਸ਼ਿਕੰਜਾ ਕੱਸਿਆ ਗਿਆ ਹੈ, ਸਪਲਾਈ ਲਾਈਨ ਪ੍ਰਭਾਵਿਤ ਹੋਈ ਹੈ, ਜਿਸ ਦੇ ਨਤੀਜੇ ਵਜੋਂ ਵੱਡੀ ਗਿਣਤੀ ਵਿੱਚ ਪੀੜਤ ਨਸ਼ਾ ਛਡਾਊ ਅਤੇ ਮੁੜ ਵਸੇਬਾ ਕੇਂਦਰਾਂ ਤੱਕ ਪਹੁੰਚ ਕਰ ਰਹੇ ਹਨ। ਇਸ ਲਈ ਸਰਕਾਰ ਨੇ ਪੀੜਤਾਂ ਨੂੰ ਨਸ਼ਾ ਮੁਕਤ ਕਰਨ ਅਤੇ ਉਨ੍ਹਾਂ ਨੂੰ ਮਾਣ-ਸਨਮਾਨ ਤੇ ਸਵੈ-ਮਾਣ ਵਾਲੀ ਜ਼ਿੰਦਗੀ ਜਿਊਣ ਦੇ ਯੋਗ ਬਣਾਉਣ ਲਈ ਨਸ਼ਾ ਛਡਾਊ ਅਤੇ ਮੁੜ ਵਸੇਬਾ ਕੇਂਦਰਾਂ ਦਾ ਵਿਸ਼ਾਲ ਨੈੱਟਵਰਕ ਸਥਾਪਤ ਕੀਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੌਜੂਦਾ ਨਸ਼ਾ ਛਡਾਊ ਅਤੇ ਮੁੜ ਵਸੇਬਾ ਕੇਂਦਰਾਂ ਦੀ ਸਮਰੱਥਾ ਵਿੱਚ ਭਾਰੀ ਵਾਧਾ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ, ਕਈ ਨਵੇਂ ਕੇਂਦਰ ਸਥਾਪਤ ਕੀਤੇ ਗਏ ਹਨ ਅਤੇ ਮੌਜੂਦਾ ਕੇਂਦਰਾਂ ਵਿੱਚ ਸੇਵਾਵਾਂ ਦੀ ਗੁਣਵੱਤਾ ਅਤੇ ਸਮੁੱਚੇ ਮਾਹੌਲ ਵਿੱਚ ਕਾਫ਼ੀ ਸੁਧਾਰ ਕੀਤਾ ਗਿਆ ਹੈ, ਜਿਸ ਵਿੱਚ ਏਅਰ ਕੰਡੀਸ਼ਨਿੰਗ ਦਾ ਪ੍ਰਬੰਧ ਵੀ ਸ਼ਾਮਲ ਹੈ। ਸਰਕਾਰ ਦੁਆਰਾ ਸੰਚਾਲਿਤ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਬੈੱਡਾਂ ਦੀ ਗਿਣਤੀ 1,500 ਤੋਂ ਵਧਾ ਕੇ 5,000 ਕਰ ਦਿੱਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਓਟ ਕੇਂਦਰਾਂ ਨੂੰ ਵੀ ਅਪਗ੍ਰੇਡ ਕੀਤਾ ਗਿਆ ਹੈ ਅਤੇ ਜ਼ਰੂਰੀ ਦਵਾਈਆਂ ਦੀ ਨਿਰੰਤਰ ਉਪਲਬਧਤਾ ਯਕੀਨੀ ਬਣਾਈ ਗਈ ਹੈ। ਉਨ੍ਹਾਂ ਕਿਹਾ, ਜਿੱਥੇ ਵੀ ਲੋੜ ਸੀ, ਉੱਥੇ ਨਵੇਂ ਓਟ ਕੇਂਦਰ ਸਥਾਪਤ ਕੀਤੇ ਗਏ ਹਨ, ਜਿਸ ਨਾਲ ਉਨ੍ਹਾਂ ਦੀ ਕੁੱਲ ਗਿਣਤੀ 529 ਤੋਂ ਵਧ ਕੇ 565 ਹੋ ਗਈ ਹੈ। ਅਧਿਕਾਰੀਆਂ ਨੂੰ ਆਪਣੇ ਅਧਿਕਾਰ ਖੇਤਰ ਅਧੀਨ ਆਉਂਦੇ ਸਾਰੇ ਓਟ ਕੇਂਦਰਾਂ ਅਤੇ ਨਸ਼ਾ ਛਡਾਊ ਕੇਂਦਰਾਂ ਵਿੱਚ ਦਵਾਈਆਂ, ਲੋੜੀਂਦੀਆਂ ਵਸਤਾਂ ਅਤੇ ਬੈੱਡਾਂ ਦੀ ਢੁਕਵੀਂ ਉਪਲਬਧਤਾ ਯਕੀਨੀ ਬਣਾਉਣੀ ਚਾਹੀਦੀ ਹੈ।

# ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤਾ

ਚੰਡੀਗੜ੍ਹ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-



ਕੇਂਦਰੀ ਗ੍ਰਹਿ ਤੇ ਸਹਿਕਾਰਤੀ ਮੰਤਰੀ ਅਮਿਤ ਸ਼ਾਹ ਦੀ ਹਾਜਿਰ ਵਿਚ ਸੋਮਵਾਰ ਨੂੰ ਨਵੀਂ ਦਿੱਲੀ ਵਿਚ ਯਮੁਨਾ ਜਲ ਪਰਿਯੋਜਨਾ ਦੇ ਨਿਰਮਾਣ ਅਤੇ ਲਾਗੂਕਰਨ ਦੇ ਸਬੰਧ ਵਿਚ ਹਰਿਆਣਾ ਅਤੇ ਰਾਜਸਥਾਨ ਸਰਕਾਰ ਵਿਚਕਾਰ ਇਕ ਮਹੱਤਵਪੂਰਨ ਸਮਝੌਤੇ 'ਤੇ ਹਸਤਾਖਰ ਹੋਏ। ਇਸ ਮੌਕੇ 'ਤੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਰਾਜਸਥਾਨ ਦੇ ਮੁੱਖ ਮੰਤਰੀ ਭਜਨ ਲਾਲ ਸ਼ਰਮਾ, ਕੇਂਦਰੀ ਜਲ ਸ਼ਕਤੀ ਮੰਤਰੀ ਸੀ.ਆਰ.ਪਾਟਿਲ ਅਤੇ ਕੇਂਦਰ ਸਰਕਾਰ ਅਤੇ ਸੂਬਾ ਸਰਕਾਰਾਂ ਦੇ ਸੀਨੀਅਰ ਅਧਿਕਾਰੀ ਹਾਜ਼ਿਰ ਸਨ।

ਇਸ ਮੌਕੇ 'ਤੇ ਆਪਣੇ ਸਬੰਧਨ ਵਿਚ ਕੇਂਦਰੀ ਗ੍ਰਹਿ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸਮਝੌਤੇ ਨਾਲ ਹਰਿਆਣਾ ਅਤੇ ਰਾਜਸਥਾਨ ਦੇ ਲੋਕਾਂ ਦੀ ਪਾਣੀ ਨਾਲ ਜੁੜੀ ਲਗਭਗ 3 ਦਹਾਕਿਆਂ ਪੁਰਾਣੀ ਸਮੱਸਿਆ ਦਾ ਅੱਜ ਹਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਦਿੱਤੇ ਗਏ

# ਬਠਿੰਡਾ ਚੰਡੀਗੜ੍ਹ ਰੋਜ਼ਾਨਾ ਟਰੇਨ ਅਤੇ ਪ੍ਰਸਤਾਵਿਤ ਰੋਜ਼ਾਨਾਂ ਟਰੇਨ ਦੀ ਮੰਗ ਹੋਈ ਤੇਜ਼



ਪਟਿਆਲਾ, 2 ਜੁਲਾਈ/ਰਾਕੇਸ਼ ਠਾਕੁਰ
-ਕੌਮੀ ਪੱਤ੍ਰਿਕਾ ਬਿਊਰੋ-

ਪਿਛਲੇ ਦਿਨੀਂ ਨੀਟ ਪ੍ਰੀਖਿਆਰਥੀਆਂ ਦੀ ਸਹੂਲਤ ਲਈ ਉੱਤਰੀ ਰੇਲਵੇ ਵੱਲੋਂ 04555 / 04556 ਬਠਿੰਡਾ ਚੰਡੀਗੜ੍ਹ ਪ੍ਰੀਖਿਆ ਸਪੈਸ਼ਲ ਟਰੇਨ ਚਲਾਈ ਗਈ ਸੀ। ਇਸ ਤੋਂ ਬਾਅਦ ਮਾਲਵਾ ਖੇਤਰ ਦੇ ਲੋਕਾਂ ਵੱਲੋਂ ਇਸ ਨੂੰ ਰੋਜ਼ਾਨਾ ਸਵੇਰੇ ਸ਼ੁਰੂ ਕਰਨ ਦੀ ਮੰਗ ਤੇਜ਼ ਹੋ ਗਈ ਹੈ। ਅੱਜ ਇਸ ਮੁੱਦੇ ਤੇ ਕੁਝ ਸਮਾਜ ਸੇਵਕਾਂ ਜਿਵੇਂ ਕਿ ਭੁਪਿੰਦਰ ਸਿੰਘ, ਜਸਵਿੰਦਰ ਸਿੰਘ, ਮੋਹਿਤ ਤੋਮਰ, ਯੁਵਰਾਜ ਪਟਵਾਲ ਅਤੇ ਆਯੂਸ਼ ਗੋਇਲ ਵੱਲੋਂ ਭਾਜਪਾ ਦੇ ਸੀਨੀ.ਆਗੂ ਡਾ. ਗੁਰਵਿੰਦਰ ਕਾਂਸਲ ਨੂੰ ਇੱਕ ਮੰਗ ਪੱਤਰ ਦਿੱਤਾ। ਉਹਨਾਂ ਕਿਹਾ ਕਿ ਇਸ ਸਮੇਂ ਬਠਿੰਡਾ, ਰਾਮਪੁਰਾ ਫੂਲ, ਬਰਨਾਲਾ, ਧੂਰੀ ਅਤੇ ਪਟਿਆਲਾ ਤੋਂ ਚੰਡੀਗੜ੍ਹ ਲਈ ਕੋਈ ਸਿੱਧੀ ਰੋਜ਼ਾਨਾ ਟਰੇਨ ਨਹੀਂ ਹੈ। ਹਜ਼ਾਰਾਂ ਵਿਦਿਆਰਥੀ, ਨੌਕਰੀ ਪੇਸ਼ਾ ਲੋਕਾਂ, ਮਰੀਜ਼ਾਂ ਅਤੇ ਆਮ ਯਾਤਰੀਆਂ ਨੂੰ ਮਜਬੂਰਨ ਬੱਸਾਂ ਰਾਹੀਂ ਸਫ਼ਰ ਕਰਨਾ ਪੈਂਦਾ ਹੈ, ਜਿਸ ਨਾਲ ਸਮਾਂ ਅਤੇ ਪੈਸਾ ਦੋਵੇਂ ਵੱਧ ਖਰਚ ਹੁੰਦੇ ਹਨ। ਜੇਕਰ ਰੇਲਵੇ ਪ੍ਰਸ਼ਾਸਨ ਪ੍ਰੀਖਿਆ ਲਈ ਵਿਸ਼ੇਸ਼ ਟਰੇਨ ਚਲਾ ਸਕਦਾ ਹੈ ਤਾਂ ਮਾਲਵਾ ਖੇਤਰ ਦੀ ਲੰਬੇ ਸਮੇਂ ਤੋਂ ਚੱਲ ਰਹੀ ਲੋੜ ਨੂੰ ਦੇਖਦਿਆਂ ਬਠਿੰਡਾ ਚੰਡੀਗੜ੍ਹ ਰੋਜ਼ਾਨਾ ਟਰੇਨ ਵੀ ਸ਼ੁਰੂ ਕੀਤੀ ਜਾ ਸਕਦੀ ਹੈ। ਇਸ ਮੌਕੇ ਡਾ. ਕਾਂਸਲ ਨੇ ਕਿਹਾ ਕਿ ਮਾਲਵਾ ਖੇਤਰ ਦੇ ਲੋਕਾਂ ਦੇ ਇਸ ਗੰਭੀਰ ਮਸਲੇ ਅਤੇ ਮੰਗ ਲਈ ਉਹ ਮਹਾਰਾਣੀ ਪਰਨੀਤ ਕੌਰ ਜੀ, ਰੇਲ ਮੰਤਰੀ, ਰੇਲਵੇ ਬੋਰਡ ਅਤੇ ਉੱਤਰੀ ਰੇਲਵੇ ਦੇ ਉੱਚ ਅਧਿਕਾਰੀਆਂ ਨੂੰ ਮਿਲਕੇ ਇਸ ਬਠਿੰਡਾ ਚੰਡੀਗੜ੍ਹ ਟਰੇਨ ਨੂੰ ਰੋਜ਼ਾਨਾ ਚਲਾਉਣ ਲਈ ਮੰਗ ਕਰਨਗੇ। ਇਸ ਦੇ ਨਾਲ ਹੀ ਬੀਕਾਨੇਰ (ਲਾਲਗੜ੍ਹ) ਚੰਡੀਗੜ੍ਹ ਰੋਜ਼ਾਨਾ ਟਰੇਨ ਦਾ ਪ੍ਰਸਤਾਵ ਵੀ ਰੇਲ ਮੰਤਰਾਲੇ ਦੇ ਵਿਚਾਰ ਅਧੀਨ ਹੈ। ਹਾਲ ਹੀ ਵਿੱਚ ਰੇਲ ਮੰਤਰੀ ਵੱਲੋਂ ਬੀਕਾਨੇਰ-ਚੰਡੀਗੜ੍ਹ ਨਵੀਂ ਟਰੇਨ ਸੇਵਾ ਦੀ ਸੰਭਾਵਨਾ ਦੀ ਜਾਂਚ ਕਰਨ ਅਤੇ ਰੂਟ ਨੂੰ ਅੰਤਿਮ ਰੂਪ ਦੇਣ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਇਸ ਨਾਲ ਰਾਜਸਥਾਨ, ਮਾਲਵਾ ਖੇਤਰ ਅਤੇ ਚੰਡੀਗੜ੍ਹ ਵਿਚਕਾਰ ਸਿੱਧਾ ਰੇਲ ਸੰਪਰਕ ਮਜ਼ਬੂਤ ਹੋਵੇਗਾ ਅਤੇ ਹਜ਼ਾਰਾਂ ਯਾਤਰੀਆਂ, ਵਿਦਿਆਰਥੀਆਂ ਅਤੇ ਨੌਕਰੀਪੇਸ਼ਾ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

# ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਦੀ ਮੌਜੂਦਗੀ ਵਿਖੇ ਪਿੰਡ ਬੋਪਾਰਾਏ ਵਿਖੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰਵਾਏ



ਬਟਾਲਾ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਦੀ ਮੌਜੂਦਗੀ ਵਿਖੇ ਪਿੰਡ ਬੋਪਾਰਾਏ ਵਿਖੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਫਾਰਮ ਭਰਵਾਏ ਗਏ ਤਾਂ ਜੋ ਪੰਜਾਬ ਸਰਕਾਰ ਵਲੋਂ ਲਾਗੂ ਕੀਤੀ ਗਈ ਯੋਜਨਾ ਦਾ ਮਾਵਾਂ ਧੀਆਂ ਤੱਕ ਵੱਧ ਤੋਂ ਵੱਧ ਲਾਭ ਪੁਜਦਾ ਕੀਤਾ ਜਾ ਸਕੇ।

ਇਸ ਸਬੰਧੀ ਗੱਲ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਬੋਪਾਰਾਏ ਵਿੱਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਅਨੁਸੂਚਿਤ ਜਾਤੀ (ਐੱਸ.ਸੀ) ਵਰਗ ਦੀਆਂ ਯੋਗ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਅਤੇ ਹੋਰ ਯੋਗ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਇਸ ਦੇ ਨਾਲ ਹੀ ਯੋਜਨਾ ਦਾ ਲਾਭ ਵੱਧ ਤੋਂ ਵੱਧ ਯੋਗ ਮਹਿਲਾਵਾਂ ਤੱਕ ਪਹੁੰਚਾਉਣ ਲਈ ਜਾਗਰੂਕਤਾ ਗਤੀਵਿਧੀਆਂ ਵੀ ਕਰਵਾਈਆਂ ਜਾ ਰਹੀਆਂ ਹਨ।

ਜ਼ਿਕਰਯੋਗ ਹੈ ਕਿ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਸਮੇਤ ਸਮੁੱਚੇ ਜ਼ਿਲ੍ਹੇ ਅੰਦਰ ਇਸ ਯੋਜਨਾ ਤਹਿਤ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਸਫਲਤਾਪੂਰਵਕ ਚੱਲ ਰਹੀ ਹੈ।

# ਪਾਣੀ ਦੇ ਸੈਂਪਲਾਂ ਦੀ ਕੀਤੀ ਜਾਂਚ ਅਤੇ ਜਲ ਅਰਪਣ ਦਿਵਸ ਮਨਾਇਆ




ਤਰਨਤਾਰਨ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪਿੰਡ ਪਹੁਵਿੰਡ ਬਲਾਕ ਭਿੱਖੀਵਿੰਡ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਰਨ ਤਾਰਨ ਅਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਦਸਤ ਰੋਕੂ ਮੁਹਿੰਮ ਤਹਿਤ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪੱਧਰੀ ਅਤੇ ਬਲਾਕ ਪੱਧਰੀ ਸਮਜਿਕ ਸਟਾਫ਼ ਵੱਲੋਂ ਪਿੰਡ ਵਾਸੀਆਂ ਨੂੰ ਪਾਣੀ ਦੀ ਸਾਂਭ - ਸੰਭਾਲ, ਸਾਫ਼ ਪੀਣ ਯੋਗ ਪਾਣੀ ਪੀਣ ਦੇ ਲਾਭ ਅਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ 24 ਘੰਟੇ ਜਲ ਸਪਲਾਈ ਸਕੀਮ ਪਿੰਡ ਵਿਚ ਚਲਾਉਣ ਦੇ ਢੰਗ ਅਤੇ ਲਾਭ ਬਾਰੇ ਚਾਨਣਾ ਪਾਇਆ। ਵਿਭਾਗ ਵੱਲੋਂ ਸਮੂਹ ਪਿੰਡ ਵਾਸੀਆਂ ਨੂੰ ਪਾਣੀ ਦੀ ਦੁਰਵਰਤੋਂ ਨੂੰ ਰੋਕਣ ਅਤੇ ਪਾਣੀ ਨੂੰ ਵੱਧ ਤੋਂ ਵੱਧ ਬਚਾਉਣ ਲਈ ਯਤਨ ਕਰਨ ਲਈ ਅਪੀਲ ਕੀਤੀ ਗਈ ਲੋਕਾਂ ਨੂੰ ਨਿੱਜੀ ਸਫ਼ਾਈ,ਅਤੇ ਆਲੇ-ਦੁਆਲੇ ਦੀ ਸਫ਼ਾਈ ਲਈ ਜਾਗਰੂਕ ਕੀਤਾ ਗਿਆ। ਪਿੰਡ ਵਿੱਚ ਉਸਾਰੀ ਕੀਤੇ ਗਏ ਠੋਸ ਕੂੜਾ ਪ੍ਰਬੰਧਨ ਨੂੰ ਸਚਾਰੂ ਢੰਗ ਨਾਲ ਚਲਾਉਂਣ ਲਈ ਮਾਨਯੋਗ ਸੁਪਰੀਮ ਕੋਰਟ ਵੱਲੋ ਠੋਸ ਕੂੜਾ ਪ੍ਰਬੰਧਨ ਰੂਲਜ਼ 2026 ਸਬੰਧੀ ਜਾਰੀ ਕੀਤੀਆ ਗਈਆ ਹਦਾਇਤਾ ਬਾਰੇ ਜਾਣਕਾਰੀ ਦਿੰਦਿਆ ਦੱਸਿਆ ਗਿਆ ਕਿ ਹੁਣ ਘਰੇਲੂ ਪੱਧਰ ਅਤੇ ਸਮੁਦਾਇਕ ਪੱਧਰ ਤੇ 4 ਤਰੀਕਿਆਂ ਨਾਲ ਸੈਗਰੀਗੇਸ਼ਨ ਕੀਤੀ ਜਾਵੇਗੀ। ਜਿਸ ਵਿੱਚ ਗਿੱਲੇ ਕੂੜਾ, ਸੁੱਕੇ ਕੂੜੇ ਤੋ ਇਲਾਵਾ ਸੈਨੇਟਰੀ ਕੂੜਾ, ਵਿਸ਼ੇਸ਼ ਧਿਆਨ ਦੇਣ ਵਾਲਾ ਕੂੜਾ ਵੀ ਸ਼ਾਮਿਲ ਹੋਣਗੇ। ਪਿੰਡ ਵਿੱਚ ਬਲਕ ਵੇਸਟ ਜਨਰੇਟਰ ਜਿਵੇਕਿ ਹੋਟਲ, ਪੈਲੇਸ, ਹਸਪਤਾਲ, ਧਰਮਸ਼ਾਲਾ, ਸਕੂਲ, ਕਾਲਜ, ਧਾਰਮਿਕ ਸਥਾਨ, ਅਪਾਰਮੈਂਟ ਅਤੇ ਸੋਸਾਇਟੀਜ਼, ਜਿਨ੍ਹਾਂ ਵੱਲੋ ਪ੍ਰਤੀ ਦਿਨ 100 ਕੇ.ਜ਼ੀ ਕੂੜਾ ਨਿਕਲਦਾ ਹੈ , ਇਨ੍ਹਾਂ ਦੀ ਸੂਚੀ ਤਿਆਰ ਕਰਨ ਲਈ ਜਾਗਰੂਕ ਕੀਤਾ ਗਿਆ।

ਇਨ੍ਹਾਂ ਦਿਸ਼ਾ- ਨਿਰਦੇਸ਼ਾਂ ਨੂੰ ਪਿੰਡ ਵਿੱਚ ਲਾਗੂ ਕਰਨ ਲਈ ਪਿੰਡ ਦੀ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਵਲੋ ਮਤਾ ਪਾਉਣ ਅਤੇ ਲਾਗੂ ਕਰਨ ਲਈ ਸਹਿਮਤੀ ਜਤਾਈ ਗਈ। ਅਮਨ ਅਰੋੜਾ ਲੈਬ ਕੈਮਿਸਟ ਵੱਲੋਂ ਪਿੰਡ ਵਿੱਚੋਂ ਪ੍ਰਾਪਤ ਕੀਤੇ ਗਏ ਵੱਖ- ਵੱਖ ਪਾਣੀ ਦੇ ਸਰੋਤਾਂ ਜਿਵੇਂ ਕਿ ਸਮਰਸੀਬਲ ਮੋਟਰਾਂ ਦੇ ਪਾਣੀ, ਜਲ ਸਪਲਾਈ ਸਕੀਮ ਦੇ ਪਾਣੀ ਅਤੇ ਆਰ ਓ ਦੇ ਪਾਣੀ ਦੇ ਸੈਂਪਲਾ ਦੀ ਐਫ ਟੀ ਕੇ ਅਤੇ ਐਚ ਟੂ ਐਸ ਕਿੱਟਾਂ ਰਾਹੀਂ ਮੌਕੇ ਤੇ ਜਾਂਚ ਕੀਤੀ ਗਈ। ਇਸ ਮੌਕੇ ਜੁਗਰਾਜ ਸਿੰਘ ਸਰਪੰਚ, ਪਵਨ ਕੁਮਾਰ ਜੂਨੀਅਰ ਇੰਜੀਨੀਅਰ, ਸਰਵਨ ਸਿੰਘ ਅਤੇ ਗੁਰਬੀਰ ਸਿੰਘ ਬਲਾਕ ਕੋਆਰਡੀਨੇਟਰ, ਜਗਦੀਪ ਸਿੰਘ ਆਈ ਈ ਸੀ ਜ਼ਿਲ੍ਹਾ ਕੋਆਰਡੀਨੇਟਰ,ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀ ਹਾਜ਼ਰ ਸਨ।

# ਹਲਕੇ ਵਿੱਚ ਸੜਕਾਂ ਦੇ ਨਵੀਨੀਕਰਨ ਨਾਲ ਵਿਕਾਸ ਨੂੰ ਮਿਲੀ ਨਵੀਂ ਰ.ਫਤਾਰ : ਹਰਜੋਤ ਬੈਂਸ

ਸ੍ਰੀ ਆਨੰਦਪੁਰ ਸਾਹਿਬ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-



ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਵਿਕਾਸ ਦੇ ਨਵੇਂ ਮਿਆਰ ਸਥਾਪਿਤ ਕਰਦੇ ਹੋਏ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸੜਕਾਂ ਦੇ ਨਵੀਨੀਕਰਨ ਦਾ ਕੰਮ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ। ਲੰਮਲੈਹੜੀ-ਨਾਨੋਵਾਲ ਪਿੰਡ ਤੋਂ ਜੱਜਰ ਰਾਮਪੁਰ (ਗੁਰਦੁਆਰਾ ਘੋੜਿਆਂ ਦਾ ਘਾਹ) ਵੱਲ ਜਾਣ ਵਾਲੀ ਸੜਕ ਇਸ ਵਿਕਾਸ ਦੀ ਤਾਜ਼ਾ ਮਿਸਾਲ ਬਣ ਕੇ ਸਾਹਮਣੇ ਆਈ ਹੈ। ਇੱਕ ਪਾਸੇ ਹਰਿਆ-ਭਰਿਆ ਕੁਦਰਤੀ ਵਾਤਾਵਰਣ ਅਤੇ ਦੂਜੇ ਪਾਸੇ ਉੱਚ ਮਿਆਰੀ ਤਰੀਕੇ ਨਾਲ ਤਿਆਰ ਕੀਤੀਆਂ ਸੜਕਾਂ ਇਲਾਕੇ ਦੀ ਸੁੰਦਰਤਾ ਨੂੰ ਚਾਰ ਚੰਦ ਲਗਾ ਰਹੀਆਂ ਹਨ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਹ ਉਹੀ ਸੜਕਾਂ ਹਨ ਜੋ ਪਿਛਲੇ ਕਈ ਸਾਲਾਂ ਤੋਂ ਖਸਤਾਹਾਲ ਹੋਣ ਕਾਰਨ ਲੋਕਾਂ ਲਈ ਵੱਡੀ ਸਮੱਸਿਆ ਬਣੀਆਂ ਹੋਈਆਂ ਸਨ। ਇਨ੍ਹਾਂ ਦੀ ਨਾ ਤਾਂ ਢੰਗ ਨਾਲ ਮੁਰੰਮਤ ਹੋ ਸਕੀ ਸੀ ਅਤੇ ਨਾ ਹੀ ਨਵੀਆਂ ਸੜਕਾਂ ਬਣਾਉਣ ਵੱਲ ਕੋਈ ਵੱਡਾ ਕਦਮ ਚੁੱਕਿਆ ਗਿਆ ਸੀ। ਸਥਾਨਕ ਵਸਨੀਕਾਂ ਨੂੰ ਆਵਾਜਾਈ ਦੌਰਾਨ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਜਿਸ ਕਾਰਨ ਰੋਜ਼ਾਨਾ ਦੇ ਕੰਮ ਵੀ ਪ੍ਰਭਾਵਿਤ ਹੁੰਦੇ ਸਨ। ਹੁਣ ਜਦੋਂ ਇਹ ਸੜਕਾਂ ਮੁੜ ਨਵੇਂ ਰੂਪ ਵਿੱਚ ਤਿਆਰ ਹੋ ਕੇ ਲੋਕਾਂ ਦੇ ਸਾਹਮਣੇ ਆਈਆਂ ਹਨ, ਤਾਂ ਇਲਾਕੇ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦਿਖਾਈ ਦੇ ਰਹੀ ਹੈ। ਸਿਰਫ ਸਥਾਨਕ ਵਸਨੀਕ ਹੀ ਨਹੀਂ, ਸਗੋਂ ਇੱਥੋਂ ਲੰਘਣ ਵਾਲੇ ਯਾਤਰੀ ਵੀ ਇਨ੍ਹਾਂ ਸੁਧਰੀਆਂ ਸੜਕਾਂ ਨੂੰ ਦੇਖ ਕੇ ਪ੍ਰਭਾਵਿਤ ਹੋ ਰਹੇ ਹਨ। ਸੜਕਾਂ ਦੀ ਚੰਗੀ ਹਾਲਤ ਕਾਰਨ ਯਾਤਰਾ ਹੁਣ ਜ਼ਿਆਦਾ ਆਸਾਨ, ਸੁਰੱਖਿਅਤ ਅਤੇ ਸੁਖਦਾਇਕ ਬਣ ਗਈ ਹੈ।

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਅਕਸਰ ਕਹਿੰਦੇ ਹਨ ਕਿ ਹਲਕੇ ਵਿੱਚ ਲਗਭਗ 200 ਕਿਲੋਮੀਟਰ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ। ਇਹ ਸਿਰਫ ਇੱਕ ਬਿਆਨ ਨਹੀਂ ਰਹਿ ਗਿਆ, ਸਗੋਂ ਜ਼ਮੀਨੀ ਪੱਧਰ 'ਤੇ ਹੋ ਰਿਹਾ ਕੰਮ ਇਸ ਗੱਲ ਨੂੰ ਸਾਬਤ ਕਰ ਰਿਹਾ ਹੈ। ਵੱਖ-ਵੱਖ ਪਿੰਡਾਂ ਅਤੇ ਇਲਾਕਿਆਂ ਵਿੱਚ ਸੜਕਾਂ ਦੇ ਸੁਧਾਰ ਨਾਲ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਵਿੱਚ ਵੀ ਵਾਧਾ ਹੋ ਰਿਹਾ ਹੈ।

ਇਸ ਤਰ੍ਹਾਂ ਦੇ ਵਿਕਾਸੀ ਕਾਰਜ ਨਾ ਸਿਰਫ ਆਵਾਜਾਈ ਨੂੰ ਸੁਧਾਰਦੇ ਹਨ, ਸਗੋਂ ਪਿੰਡਾਂ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਨੂੰ ਵੀ ਮਜ਼ਬੂਤ ਕਰਦੇ ਹਨ। ਲੋਕਾਂ ਦੀ ਲੰਮੇ ਸਮੇਂ ਤੋਂ ਚੱਲ ਰਹੀ ਮੰਗ ਨੂੰ ਪੂਰਾ ਕਰਦੇ ਹੋਏ ਇਹ ਸੜਕਾਂ ਹੁਣ ਇਲਾਕੇ ਲਈ ਇੱਕ ਨਵੀਂ ਪਹਿਚਾਣ ਬਣ ਰਹੀਆਂ ਹਨ। ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰਾਜੈਕਟ ਜਾਰੀ ਰਹਿਣਗੇ , ਜਿਸ ਨਾਲ ਹਲਕੇ ਦੀ ਤਸਵੀਰ ਹੋਰ ਵੀ ਨਿਖਰੇਗੀ।

# ਪਬਲਿਕ ਕੈਂਪ ਦੇ ਜ਼ਰੀਏ ਚੰਡੀਗੜ੍ਹ ਹਾਊਸਿੰਗ ਬੋਰਡ ਜਾਇਦਾਦਾਂ ਦੇ ਬਕਾਇਆ ਬਕਾਏ ਦੀ ਤਸਦੀਕ ਅਤੇ ਸਮਾਧਾਨ

ਚੰਡੀਗੜ੍ਹ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਚੰਡੀਗੜ੍ਹ ਹਾਊਸਿੰਗ ਬੋਰਡ (ਸੀਐੱਚਬੀ/382) ਨੇ ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੀਆਂ ਲੀਜ਼ਹੋਲਡ, ਲਾਇਸੈਂਸ, ਹਾਇਰ ਪਰਚੇਜ਼, ਰੈਂਟਲ ਅਤੇ ਟੇਨੈਂਸੀ ਸਕੀਮਾਂ (ਫ੍ਰੀਹੋਲਡ ਜਾਇਦਾਦਾਂ ਨੂੰ ਛੱਡ ਕੇ) ਦੇ ਤਹਿਤ ਅਲਾਟ ਜਾਂ ਟ੍ਰਾਂਸਫਰ ਕੀਤੀਆਂ ਰਿਹਾਇਸ਼ੀ ਅਤੇ ਕਮਰਸ਼ੀਅਲ ਸੰਪਤੀਆਂ ਦੇ ਸਾਰੇ ਅਲਾਟੀਆਂ/ਟ੍ਰਾਂਸਫਰੀਆਂ ਨੂੰ ਸੂਚਿਤ ਕੀਤਾ ਹੈ ਕਿ ਉਹ ਆਪਣੀਆਂ ਸੰਪਤੀਆਂ ਨਾਲ ਸਬੰਧਿਤ ਬਕਾਇਆ ਬਕਾਏ ਦੀ ਔਨਲਾਇਨ ਤਸਦੀਕ ਨਿਮਨਲਿਖਤ ਲਿੰਕ 'ਤੇ ਜਾ ਕੇ ਕਰ ਸਕਦੇ ਹਨ :

ਸਾਰੇ ਸਬੰਧਿਤ ਵਿਅਕਤੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੀਆਂ ਜਾਇਦਾਦਾਂ ਦੇ ਖਾਤਾ ਵਿਵਰਣ (ਅਕਾਊਂਟ ਸਟੇਟਮੈਂਟ) ਦੀ ਜਾਂਚ ਕਰਨ ਅਤੇ ਉਸ ਵਿੱਚ ਦਰਸਾਏ ਬਕਾਏ ਦੀ ਤਸਦੀਕ ਕਰਨ।

ਜੇਕਰ ਪੋਰਟਲ 'ਤੇ ਦਿਖਾਈ ਗਈ ਖਾਤਾ ਸਟੇਟਮੈਂਟ ਜਾਂ ਬਕਾਇਆ ਰਕਮ ਵਿੱਚ ਕਿਸੇ ਪ੍ਰਕਾਰ ਦੀ ਤਰੁਟੀ ਜਾਂ ਵਿਸੰਗਤੀ ਪਾਈ ਜਾਂਦੀ ਹੈ, ਤਾਂ ਸਬੰਧਿਤ ਅਲਾਟੀ/ਟ੍ਰਾਂਸਫਰ ਕਰਨ ਵਾਲਾ ਮੂਲ ਭੁਗਤਾਨ ਰਸੀਦਾਂ ਅਤੇ ਹੋਰ ਸਬੰਧਿਤ ਦਸਤਾਵੇਜ਼ਾਂ ਸਹਿਤ ਚੰਡੀਗੜ੍ਹ ਹਾਊਸਿੰਗ ਬੋਰਡ ਦੇ ਦਫ਼ਤਰ ਜਾ ਕੇ
ਆਪਣੇ ਖਾਤਿਆਂ ਦਾ ਮਿਲਾਨ (ਰਿਕਾਂਸਿਲਿਏਸ਼ਨ) ਕਰਵਾ ਸਕਦੇ ਹਨ।

ਖਾਤਿਆਂ ਦੇ ਮਿਲਾਨ ਹਿਤ ਨਿਰਧਾਰਿਤ ਸ਼ਡਿਊਲ ਅਨੁਸਾਰ ਇੱਕ ਪਬਲਿਕ ਕੈਂਪ ਆਯੋਜਿਤ ਕੀਤਾ ਜਾਵੇਗਾ।

ਸਾਰੇ ਅਲਾਟੀਆਂ/ਟ੍ਰਾਂਸਫਰ ਕਰਨ ਵਾਲਿਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਸ ਅਵਸਰ ਦਾ ਲਾਭ ਉਠਾਉਂਦੇ ਹੋਏ ਨਿਰਧਾਰਿਤ ਸਮੇਂ ਦੇ ਅੰਦਰ ਆਪਣੇ ਖਾਤਿਆਂ ਵਿੱਚ ਪਾਈ ਜਾਣ ਵਾਲੀ ਕਿਸੇ ਵੀ ਵਿਸੰਗਤੀ ਨੂੰ ਦੂਰ ਕਰਵਾ ਲੈਣ।

ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਨਿਰਧਾਰਿਤ ਸਮੇਂ ਦੀ ਸਮਾਪਤੀ ਤੋਂ ਬਾਅਦ ਚੰਡੀਗੜ੍ਹ ਹਾਊਸਿੰਗ ਬੋਰਡ ਆਪਣੇ ਅਧਿਕਾਰਿਤ ਰਿਕਾਰਡਾਂ ਅਨੁਸਾਰ ਬਕਾਇਆ ਬਕਾਏ ਨੂੰ ਅੰਤਿਮ ਰੂਪ ਦੇਵੇਗਾ ਅਤੇ ਅਜਿਹੇ ਬਕਾਏ ਦੀ ਵਸੂਲੀ ਲਈ ਡਿਮਾਂਡ ਨੋਟਿਸ ਜਾਰੀ ਕੀਤੇ ਜਾਣਗੇ।ਇਹ ਪ੍ਰੈੱਸ ਨੋਟ ਸਾਰੇ ਸਬੰਧਿਤ ਵਿਅਕਤੀਆਂ ਦੀ ਜਾਣਕਾਰੀ ਅਤੇ ਜ਼ਰੂਰੀ ਕਾਰਵਾਈ ਹਿਤ ਜਾਰੀ ਕੀਤਾ ਜਾਂਦਾ ਹੈ।

# ਸੈਕਟਰ 29 ਸਥਿਤ ਸਾਈਂ ਬਾਬਾ ਮੰਦਿਰ ਨੇੜੇ ਇੰਟੈਗ੍ਰੇਟਡ ਹੈਲਥ ਸਕ੍ਰੀਨਿੰਗ ਕੈਂਪ ਦਾ ਆਯੋਜਨ

ਚੰਡੀਗੜ੍ਹ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਸਿਹਤ ਵਿਭਾਗ, ਯੂ.ਟੀ. ਚੰਡੀਗੜ੍ਹ ਨੇ ਸੈਕਟਰ 29 ਸਥਿਤ ਸਾਈਂ ਬਾਬਾ ਮੰਦਿਰ ਨੇੜੇ ਇੰਟੈਗ੍ਰੇਟਡ ਹੈਲਥ ਸਕ੍ਰੀਨਿੰਗ ਕੈਂਪ ਦਾ ਆਯੋਜਨ ਕੀਤਾ। ਇਸ ਕੈਂਪ ਦਾ ਉਦੇਸ਼ ਇੱਕ ਹੀ ਸਥਾਨ 'ਤੇ ਵਿਭਿੰਨ ਸਿਹਤ ਸੇਵਾਵਾਂ ਉਪਲਬਧ ਕਰਵਾ ਕੇ ਲੋਕਾਂ ਨੂੰ ਸਮੇਂ 'ਤੇ ਜਾਂਚ, ਜਲਦੀ ਪਹਿਚਾਣ ਅਤੇ ਇਲਾਜ ਦੀ ਸੁਵਿਧਾ ਪ੍ਰਦਾਨ ਕਰਨਾ ਸੀ।

ਕੈਂਪ ਵਿੱਚ ਤਪਦਿਕ ਰੋਗ (ਟੀਬੀ/"2), ਐੱਚਆਈਵੀ, ਹੈਪੇਟਾਇਟਿਸ ਬੀ, ਹੈਪੇਟਾਇਟਿਸ ਸੀ, ਸ਼ੂਗਰ ਅਤੇ ਹਾਇਪਰਟੈਨਸ਼ਨ ਦੀ ਮੁਫ਼ਤ ਸਕ੍ਰੀਨਿੰਗ ਦੀ ਸੁਵਿਧਾ ਉਪਲਬਧ ਕਰਵਾਈ ਗਈ। ਪ੍ਰੋਗਰਾਮ ਸਥਲ 'ਤੇ ਐੱਨਟੀਈਪੀ) ਮੋਬਾਈਲ ਡਾਇਗਨੌਸਟਿਕ ਵੈਨ ਤੈਨਾਤ ਕੀਤੀ ਗਈ, ਜਿਸ ਵਿੱਚ ਛਾਤੀ ਦੇ ਐਕਸ-ਰੇ ਅਤੇ ਸੀਬੀਐੱਨਏਏਟੀ ਟੈਸਟਿੰਗ ਕੀਤੀ ਗਈ।

ਇਸ ਤੋਂ ਇਲਾਵਾ ਮੋਬਾਈਲ ਆਈਸੀਟੀਸੀ (93"3) ਸੇਵਾਵਾਂ ਦੇ ਜ਼ਰੀਏ ਐੱਚਆਈਵੀ (89੭), ਆਰਪੀਆਰ , ਐੱਚਬੀਐੱਸਏਜੀ ਅਤੇ ਐੱਚਸੀਵੀ (83੭) ਸਕ੍ਰੀਨਿੰਗ ਵੀ ਕੀਤੀ ਗਈ।ਗੈਰ-ਸੰਚਾਰੀ ਰੋਗ (ਐੱਨਸੀਡੀ/©34) ਪ੍ਰੋਗਰਾਮ ਦੇ ਤਹਿਤ 60 ਵਿਅਕਤੀਆਂ ਦੀ ਸਿਹਤ ਜਾਂਚ ਕੀਤੀ ਗਈ। ਸਕ੍ਰੀਨਿੰਗ ਦੇ ਦੌਰਾਨ ਚਾਰ ਵਿਅਕਤੀ ਹਾਇਪਰਟੈਨਸ਼ਨ ਤੋਂ, ਚਾਰ ਵਿਅਕਤੀ ਸ਼ੂਗਰ ਤੋਂ ਅਤੇ ਇੱਕ ਵਿਅਕਤੀ ਹਾਇਪਰਟੈਨਸ਼ਨ ਅਤੇ ਸ਼ੂਗਰ ਦੋਹਾਂ ਤੋਂ ਪ੍ਰਭਾਵਿਤ ਪਾਇਆ ਗਿਆ।

# ਵਿਧਾਇਕ ਦੇਵ ਮਾਨ ਨੇ ਪਿੰਡ ਅਕਾਲਗੜ੍ਹ ਵਿਖੇ ਕੀਤੀ ਲੋਕ ਮਿਲਣੀ, ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



ਨਾਭਾ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਹਲਕਾ ਨਾਭਾ ਦੇ ਪਿੰਡ ਅਕਾਲਗੜ੍ਹ ਵਿਖੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਲੋਕ ਮਿਲਣੀ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਹਾਜ਼ਰ ਸਨ , ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਸੂਬੇ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕੀਤੇ ਜਾ ਰਹੇ ਹਨ ਅਤੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਵਰਗ ਦੇ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ , ਉਨ੍ਹਾਂ ਪਿੰਡ ਵਾਸੀਆਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਅਕਾਲਗੜ੍ਹ ਨੂੰ ਹੁਣ ਤੱਕ ਵਿਕਾਸ ਕਾਰਜਾਂ ਲਈ ਵੱਖ-ਵੱਖ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ ,ਪਿੰਡ ਅਕਾਲਗੜ੍ਹ ਨੂੰ ਮਿਲੀਆਂ ਗ੍ਰਾਂਟਾਂ ਦਾ ਵੇਰਵਾ:ਗਲੀਆਂ ਲਈ - 6 ਲੱਖ ਰੁਪਏ (ਐਮ.ਐਲ.ਏ. ਨਾਭਾ ਦੇ ਅਖਤਿਆਰੀ ਕੋਟੇ ਵਿੱਚੋਂ ਰੰਗਲਾ ਪੰਜਾਬ ਸਕੀਮ ਅਧੀਨ)ਕੱਚੇ ਰਸਤੇ ਪੱਕੇ ਕਰਨ ਲਈ - 5 ਲੱਖ ਰੁਪਏ ,ਪਾਣੀ ਦੇ ਟੈਂਕਰ ਲਈ - 3 ਲੱਖ 56 ਹਜ਼ਾਰ ਰੁਪਏ ,ਐਸ.ਸੀ. ਧਰਮਸ਼ਾਲਾ ਲਈ - 3 ਲੱਖ ਰੁਪਏਵਿਧਾਇਕ ਦੇਵ ਮਾਨ ਨੇ ਕਿਹਾ ਕਿ ਹਲਕਾ ਨਾਭਾ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਵੀਆਂ ਸੜਕਾਂ ਦੀ ਉਸਾਰੀ ਅਤੇ ਹੋਰ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇਗਾ , ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਾਵਾਂ-ਭੈਣਾਂ ਅਤੇ ਲੋੜਵੰਦ ਪਰਿਵਾਰਾਂ ਲਈ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਤਹਿਤ ਯੋਗ ਲਾਭਪਾਤਰੀਆਂ ਦੇ ਫਾਰਮ ਬਿਨਾਂ ਕਿਸੇ ਭੇਦਭਾਵ ਦੇ ਭਰੇ ਜਾ ਰਹੇ ਹਨ, ਤਾਂ ਜੋ ਹਰ ਜ਼ਰੂਰਤਮੰਦ ਪਰਿਵਾਰ ਤੱਕ ਸਰਕਾਰੀ ਸਹੂਲਤਾਂ ਪਹੁੰਚ ਸਕਣ।

ਇਸ ਦੌਰਾਨ ਵਿਧਾਇਕ ਦੇਵ ਮਾਨ ਨੇ ਲੋਕਾਂ ਦੀਆਂ ਮੁਸ਼ਕਲਾਂ ਧਿਆਨ ਨਾਲ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਤੇਜਿੰਦਰ ਸਿੰਘ ਖਹਿਰਾ ਧਰਮਿੰਦਰ ਸਿੰਘ ਸੁੱਖੇਵਾਲ , ਭੁਪਿੰਦਰ ਸਿੰਘ ਕਲਰ ਮਾਜਰੀ ਵਾਈਸ ਚੇਅਰਮੈਨ , ਗੁਰਦੀਪ ਸਿੰਘ ਟਿਵਾਣਾ ਚੇਅਰਮੈਨ , ਨਿਰਭੈ ਸਿੰਘ ਘੁੰਡਰ , ਮਨਦੀਪ ਸਿੰਘ ਡਕੌਂਦਾ , ਅਵਤਾਰ ਸਿੰਘ ਬਲਜਿੰਦਰ ਸਿੰਘ ਬਲਵਿੰਦਰ ਸਿੰਘ ਬੱਬੂ ਜਸਵੰਤ ਸਿੰਘ ਮਨਪ੍ਰੀਤ ਕੌਰ ਨਰਿੰਦਰ ਕੌਰ , ਜਸਵੀਰ ਸਿੰਘ ਵਜੀਦਪੁਰ ਸੁਖਦੀਪ ਸਿੰਘ ਖਹਿਰਾ , ਸਿਮਰਨ ਅੜਕ ਚੌਹਾਨ ਹਾਜ਼ਰ ਸਨ।

# 7,000 ਕਿਲੋਮੀਟਰ ਨਵੀਆਂ ਪਾਈਪਲਾਈਨਾਂ ਦਾ ਕੰਮ ਇਸੇ ਸਾਲ ਦੇ ਅੰਤ ਤੱਕ ਪੂਰਾ ਕਰ ਲਿਆ ਜਾਵੇਗਾ: ਭਗਵੰਤ ਸਿੰਘ ਮਾਨ




ਮੋਗਾ, 2 ਜੁਲਾਈ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਐਲਾਨ ਕੀਤਾ ਕਿ ਪੰਜਾਬ ਦੇ ਹਰ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਉਨ੍ਹਾਂ ਦੀ ਸਰਕਾਰ ਇਸ ਸਾਲ ਦੇ ਅੰਤ ਤੱਕ 7,000 ਕਿਲੋਮੀਟਰ ਹੋਰ ਪਾਈਪਲਾਈਨਾਂ ਵਿਛਾਏਗੀ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ 14,000 ਕਿਲੋਮੀਟਰ ਪਾਈਪਲਾਈਨਾਂ ਪਹਿਲਾਂ ਹੀ ਵਿਛਾਈਆਂ ਜਾ ਚੁੱਕੀਆਂ ਹਨ ਜੋ ਕੈਨੇਡਾ ਤੋਂ ਮੋਗਾ ਤੱਕ ਦੀ ਦੂਰੀ ਦੇ ਬਰਾਬਰ ਹਨ। ਉਨ੍ਹਾਂ ਕਿਹਾ ਕਿ ਸਰਕਾਰ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਵਾਟਰ ਰੀਚਾਰਜ ਪੁਆਇੰਟ ਵੀ ਬਣਾ ਰਹੀ ਹੈ।

ਮੋਗਾ ਦੇ ਭੱਲੂਰ ਵਿਖੇ ਇੱਕ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਲਗਭਗ 80 ਫੀਸਦ ਖੇਤੀਬਾੜੀ ਯੋਗ ਜ਼ਮੀਨ ਤੱਕ ਨਹਿਰੀ ਪਾਣੀ ਪਹੁੰਚਾਉਣਾ ਯਕੀਨੀ ਬਣਾਇਆ ਹੈ, ਜਦਕਿ ਪਿਛਲੀਆਂ ਸਰਕਾਰਾਂ ਨੇ ਕਿਸਾਨਾਂ ਨੂੰ ਅਣਗੌਲਿਆ ਕੀਤਾ ਸੀ। ਮੁੱਖ ਮੰਤਰੀ ਨੇ ਇਹ ਵੀ ਦਾਅਵਾ ਕੀਤਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਵੱਲੋਂ ਨਕਾਰੀਆਂ ਗਈਆਂ ਪਾਰਟੀਆਂ ਮੇਰੇ ਖ਼ਿਲਾਫ਼ ਇਸ ਲਈ ਇੱਕਜੁੱਟ ਹੋ ਗਈਆਂ ਹਨ ਕਿਉਂਕਿ ਉਹ ਉਨ੍ਹਾਂ ਦੀ ਸਰਕਾਰ ਦੇ ਕੰਮਾਂ ਦਾ ਮੁਕਾਬਲਾ ਨਹੀਂ ਕਰ ਸਕਦੀਆਂ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਰਾਜ ਦੌਰਾਨ ਸੂਬੇ ਨੂੰ ਲੁੱਟਣ ਵਾਲਿਆਂ ਨੂੰ ਕਦੇ ਵੀ ਮੁੜ ਸੱਤਾ ਵਿੱਚ ਨਹੀਂ ਆਉਣ ਦੇਣਗੇ।

ਲੋਕ ਮਿਲਣੀ ਦੌਰਾਨ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਪੰਜਾਬ ਸਰਕਾਰ ਨੇ ਸੂਬੇ ਦੇ ਕੋਨੇ-ਕੋਨੇ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੂਬੇ ਭਰ ਵਿੱਚ 14,000 ਕਿਲੋਮੀਟਰ ਪਾਈਪਾਂ ਵਿਛਾਈਆਂ ਅਤੇ ਖਾਲੇ ਬਣਾਏ ਹਨ। ਹੁਣ ਤੱਕ ਇਨ੍ਹਾਂ ਪਾਈਪਲਾਈਨਾਂ ਅਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਛੱਡਿਆ ਜਾ ਚੁੱਕਾ ਹੈ ਤਾਂ ਜੋ ਕਿਸਾਨਾਂ ਦੀ ਸਿੰਚਾਈ ਦੀਆਂ ਲੋੜਾਂ ਨੂੰ ਪੂਰਾ ਕਰਕੇ ਉਨ੍ਹਾਂ ਨੂੰ ਵੱਡਾ ਲਾਭ ਪਹੁੰਚਾਇਆ ਜਾ ਸਕੇ। ਨਹਿਰਾਂ ਅਤੇ ਨਦੀਆਂ ਵਿੱਚ ਰੀਚਾਰਜ ਪੁਆਇੰਟ ਰੱਖੇ ਗਏ ਹਨ ਤਾਂ ਜੋ ਪਾਣੀ ਦਾ ਪੱਧਰ ਉੱਚਾ ਚੁੱਕਿਆ ਜਾ ਸਕੇ ਅਤੇ ਇਸ ਨਾਲ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਹੈ।

ਸਿੰਚਾਈ ਅਤੇ ਬੇਅਦਬੀ ਦੇ ਮੁੱਦੇ 'ਤੇ ਅਕਾਲੀਆਂ 'ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਅਕਾਲੀਆਂ, ਖਾਸ ਕਰਕੇ ਬਾਦਲਾਂ ਨੂੰ ਕਦੇ ਇਹ ਪਤਾ ਹੀ ਨਹੀਂ ਸੀ ਕਿ ਇੱਕ ਆਮ ਕਿਸਾਨ ਲਈ ਨਹਿਰੀ ਪਾਣੀ ਦੇ ਕੀ ਮਾਅਨੇ ਹਨ, ਕਿਉਂਕਿ ਖਾਲ ਸਿਰਫ਼ ਉਨ੍ਹਾਂ ਦੇ ਆਪਣੇ ਖੇਤਾਂ ਵਿੱਚ ਹੀ ਖ਼ਤਮ ਹੁੰਦੇ ਸਨ। ਜਦੋਂ ਉਹ ਸੱਤਾ ਵਿੱਚ ਸਨ ਤਾਂ ਉਹ ਅਜਿਹਾ ਕਾਨੂੰਨ ਬਣਾਉਣ ਲਈ ਕਦੇ ਵੀ ਗੰਭੀਰ ਨਹੀਂ ਸਨ। ਸੱਚਾਈ ਇਹ ਹੈ ਕਿ ਉਨ੍ਹਾਂ ਦੀ ਨੀਅਤ ਵਿੱਚ ਖੋਟ ਸੀ। ਅਕਾਲੀਆਂ ਨੇ ਆਪਣੇ ਸਿਆਸੀ ਹਿੱਤਾਂ ਲਈ ਬੇਅਦਬੀ ਦੀਆਂ ਘਟਨਾਵਾਂ ਹੋਣ ਦਿੱਤੀਆਂ। ਅਕਾਲੀ ਦਲ ਹੁਣ ਸਿਰਫ਼ 'ਨਨਾਣ-ਭਰਜਾਈ' ਦੀ ਪਾਰਟੀ ਬਣ ਕੇ ਰਹਿ ਗਿਆ ਹੈ, ਕਿਉਂਕਿ ਨਨਾਣ ਐਮ.ਪੀ. ਹੈ ਅਤੇ ਭਰਜਾਈ ਪੰਜਾਬ ਵਿਧਾਨ ਸਭਾ ਵਿੱਚ ਐਮ.ਐਲ.ਏ. ਹੈ।ਸੁਖਬੀਰ ਬਾਦਲ ਤੇ ਤਨਜ਼ ਕਸਦਿਆਂ ਉਨ੍ਹਾਂ ਕਿਹਾ, ਸੁਖਬੀਰ ਬਾਦਲ ਸਾਲ 2022 ਦੀ ਹਾਰ ਕਾਰਨ ਅਜੇ ਵੀ ਸਦਮੇ ਵਿੱਚ ਹਨ ।

# ਕਹਾਣੀ

## ਹਾਲਾਤ ਨਾਲ ਸਮਝੌਤਾ

-ਹਰਚੰਦ ਸਿੰਘ ਦਿਲਬਰ

ਕਈ ਵਾਰ ਨਾ ਚਾਹੁੰਦੇ ਹੋਏ ਵੀ ਮਨੁੱਖ ਨੂੰ ਹਾਲਾਤ ਨਾਲ ਸਮਝੌਤਾ ਕਰਨਾ ਪੈਂਦਾ ਹੈ। ਚਾਨਣ ਦੇ ਘਰ ਵਿਚ ਦੋ ਚੰਨ ਵਰਗੇ ਪੁੱਤਰ ਜਿਉਂ-ਜਿਉਂ ਜਵਾਨ ਹੋ ਰਹੇ ਸਨ ਤਿਉਂ-ਤਿਉਂ ਬਾਪੂ ਚਾਨਣ ਨੂੰ ਮਾਣ ਅਤੇ ਸਹਾਰਾ ਮਿਲ ਰਿਹਾ ਸੀ ਕਿ ਬੁਢਾਪੇ ਵਿਚ ਇਹ ਸਪੁੱਤਰ ਉਸਦੇ ਬਿਖਰੇ ਰਾਹਾਂ ਦੀ ਡੰਗੋਰੀ ਬਣਨਗੇ। ਸਰਕਾਰੀ ਨੌਕਰੀ ਵਿਚ ਚੰਗੇ ਮਰਤਬੇ ਵਾਲਾ ਚਾਨਣ ਆਪਣੇ ਪਰਿਵਾਰ ਨੂੰ ਹਰ ਸੁੱਖ ਮੁਹੱਈਆ ਕਰਦਾ ਆ ਰਿਹਾ ਸੀ ਜਿਵੇਂ ਕਹਿੰਦੇ ਨੇ ਕਿ ਚਿੜੀਆਂ ਦੇ ਦੁੱਧ ਵੀ ਜੇਕਰ ਇਸਦੇ ਇਹ ਸਪੁੱਤਰ ਮੰਗਦੇ ਤਾਂ ਚਾਨਣ ਕਦੀ ਢਿੱਲ ਨਹੀਂ ਸੀ ਕਰਦਾ, ਨਾ ਹੀ ਨਾਂਹ ਕਹਿ ਕੇ ਆਪਣੇ ਹੋਣਹਾਰ ਸਾਹਿਬਜ਼ਾਦਿਆਂ ਦਾ ਦਿਲ ਤੋੜਦਾ ਸੀ। ਸਮਾਂ ਕਦੀ ਕਿਸੇ ਦਾ ਇੰਤਜ਼ਾਰ ਨਹੀਂ ਕਰਦਾ, ਇਸ ਲਈ ਉਹ ਦਿਨ ਆਣ ਪਹੁੰਚਿਆ ਜਦੋਂ ਚਾਨਣ ਆਪਣੇ ਮਹਿਕਮੇ ਵਿਚੋਂ 40 ਵਰ੍ਹੇ ਦੀ ਇੱਜ਼ਤ ਭਰਪੂਰ ਨੌਕਰੀ ਕਰਕੇ ਅਗਸਤ 1990 ਵਿਚ ਸੇਵਾ ਮੁਕਤ ਹੋ ਗਿਆ। 10,000/- ਰੁਪਏ ਮਹੀਨੇ ਤੋਂ ਵੱਧ ਮਾਸਿਕ ਤਨਖਾਹ ਲੈਣ ਵਾਲਾ ਚਾਨਣ ਅੱਜ ਆਪਣੇ ਆਪ ਨੂੰ ਬੇਰੁਜ਼ਗਾਰ ਸਮਝਣ ਲੱਗਾ ਪਰ ਉਸਨੂੰ ਆਪਣੇ "ਪੁੱਤਰ ਬੈਂਕ" ਤੇ ਬੜਾ ਵੱਡਾ ਮਾਣ ਸੀ ਕਿਉਂਕਿ ਆਪਣੇ ਲਾਡਲਿਆਂ ਪਾਸੋਂ ਉਹ ਬਹੁਤ ਵੱਡੀਆਂ ਉਮੀਦਾਂ ਰੱਖਦਾ ਸੀ ਅਤੇ ਉਹ ਵੀ ਉਸਦੇ ਉਜਲੇ ਭਵਿੱਖ ਦੀਆਂ ਚਮਕਦੀਆਂ ਕਿਰਨਾਂ ਸਨ। ਬਾਪੂ ਦੇ ਸੇਵਾ ਮੁਕਤ ਹੋਣ ਨਾਲ ਪੁੱਤਰਾਂ ਦੇ ਸੁਭਾਅ ਵਿਚ ਪਿਉ ਪ੍ਰਤੀ ਤਲਖ਼ੀ ਆ ਗਈ। ਸਤਿਕਾਰ ਨਫ਼ਰਤ ਵਿਚ ਬਦਲਣ ਲੱਗਾ ਅਤੇ ਪਿਉ ਦੀਆਂ ਆਸਾਂ ਸ਼ੀਸ਼ੇ 'ਤੇ ਪਏ ਤੇਲ ਵਾਂਗ ਧੁੰਦਲੀਆਂ ਹੋਣ ਲੱਗੀਆਂ ਜਿਸ ਪਿਉ ਨੇ ਪੁੱਤਰਾਂ ਦੇ ਇਕ ਇਕ ਹੰਝੂ ਲਈ ਸਾਰਾ ਖ਼ੂਨ-ਪਸੀਨਾ ਡੋਲਿਆ ਸੀ ਉਹ ਉਨ੍ਹਾਂ ਹੀ ਪੁੱਤਰਾਂ ਦੀਆਂ ਅੱਖਾਂ ਵਿਚੋਂ ਕਿਰਦੇ ਲੋਹੇ ਦੇ ਅੰਗਾਰ ਜਿਗਰ 'ਤੇ ਪੱਥਰ ਰੱਖ ਕੇ ਪੀਣ ਲੱਗ ਪਿਆ। ਪੈਨਸ਼ਨ ਦੇ ਪੈਸੇ ਚਾਨਣ ਅਤੇ ਉਸਦੀ ਘਰਵਾਲੀ ਘਰ ਵਿਚ ਲਾ ਦਿੰਦੇ ਅਤੇ ਜੋ ਕੁਝ ਚਾਲੀ ਸਾਲਾਂ ਦੀ ਬਚਤ ਦਾ ਬਚਿਆ ਸੀ ਉਹ ਇਹ ਬਜ਼ੁਰਗ ਹੌਲੀ-ਹੌਲੀ ਮੁਕਾਉਣ ਲੱਗ ਪਏ ਕਿਉਂਕਿ ਸ਼ਰੀਕੇ ਕਬੀਲੇ, ਦੋਸਤਾਂ, ਮਿੱਤਰਾਂ ਦੇ ਵਿਆਹਾਂ 'ਤੇ ਸ਼ਗਨ, ਰਸਮੋ ਰਿਵਾਜ਼ਾਂ 'ਤੇ ਖਰਚ ਆਪਣੇ ਅਤੇ ਆਪਣੀ ਘਰਵਾਲੀ ਲਈ ਲੋੜੀਂਦੀਆਂ ਸਹੂਲਤਾਂ ਤੇ ਜੋ ਪੈਸੇ ਲੱਗ ਰਹੇ ਸਨ ਉਹ ਚਾਨਣ ਦੀ ਜੋੜੀ ਹੋਈ ਪੂੰਜੀ ਦੇ ਹੀ ਲਾਏ ਜਾ ਰਹੇ ਸਨ ਜਿਸ ਨਾਲ ਉਸਦਾ ਨਿੱਜੀ ਬੈਂਕ, ਬਕਾਇਆ ਘੱਟਦਾ ਹੀ ਘੱਟਦਾ ਜਾ ਰਿਹਾ ਸੀ। ਇਥੋਂ ਤੱਕ ਕਿ ਪ੍ਰਾਈਵੇਟ ਟੈਲੀਫੋਨ ਦਾ ਬਿੱਲ ਵੀ ਚਾਨਣ ਨਿੱਜੀ ਪੈਸਿਆਂ 'ਚੋਂ ਹੀ ਅਦਾ ਕਰਦਾ ਸੀ। ਪੁੱਤਰਾਂ ਦੇ ਇਸ ਕੋਝੇ ਰਵੱਈਏ ਨੂੰ ਜਿਥੇ ਚਾਨਣ ਨੂੰ ਲਾਚਾਰ ਅਤੇ ਬੇਵਸ ਬਣਾ ਦਿੱਤਾ ਉਥੇ ਉਹ ਆਪਣੇ ਆਪ ਨੂੰ ਸਮਾਜ ਵਿਚ ਨਿਮੋਝੂਣਾ ਅਤੇ ਬੇ-ਸਹਾਰਾ ਮਨੁੱਖ ਸਮਝਣ ਲੱਗਾ। ਕਿਸੇ ਨੂੰ ਕੀ ਦੱਸੇ ਕਿ ਜਿਨ੍ਹਾਂ ਪੁੱਤਰਾਂ ਲਈ ਉਸ ਨੇ ਆਪਣੇ ਸਰਵਿਸ ਕਾਲ ਵਿਚ ਸੁੱਖਾਂ ਭਰਿਆ ਜੀਵਨ ਦੇਣ ਵਿਚ ਕੋਈ ਕਸਰ ਨਹੀਂ ਛੱਡੀ ਸੀ ਉਹੀ ਲਾਡਲੇ ਅੱਜ ਭਖੜੇ ਦੇ ਕੰਢਿਆਂ ਵਾਂਗ ਹਮੇਸ਼ਾਂ ਹੀ ਉਸਦੇ ਜੀਵਨ ਵਿਚ ਚੁੱਭਣ ਲੱਗ ਪਏ ਸਨ ਅਤੇ ਆਪ ਧੁੱਪ ਵਿਚ ਬੈਠ ਕੇ ਲਾਡਲਿਆਂ ਨੂੰ ਛਾਵਾਂ ਪ੍ਰਦਾਨ ਕਰਨ ਵਾਲਾ ਚਾਨਣ ਅੱਜ ਉਨ੍ਹਾਂ ਹੀ ਹਮਸਾਇਆ ਪਾਸੋਂ ਛਾਂ ਦੀ ਭੀਖ ਮੰਗਦਾ ਨਜ਼ਰ ਆਉਂਦਾ ਸੀ। ਨਵੀਂ ਜੁੱਤੀ ਲੈਣ ਦਾ ਚਾਅ ਲਾਂਭੇ ਕਰਕੇ ਚਾਨਣ ਨੇ ਪੁਰਾਣੀ ਗੁਰਗਾਬੀ ਨੂੰ ਮੁਰੰਮਤ ਕਰਾਉਣ ਲਈ ਵੱਡੇ ਪੁੱਤਰ ਨੂੰ ਬੇਨਤੀ ਕੀਤੀ ਪਰ ਖਰਵੇ ਉਤਰ ਨੇ ਉਸ ਟੁੱਟੀ ਹੋਈ ਜੁੱਤੀ ਵਾਂਗ ਉਸਦਾ ਦਿਲ ਤੋੜ ਕੇ ਰੱਖ ਦਿੱਤਾ। ਬਾਪੂ ਮੈਂ ਕੱਲ੍ਹ ਹੀ ਨਵੀਆਂ ਕੈਸਟਾਂ ਅਤੇ ਪਰਫਿਊਮ ਦੀ ਸ਼ੀਸ਼ੀ ਤੇ ਪੰਜ ਸੌ ਰੁਪਏ ਖਰਚ ਕਰਕੇ ਆਇਆ ਹਾਂ ਇਸ ਲਈ ਮੈਂ ਤੁਹਾਡੀ ਜੁੱਤੀ ਤੇ ਇਕ ਪੈਸਾ ਵੀ ਖਰਚ ਨਹੀਂ ਕਰ ਸਕਦਾ। ਬਦਕਿਸਮਤ ਚਾਨਣ ਨੇ ਇਕ ਵਾਰ ਆਪਣੇ ਛੋਟੇ ਪੁੱਤਰ ਦਾ ਸਤਿਕਾਰ ਵੀ ਪਰਖਣਾ ਚਾਹਿਆ ਕਿਤੇ ਉਸਦੇ ਮਨ ਵਿਚ ਭੁਲੇਖਾ ਹੀ ਨਾ ਰਹਿ ਜਾਵੇ ਕਿ ਉਹ ਉਸਦਾ ਛੋਟਾ ਲਾਡਲਾ ਬਾਪੂ ਦਾ ਆਗਿਆਕਾਰੀ ਅਤੇ ਸਵਰਨ ਪੁੱਤਰ ਸੀ। ਇਸ ਆਦੇਸ਼ ਨੂੰ ਸਾਹਮਣੇ ਰੱਖ ਕੇ ਅੱਜ ਚਾਨਣ ਨੇ ਛੋਟੇ ਸਾਹਿਬਜ਼ਾਦੇ ਨੂੰ ਠਰੰਮੇ ਨਾਲ ਪਾਸ ਬੁਲਾਇਆ ਅਤੇ ਕਿਹਾ ਕਿ ਕਾਕਾ ਮੇਰਾ ਜੀਅ ਕਰਦੈ ਕਿ ਅੰਮ੍ਰਿਤਸਰ ਇਸ਼ਨਾਨ ਕਰਕੇ ਆਵਾਂ ਅਤੇ ਨਾਲ ਤੇਰੀ ਮਾਂ ਨੂੰ ਵੀ ਲੈ ਕੇ ਜਾਵਾਂ। ਸੁੱਖ ਨਾਲ ਤੈਨੂੰ ਚੰਗੀ ਤਨਖਾਹ ਮਿਲਦੀ ਹੈ ਨਾਲੇ ਬਹੁਤਾ ਖਰਚ ਨਹੀਂ ਇਸ ਲਈ ਮੈਂ ਚਾਹੁੰਦਾ ਹਾਂ ਕਿ ਤੂੰ ਸਾਡੇ ਨਾਲ ਚਲੇਂ ਇਸ ਨਾਲ ਸਾਡਾ ਜੀਅ ਰਾਜ਼ੀ ਹੋ ਜਾਵੇਗਾ। "ਨਾਲੇ ਪੁੰਨ ਨਾਲੇ ਫਲੀਆਂ।" ਆਪਾਂ ਸਾਰੇ ਯਾਤਰਾ ਕਰ ਆਵਾਂਗੇ ਅਤੇ ਆਉਂਦੇ ਹੋਏ ਕੁਝ ਇਤਿਹਾਸਕ ਕਿਤਾਬਾਂ ਅਤੇ ਘਰ ਲਈ ਪਾਪੜ, ਬੜੀਆਂ ਵੀ ਖ੍ਰੀਦ ਲਿਆਵਾਂਗੇ। ਚਾਨਣ ਦਾ ਭਰਮ ਸ਼ੀਸ਼ੇ ਵਾਂਗ ਚਕਨਾਚੂਰ ਹੋ ਗਿਆ ਜਦੋਂ ਛੋਟੇ ਸਪੁੱਤਰ ਨੇ ਤਲਖ਼ੀ ਭਰੇ ਲਹਿਜੇ ਵਿਚ ਕਿਹਾ ਬਾਪੂ ਕੀ ਲੈਣਾ ਤੂੰ ਇਸ ਉਮਰ ਵਿਚ ਸਫ਼ਰ ਕਰਕੇ, ਘਰ ਨਹੀਂ ਬੈਠ ਹੁੰਦਾ ਨਾਲੇ ਮੈਂ ਕੱਲ੍ਹ ਚੰਡੀਗੜ੍ਹ ਫੈਸ਼ਨ ਸ਼ੋਅ ਦੇਖਣ ਜਾਣਾ ਹੈ। ਜਿਸਦਾ ਟਿਕਟ ਇਕ ਹਜ਼ਾਰ ਰੁਪਈਆ ਹੈ।

ਇਸ ਲਈ ਮੈਂ ਤੇਰੀ ਯਾਤਰਾ ਲਈ ਨਾ ਹੀ ਸਮਾਂ ਕੱਢ ਸਕਦਾ ਹਾਂ ਅਤੇ ਨਾ ਹੀ ਪੈਸੇ। ਪਿਆਰ ਦੀ ਇਮਾਰਤ ਵਿਚ ਤਰੇੜਾਂ ਆ ਗਈਆਂ। ਲਾਡ ਦੇ ਦੁੱਧ ਵਿਚ ਜ਼ਹਿਰ ਘੁਲ ਗਿਆ ਅਤੇ ਉਹ ਇੱਦਾਂ ਫੱਟ ਗਿਆ ਕਿ ਨਾ ਦੁੱਧ ਰਿਹਾ ਤੇ ਨਾ ਦਹੀਂ। ਬੱਚਿਆਂ ਦੀ ਹਰ ਮੰਗ ਪੂਰੀ ਕਰਨ ਵਾਲਾ ਵਿਚਾਰਾ ਚਾਨਣ ਅੱਜ ਕੱਖੋਂ ਹੌਲਾ ਹੋ ਗਿਆ। ਉਸਦੀ ਘਰਵਾਲੀ ਜੋ ਉਸ ਨਾਲੋਂ ਦੁਨੀਆਂ ਨੂੰ ਜ਼ਿਆਦਾ ਜਾਣਦੀ ਸੀ ਚਾਨਣ ਨੂੰ ਸਮਝਾਉਣ ਲੱਗੀ, "ਸਰਦਾਰ ਜੀ ਸੁੱਖ ਕਿਸਮਤ ਨਾਲ ਮਿਲਦੇ ਹਨ, ਸਾਰੇ ਸਰਵਨ ਪੁੱਤਰ ਨਹੀਂ ਜੰਮਦੇ। ਇਨ੍ਹਾਂ ਅੱਜ ਦੇ ਭੁਲੜ ਗੱਭਰੂਆਂ ਪਾਸੋਂ ਰਹਿਮ ਦੀ ਭੀਖ ਮੰਗਣੀ ਕੋਈ ਬਹੁਤੀ ਸਿਆਣਪ ਨਹੀਂ ਅਤੇ ਨਾ ਹੀ ਇਸਦੀ ਉਮੀਦ ਇਸ ਪੀੜ੍ਹੀ ਪਾਸੋਂ ਰੱਖਣੀ ਚਾਹੀਦੀ ਹੈ। ਜੇ ਯਾਤਰਾ ਹੀ ਕਰਨੀ ਹੈ ਮੇਰੇ ਪਾਸ ਸੋਨੇ ਦੀਆਂ ਚੂੜੀਆਂ ਹਨ ਵੇਚ ਕੇ ਬਾਬੇ ਦੇ ਦਰਸ਼ਨ ਕਰ ਆਉਂਦੇ ਹਾਂ। ਉਹ ਹਾਲੇ ਗੱਲਾਂ ਹੀ ਕਰ ਰਹੇ ਸਨ ਕਿ ਇਕ ਕਾਲਾ ਨਾਗ ਸੱਪ ਕਮਰੇ ਵਿਚੋਂ ਬਾਹਰ ਵੱਲ ਭੱਜਿਆ। ਚਾਨਣ ਅਤੇ ਉਸਦੀ ਘਰਾਵਲੀ ਤ੍ਰਬਕੇ ਅਤੇ ਸੋਟੀ ਲੈ ਕੇ ਚਾਨਣ ਉਸ ਵੱਲ ਵਧਿਆ ਪਰ ਅਚਨਚੇਤ ਕੀ ਵੇਖਦਾ ਹੈ ਕਿ ਇਕ ਸਪਨੀ ਅਤੇ ਉਸਦੇ ਪਿਛੇ ਦੋ ਛੋਟੇ ਸੱਪ ਦੇ ਬੱਚੇ ਭੱਜੇ ਜਾ ਰਹੇ ਸਨ। ਉਨ੍ਹਾਂ ਬੱਚਿਆਂ ਵਿਚੋਂ ਆਪਣੀ ਮਮਤਾ ਦੀ ਪਛੜਾਈ ਵੇਖਦਾ ਚਾਨਣ ਖਲੋ ਗਿਆ। ਕੱਪੜੇ ਨਾਲ ਉਹ ਸੱਪ ਦੇ ਬੱਚੇ ਫੜ ਕੇ ਉਸਨੂੰ ਇਕ ਕੁੰਜੇ ਵਿਚ ਪਾ ਲਏ ਅਤੇ ਦੋ ਵੇਲੇ ਉਨ੍ਹਾਂ ਨੂੰ ਦੁੱਧ ਪਿਲਾਉਣ ਲੱਗਾ। ਇਸ ਦੇ ਦੋਨਾਂ ਸਾਹਿਬਜ਼ਾਦਿਆਂ ਵਾਂਗ ਉਹ ਜਵਾਨ ਹੋਣ ਲੱਗੇ ਅਤੇ ਹੌਲੀ-ਹੌਲੀ ਵੱਡੇ ਸੱਪ ਬਣ ਖਲੋਤੇ। ਇਕ ਦਿਨ ਚਾਨਣ ਬਹੁਤ ਗਮਗੀਨ ਹੋ ਗਿਆ ਅਤੇ ਪੁੱਤਰਾਂ ਦੇ ਵਰਤਾਉ ਤੋਂ ਤੰਗ ਆ ਕੇ ਉਸਨੇ ਸੱਪਾਂ ਨੂੰ ਦੁੱਧ ਪਿਲਾਉਣ ਵੇਲੇ ਜੋ ਕਟੋਰਾ ਰੱਸੀ ਨਾਲ ਉਸ ਕੁੱਜੇ ਵਿਚ ਰੱਖਣਾ ਸੀ ਉਹ ਆਪਣੇ ਹੱਥ ਨਾਲ ਕੁਜੇ ਵਿਚ ਰੱਖਣ ਲੱਗਾ। ਤੇ ਦੋਵਾਂ ਸੱਪ ਦੇ ਬੱਚਿਆਂ ਨੇ ਜੋ ਹੁਣ ਪੂਰਨ ਸੱਪ ਬਣ ਚੁੱਕੇ ਸਨ ਉਸਦੇ ਹੱਥ 'ਤੇ ਡੰਗ ਮਾਰ ਦਿੱਤਾ।

ਵਿਚਾਰਾ ਚਾਨਣ ਜ਼ਮੀਨ 'ਤੇ ਤੜਫਣ ਲੱਗਾ। ਗੁਆਂਢੀ ਚੁੱਕ ਕੇ ਉਸ ਨੂੰ ਨੇੜੇ ਦੇ ਹਸਪਤਾਲ ਲੈ ਗਏ। ਇਲਾਜ ਕਾਰਗਰ ਹੋਇਆ ਅਤੇ ਚਾਨਣ ਬਚ ਗਿਆ। ਹਸਪਤਾਲ ਤੋਂ ਛੁੱਟੀ ਮਿਲ ਗਈ ਅਤੇ ਲੋਕੀਂ ਚਾਨਣ ਨੂੰ ਘਰ ਲੈ ਆਏ। ਘਰ ਆ ਕੇ ਸਭ ਤੋਂ ਪਹਿਲਾਂ ਚਾਨਣ ਨੇ ਦੁੱਧ ਦਾ ਕਟੋਰਾ ਭਰਿਆ ਅਤੇ ਮਟਕੇ ਨੂੰ ਰੱਸੀ ਬੰਨ੍ਹ ਕੇ ਉਨ੍ਹਾਂ ਸੱਪਾਂ ਦੇ ਬੱਚਿਆਂ ਦੇ ਕੁੱਜੇ ਵਿਚ ਲਮਕਾ ਦਿੱਤਾ ਅਤੇ ਬੜੇ ਠਰੰਮੇ ਨਾਲ ਦੁੱਧ ਪੀਂਦੇ ਸੱਪਾਂ ਦੇ ਬੱਚਿਆਂ ਵੱਲ ਬਿਟਰ ਬਿਟਰ ਤੱਕਦਾ ਰਿਹਾ ਅਤੇ ਉਨ੍ਹਾਂ ਵਿਚੋਂ ਆਪਣੇ ਲਾਡਲੇ ਪੁੱਤਰਾਂ ਦੀ ਤਸਵੀਰ ਵੇਖ ਕੇ ਉਸਨੇ ਹਾਲਾਤ ਨਾਲ ਸਮਝੌਤਾ ਕਰ ਲੈਣ ਦਾ ਮਨ ਬਣਾ ਲਿਆ।



# ਮੈਂ ਹਾਲੇ ਜੰਮਿਆ

ਸੁਣਨ ਵਿਚ ਕਿੰਨਾ ਅਜੀਬ ਲੱਗਦਾ ਹੈ ਕਿ ਲਿਖਣ ਵਾਲਾ ਕਹਿ ਰਿਹਾ ਹੋਵੇ, ਮੈਂ ਹਾਲੇ ਜੰਮਿਆ ਨਹੀਂ, ਪਰ ਹੈ ਬਿਲਕੁਲ ਸੱਚ, ਨਿਰੋਲ ਸੱਚ ਤੇ ਇਸ ਗੱਲ ਦਾ ਅਹਿਸਾਸ ਮੈਨੂੰ ਉਦੋਂ ਹੋਇਆ ਜਦੋਂ ਦੁਨੀਆਂ ਵਿਚ ਆਏ ਨੂੰ ਵੀ 22ਵਾਂ ਵਰ੍ਹਾ ਲੱਗ ਚੁੱਕਾ ਹੈ। ਇਹ ਤਾਂ ਭਲਾ ਹੋਵੇ ਸਰਕਾਰੀ ਮਹਿਕਮੇ ਵਾਲਿਆਂ ਦਾ ਨਹੀਂ ਤਾਂ ਮੈਂ ਸਾਰੀ ਉਮਰ ਹੀ ਗਲਤ ਫਹਿਮੀ ਵਿਚ ਕੱਟ ਦੇਣੀ ਸੀ। ਹੋਇਆ ਇਉਂ ਕਿ ਪਿੱਛੇ ਜਿਹੇ ਇਕ ਮਹਿਕਮੇ ਵਿਚ ਕਰਮਚਾਰੀਆਂ ਦੀ ਭਰਤੀ ਲਈ ਕੁਝ ਪੋਸਟਾਂ ਨਿਕਲੀਆਂ ਸਨ। ਇਸ਼ਤਿਹਾਰ ਵਿਚ ਲਿਖਿਆ ਹੋਇਆ ਸੀ ਕਿ ਉਮੀਦਵਾਰਾਂ ਨੂੰ ਜਨਮ ਦੇ ਅਸਲੀ ਸਰਟੀਫਿਕੇਟ ਦੀ ਕਾਪੀ ਅਰਜ਼ੀ ਨਾਲ ਭੇਜਣੀ ਹੋਵੇਗੀ, ਮੈਟ੍ਰਿਕ ਦੇ ਸਰਟੀਫਿਕੇਟ 'ਤੇ ਲਿਖੀ ਜਨਮ ਮਿਤੀ ਨੂੰ ਨਹੀਂ ਮੰਨਿਆ ਜਾਵੇਗਾ। ਚਲੋ ਜੀ, ਸਰਕਾਰੀ ਆਦੇਸ਼ਾਂ 'ਤੇ ਕਾਹਦੀ ਬਹਿਸ ਜੋ ਲਿਖ ਦਿੱਤਾ, ਸੱਤ ਬਚਨ। ਸੋ ਮੈਂ ਵੀ ਪਹੁੰਚ ਗਿਆ ਸਿਵਲ ਸਰਜਨ ਦੇ ਦਫਤਰ ਜਨਮ ਸਰਟੀਫਿਕੇਟ ਲੈਣ ਲਈ ਮੇਰੇ ਜੰਮਣ ਦਾ ਸਬੂਤ..ਫਾਰਮ ਭਰ ਕੇ ਵੀਹ ਰੁਪਏ ਫੀਸ ਨਾਲ ਕਲਰਕ ਨੂੰ ਫਾਰਮ ਸੌਂਪ ਕੇ ਖੁਸ਼ੀ-ਖੁਸ਼ੀ ਘਰ ਆ ਗਿਆ।

ਏਨੀ ਖੁਸ਼ੀ ਤਾਂ ਮੇਰੇ ਜੰਮਣ 'ਤੇ ਮੇਰੇ ਬਾਪੂ ਨੂੰ ਨਹੀਂ ਹੋਈ ਹੋਵੇਗੀ, ਜਿੰਨੀ ਅੱਜ ਮੈਨੂੰ ਹੋ ਰਹੀ ਸੀ ਕਿ ਚਲੋ ਮੇਰੇ ਜੰਮਣ ਦਾ ਸਬੂਤ ਤਾਂ ਮਿਲ ਜਾਏਗਾ। ਦਿੱਤੀ ਹੋਈ ਤਰੀਕ 'ਤੇ ਮੈਂ ਕਲਰਕ ਕੋਲ ਪਹੁੰਚ ਗਿਆ। ਸਰਟੀਫਿਕੇਟ ਪ੍ਰਾਪਤ ਕਰਨ ਲਈ ਉਸ ਨੂੰ ਰਸੀਦ ਦਿੱਤੀ। ਆਪਣੇ ਰਜਿਸਟਰ 'ਤੇ ਕੁਝ ਦੇਰ ਦੇਖਣ ਤੋਂ ਬਾਅਦ ਉਸ ਨੇ ਮੈਨੂੰ ਕਿਹਾ ਕਿ ਅਸੀਂ ਤੁਹਾਡੇ ਜਨਮ ਸਰਟੀਫਿਕੇਟ ਜਾਰੀ ਨਹੀਂ ਕਰ ਸਕਦੇ। ਤੁਹਾਡਾ ਨਾਂ ਤਾਂ ਪਿੰਡ ਦੇ ਚੌਕੀਦਾਰ ਦੇ ਰਜਿਸਟਰ ਵਿਚ ਦਰਜ ਹੀ ਨਹੀਂ।

ਮੇਰੀ ਸਾਰੀ ਖੁਸ਼ੀ ਹਵਾ ਦੇ ਬੁੱਲੇ ਦੀ ਤਰ੍ਹਾਂ ਜਾਂਦੀ ਰਹੀ। ਮੈਂ ਪ੍ਰੇਸ਼ਾਨ ਹੋ ਕੇ ਉਸ ਨੂੰ ਕਿਹਾ ਕਿ ਇਹ ਕਿਵੇਂ ਹੋ ਸਕਦਾ ਹੈ ਜੀ ਤੁਸੀਂ ਇਕਵਾਰ ਫਿਰ ਦੇਖੋ ਸ਼ਾਇਦ ਕੋਈ ਭੁਲੇਖਾ ਲੱਗਾ ਹੋਵੇਗਾ। ਸਾਨੂੰ ਕੁਝ ਨਹੀਂ ਪਤਾ, ਆਪਣੇ ਚੌਕੀਦਾਰ ਨੂੰ ਜਾ ਕੇ ਪੁੱਛੋ, ਕਲਰਕ ਨੇ ਰੋਅਬ ਨਾਲ ਕਿਹਾ। ਗੁੱਸੇ ਦਾ ਕੀ ਏ ਗੁੱਸਾ ਤਾਂ ਕਿਸੇ ਨੂੰ ਵੀ ਚੜ੍ਹ ਸਕਦਾ ਏ, ਮੇਰਾ ਟੈਂਪਰੇਚਰ ਵੀ ਹਾਈ ਹੋ ਗਿਆ ਤੇ ਮੈਂ ਵੀ ਉਸੇ ਦੀ ਜ਼ਬਾਨ ਵਿਚ ਬੋਲਣ ਲੱਗਾ, 'ਚੌਕੀਦਾਰ ਤਾਂ ਕਦੋਂ ਦਾ ਧੁਰ ਦੀ ਟਿਕਟ ਕਟਾ ਕੇ ਗੱਡੀ ਚੜ੍ਹ ਗਿਆ, ਹੁਣ ਉਹਨੂੰ ਪੁੱਛਣ ਉਪਰ ਜਾਵਾਂ? ਹੁਣ ਕਲਰਕ ਮੇਰੇ ਗੁੱਸੇ ਨੂੰ ਭਾਂਪ ਕੇ ਥੋੜ੍ਹਾ ਨਰਮੀ ਨਾਲ ਗੱਲ ਕਰਨ ਲੱਗਾ। ਇਸ ਦਾ ਵੀ ਹੱਲ ਹੈ, ਤੁਸੀਂ ਇਕ ਫਾਈਲ ਬਣਾਓ। ਉਸ ਉੱਤੇ ਜਦੋਂ ਤੁਹਾਡੇ ਜਨਮ ਹੋਇਆ ਉਦੋਂ ਦੀ ਪੰਚਾਇਤ ਦੇ ਸਰਪੰਚ, ਪਿੰਡ ਦੇ ਨੰਬਰਦਾਰ ਤੇ ਪੰਚਾਇਤ ਸੈਕਟਰੀ ਦੇ ਸਾਈਨ ਕਰਵਾ ਕੇ ਲਿਆਓ, ਨਾਲ ਦਾਈ ਦਾ ਸਰਟੀਫਿਕੇਟ ਲਾਓ ਫਿਰ ਅਸੀਂ ਤੁਹਾਡਾ ਜਨਮ ਸਰਟੀਫਿਕੇਟ ਜਾਰੀ ਕਰ ਸਕਾਂਗੇ। ਕੁਝ ਰਾਹਤ ਮਹਿਸੂਸ ਹੋਈ। ਫਾਈਲ ਬਣਵਾ ਕੇ ਮੈਂ ਸਿੱਧਾ ਦਾਈ ਦੇ ਸਾਈਨ ਕਰਵਾਉਣ ਗਿਆ। ਦਾਈ ਦੇ ਅੱਖਰ ਜੋੜ-ਜੋੜ ਕੇ ਕੀਤੇ ਸਾਈਨ ਅੱਜ ਮੈਨੂੰ ਕਿਸੇ ਗਜ਼ਟਿਡ ਅਫਸਰ ਦੇ ਸਾਈਨ ਲੱਗ ਰਹੇ ਸਨ। ਪੰਚਾਇਤ ਸੈਕਟਰੀ ਤੇ ਨੰਬਰਦਾਰ ਦੇ ਸਾਈਨ ਵੀ ਹੋ ਗਏ ਪਰ ਉਸ ਵੇਲੇ ਦੇ ਸਰਪੰਚ ਵੀ ਕਦੋਂ ਦਾ ਗੱਡੀ ਚੜ੍ਹ ਚੁੱਕਾ ਸੀ। ਮੈਂ ਦੁਬਾਰਾ ਫਾਈਲ ਲੈ ਕੇ ਦਫਤਰ ਪਹੁੰਚ ਗਿਆ। ਹੁਣ ਤਾਂ ਕਲਰਕ ਸਮੇਤ ਦਫਤਰ ਦੇ ਬਾਕੀ ਕਰਮਚਾਰੀ ਵੀ ਮੇਰੀ ਸ਼ਕਲ ਪਛਾਣ ਚੁੱਕੇ ਸਨ ਤੇ ਮੈਨੂੰ ਵੇਖਦੇ ਸਾਰੇ ਮਿੰਨਾ-ਮਿੰਨਾ ਹਾਸਾ ਹੱਸਣ ਲੱਗਦੇ ਸਨ। ਸ਼ਾਇਦ ਉਹ ਆਪਣੇ ਮਹਿਕਮੇ ਉੱਤੇ ਹੱਸਦੇ ਹੋਣਗੇ ਕਿ ਉਨ੍ਹਾਂ ਦੇ ਮਹਿਕਮੇ ਨੇ ਚੰਗੇ-ਭਲੇ ਜਵਾਨ ਬੰਦੇ ਨੂੰ ਜੰਮਣ ਲਈ 'ਹੋਲਡ' ਰੱਖਿਆ ਹੋਇਆ ਹੈ। ਕਲਰਕ ਸਰਪੰਚ ਦੇ ਸਾਈਨ ਨਾਲ ਹੋਏ ਵੇਖ ਕੇ ਫਿਰ ਭੜਕ ਪਿਆ, ਉਏ ਤੂੰ ਫਿਰ ਅਧੂਰੀ ਫਾਈਲ ਲੈ ਆਇਆ, ਸਰਪੰਚ ਦੇ ਸਾਈਨ ਕਿੱਥੇ ਨੇ? ਮੈਂ ਕਿਹਾ ਜੀ ਉਦੋਂ ਦਾ ਸਰਪੰਚ ਤਾਂ ਪਰਲੋਕ ਸਿਧਾਰ ਚੁੱਕਾ ਹੈ। ਬਾਕੀ ਸਭ ਤੇ ਸਾਈਨ ਫਾਈਲ 'ਤੇ ਮੌਜੂਦ ਨੇ, ਤੁਸੀਂ ਉਨ੍ਹਾਂ ਨੂੰ ਵੇਖ ਕੇ ਸਰਟੀਫਿਕੇਟ ਬਣਾ ਦਿਓ। ਅਸੀਂ ਕੁਝ ਨਹੀਂ ਕਰ ਸਕਦੇ, ਇੰਨਾ ਆਖ ਕੇ ਉਹ ਆਪਣੇ ਕੰਮ ਕਰਨ ਲੱਗਾ। ਮੈਂ ਫਿਰ ਵਾਪਸ ਆ ਗਿਆ। ਫਾਈਲ ਪਾੜ ਕੇ ਮੈਂ ਆਪਣੇ ਦਿਲ ਨੂੰ ਪੁੱਛਣ ਲੱਗਾ, 'ਮੈਂ ਅਜੇ ਨਹੀਂ ਜੰਮਿਆ...ਸ਼ਾਇਦ ਨਹੀਂ...।'

-ਕਰਮਜੀਤ ਸਿੰਘ ਸੈਣੀ

## ਵਿਅੰਗ



# ਮਿੰਨੀ ਕਹਾਣੀਆਂ

## ਕਮਲੇ ਲੋਕ

ਪਿੰਡ ਵਿਚ ਦੋਵੇਂ ਪਾਰਟੀਆਂ ਦੇ ਸਮੱਰਥਕਾਂ ਵਿਚ ਵੋਟਾਂ ਨੂੰ ਲੈ ਕੇ ਜੰਮ ਕੇ ਲੜਾਈ ਹੋਈ। ਕਈਆਂ ਦੇ ਸਿਰ ਪਾਟੇ। ਪੁਲਿਸ ਕੇਸ ਬਣੇ ਲੋਕਾਂ ਦੀ ਵੀ ਇਕ ਦੂਜੇ ਨਾਲ ਪੱਕੀ ਬੈਸ ਪੈ ਗਈ। ਥਾਣੇ ਪੰਚਾਇਤਾਂ ਕੱਠੀਆਂ ਹੋਈਆਂ, ਜਿਸ ਦੇ ਮੂੰਹ ਜੋ ਆਵੇ ਆਖੀ ਜਾਵੇ, ਕਾਵਾਂ ਰੌਲੀ 'ਚ ਜਿੱਤੇ ਤੇ ਹਾਰੇ ਉਮੀਦਵਾਰ ਦੇ ਸਮਰਥੱਕ ਹਿੱਕ ਠੋਕਕੇ ਚੈਲਿੰਜ ਕਰਦੇ ਰਹੇ।

ਆਖਰ ਥਾਣੇ 'ਚ ਚੋਣ ਜਿੱਤਿਆ ਤੇ ਹਾਰਿਆ ਉਮੀਦਵਾਰ ਇਕੱਠੇ ਦਾਖਲ ਹੋਏ ਤਾਂ ਸਮਰਥੱਕਾਂ ਨੇ ਆਪਣੇ-ਆਪਣੇ ਨੇਤਾਵਾਂ ਦੇ ਹੱਕ ਵਿਚ ਨਾਅਰੇ ਮਾਰਨੇ ਸ਼ੁਰੂ ਕਰ ਦਿੱਤੇ। ਪਰ ਨੇਤਾ ਲੋਕਾਂ ਨੂੰ ਹੱਥ ਹਿਲਾ ਕੇ ਸਿੱਧੇ ਪੁਲਿਸ ਅਧਿਕਾਰੀ ਕੋਲ ਪਹੁੰਚੇ ਤੇ ਇਕਦਮ ਇਕੱਠੇ ਬੋਲੇ, "ਨਿਬੇੜੋ ਯਾਰ ਇਨ੍ਹਾਂ ਦਾ ਰੌਲਾ, ਕਮਲੇ, ਲੜੀ ਜਾਂਦੇ ਨੇ, ਸਾਨੂੰ ਕੰਮ ਨੇ। ਅੱਜ ਬੱਚਿਆਂ ਦਾ ਸ਼ਗਨ ਹੈ। ਹੁਣੇ ਅਸੀਂ ਕੁੜਮ ਬਣਨ ਲੱਗੇ ਹਾਂ। ਐਵੇਂ ਵਿਆਹ 'ਚ ਬੀ ਦਾ ਲੇਖਾ ਛਿੜ ਗਿਆ।" ਥਾਣੇਦਾਰ ਨੇਤਾਵਾਂ ਨੂੰ ਵਧਾਈ ਦਿੰਦਾ ਕਹਿਣ ਲੱਗਾ, "ਇਨ੍ਹਾਂ ਦਾ ਫਿਕਰ ਨਾ ਕਰੋ। ਮੈਂ ਹੁਣੇ ਨਬੇੜਦਾ, ਤੁਸੀਂ ਜੀ ਕਰੋ ਆਪਣੇ ਕੰਮ" ਆਗੂ ਜੱਫੀ ਪਾ ਕੇ ਅਗਾਹਾਂ ਵਧੇ। ਲੋਕ ਦੇਖਦੇ ਰਹਿ ਗਏ।

-ਰਮੇਸ਼ ਭਾਰਦਵਾਜ਼

## ਸਟੇਟਸ ਸਿੰਬਲ

ਪੂਜਾ ਦੀ ਮਾਂ ਦੇ ਹੱਥ ਵਿਚ ਤਸਵੀਰਾਂ ਅਤੇ ਪੱਤਰ ਸਨ, ਜੋ ਮੈਟਰੀਮੋਨੀਅਨ ਦੇ ਹਵਾਲੇ ਵਿਚ ਪ੍ਰਾਪਤ ਹੋਏ ਸਨ।

ਮਾਂ ਆਪਣੀ ਧੀ ਕੋਲ ਬੈਠਦੀ ਕਹਿਣ ਲੱਗੀ, "ਬੇਟੀ ਮਾਂ-ਧੀ ਵਿਚ ਕੋਈ ਪਰਦਾ ਨਹੀਂ ਹੁੰਦਾ। ਤੈਨੂੰ ਆਪਣੀ ਪਸੰਦ ਮੈਨੂੰ ਦੱਸਣ ਵਿਚ ਕੋਈ ਝਿਜਕ ਨਹੀਂ ਵਿਖਾਉਣੀ ਚਾਹੀਦੀ। ਤੇਰੇ ਡੈਡੀ ਦੀ ਪਸੰਦ, ਆਹ ਦੋ ਟੀਚਰ ਲੜਕੇ ਹਨ। ਦੋਵਾਂ ਕੋਲ ਪੈਲੀ ਵੀ ਹੈ, ਤੂੰ ਨਜ਼ਰ ਮਾਰ ਲੈ।"

"ਮੰਮੀ, ਡੈਡ ਵੀ ਟੀਚਰ ਸਨ। ਜ਼ਮੀਨ ਆਪਣੇ ਕੋਲਵੀ ਹੈ। ਅਸੀਂ ਜ਼ਿੰਦਗੀ ਭਰ ਚੱਜ ਦਾ ਘਰ ਨਹੀਂ ਬਣਾ ਸਕੇ। ਕੋਈ ਪਸੰਦ ਦਾ ਘਰੇਲੂ ਸਾਮਾਨ ਨਹੀਂ ਖਰੀਦ ਸਕੇ ਕਿ ਕਿਸੇ ਨੂੰ ਜਾਣੂ ਜਾਂ ਰਿਸ਼ਤੇਦਾਰ ਨੂੰ ਬੁਲਾ ਕੇ ਵਿਖਾ ਸਕੀਏ। ਆਪਣੇ ਸੋਸ਼ਲ ਸਟੇਟਸ ਬਾਰੇ ਕਦੇ ਸੋਚਿਆ ਹੈ?"

"ਬੇਟੀ ਇਹ ਸਹੀ ਹੈ ਕਿ ਤੇਰੇ ਡੈਡੀ ਉਪਰਲੀ ਕਮਾਈ ਕਰਨ ਦੇ ਹੱਕ ਵਿਚ ਨਹੀਂ ਰਹੇ, ਪ੍ਰੰਤੂ ਉਨ੍ਹਾਂ ਦੀ ਤਨਖਾਹ ਆਪਣੀਆਂ ਲੋੜਾਂ ਲਈ ਘੱਟ ਵੀ ਨਹੀਂ ਸੀ। ਅਸੀਂ ਤੈਨੂੰ ਵਿੱਤ ਮੁਤਾਬਕ ਪੜ੍ਹਾਇਆ ਵੀ ਹੈ।" ਮਾਂ ਨੇ ਦਲੀਲ ਦਿੰਦੇ ਕਿਹਾ।

"ਮਾਂ ਸੱਚਾਈ ਕੌੜੀ ਹੁੰਦੀ ਏ। ਜੇਕਰ ਪਾਪਾ ਹੋਰ ਟੀਚਰਾਂ ਵਾਂਗ ਟਿਊਸ਼ਨਾਂ ਕਰ ਕੇ ਕੁਝ ਪੈਸਾ ਹੋਰ ਕਮਾ ਲੈਂਦੇ ਤਾਂ ਮੈਂ ਅੱਜ ਇਕ ਬੇਰੁਜ਼ਗਾਰ ਅਧਿਆਪਕਾ ਨਹੀਂ ਸੀ ਹੋਣਾ। ਸਗੋਂ ਆਪਣੀਆਂ ਸਹੇਲੀਆਂ ਵਾਂਗ ਡਾਕਟਰ, ਇੰਜੀਨੀਅਰ ਜਾਂ ਲੈਕਚਰਾਰ ਲੱਗੀ ਹੋਣਾ ਸੀ।"

"ਧੀਏ ਹਰ ਕੋਈ ਕਰਮਾਂ ਦਾ ਫਲ ਭੋਗਦਾ ਹੈ। ਇਹ ਵੀ ਜੱਗ ਦੀ ਰੀਤ ਹੈ ਕਿ ਹਰ ਲੜਕੀ ਨੂੰ ਸ਼ਾਦੀ ਕਰਨੀ ਪੈਂਦੀ ਹੈ। ਮੈਂ ਤੇਰੀ ਪਸੰਦ ਹੀ ਪੁੱਛ ਰਹੀ ਹਾਂ।"

ਧੀ ਦਾ ਜਵਾਬ ਸੁਣ ਕੇ ਮਾਂ ਕੁਝ ਨਰਮ ਪੈਂਦੀ ਬੋਲੀ, "ਮਾਂ ਅੱਜਕੱਲ੍ਹ ਜ਼ਿੰਦਗੀ ਪੈਸੇ ਨਾਲ ਚੱਲਦੀ ਹੈ। ਪੈਸੇ ਨਾਲ ਹੀ ਸੋਸ਼ਲ ਸਟੇਟਸ ਬਣਦਾ ਹੈ। ਇਨ੍ਹਾਂ ਵਿਚੋਂ ਮੈਨੂੰ ਕੋਈ ਰਿਸ਼ਤਾ ਪਸੰਦ ਨਹੀਂ। ਮੈਨੂੰ ਉਹ ਰਿਸ਼ਤਾ ਪਸੰਦ ਹੋਵੇਗਾ, ਜਿਥੇ ਮੇਰਾ ਆਰਥਿਕ ਭਵਿੱਖ ਸੁਰੱਖਿਅਤ ਹੋਵੇਗਾ।"

# ਵਿਅੰਗ

## 'ਸਭਿਆਚਾਰ ਦਾ ਲੁਟੇਰਾ' ਦੇ ਐਵਾਰਡ ਨਾਲ ਸਨਮਾਨ

ਦੋਸਤੋ ਅੱਜ ਅਸੀਂ ਤੁਹਾਡੀ ਮੁਲਾਕਾਤ ਅਜਿਹੇ ਗੀਤਕਾਰ ਨਾਲ ਕਰਵਾਉਣ ਜਾ ਰਹੇ ਹਾਂ, ਜਿਨ੍ਹਾਂ ਨੇ ਗੀਤਕਾਰੀ ਦੇ ਖੇਤਰ ਵਿਚ ਬੇਸ਼ਰਮੀ ਦੀਆਂ ਹੱਦਾਂ ਟੱਪਣ ਤੋਂ ਬਾਅਦ ਬਦਨਾਮੀ ਦਾ ਉਹ ਮੁਕਾਮ ਹਾਸਲ ਕੀਤਾ ਹੈ, ਜੋ ਕਿਸੇ ਗੀਤਕਾਰ ਨੂੰ ਨਸੀਬ ਨਹੀਂ ਹੁੰਦਾ। ਅੱਜ ਵੀ ਜਿਨ੍ਹਾਂ ਦੇ ਗੀਤ ਸੁਣਦੇ ਸਾਰ ਦੁਨੀਆਂ ਦੇ ਕੋਨੇ-ਕੋਨੇ ਵਿਚ ਬੈਠਾ ਪੰਜਾਬੀ ਸ਼ਰਮ ਨਾਲ ਪਾਣੀ ਪਾਣੀ ਹੋ ਜਾਂਦੀ ਹੈ। ਸੋ ਪੇਸ਼ ਹੈ, "ਜਿਹੜੀ ਨੱਚਦੀ ਸੀ ਗਿੱਧੇ ਵਿਚ ਭਾਬੀਏ ਨਣਾਨ ਤੇਰੀ ਅੱਗੇ ਵਰਗੀ", "ਤੇਰੇ ਪਿਉ ਦੀ ਧੋਣ 'ਤੇ ਰੱਖ ਗੋਡਾ ਸਾਲੀਏ" ਵਰਗੇ ਕੀਤਾਂ ਵਿਚ ਆਪਣੀ ਬੇਸ਼ਰਮੀ ਕਾਰਨ ਬਦਨਾਮ ਹੋਏ ਗੀਤਕਾਰ 'ਬੇਸ਼ਰਮ ਬਦਨਾਮਪੁਰੀ ਨਾਲ ਗੱਲਬਾਤ ਦੇ ਕੁਝ ਅੰਸ਼ :-

**ਸਵਾਲ** : ਬਦਨਾਮਪੁਰੀ ਜੀ ਸਭ ਤੋਂ ਪਹਿਲਾਂ ਤੁਸੀਂ ਆਪਣੇ ਪਰਿਵਾਰਕ ਪਿਛੋਕੜ ਬਾਰੇ ਜਾਣਕਾਰੀ ਦਿਓ?

**ਜਵਾਬ** : ਮੀਤ ਜੀ, ਸਾਡੇ ਵਰਗੇ ਗੀਤਕਾਰਾਂ ਦਾ ਕਿਹੜਾ ਪਰਿਵਾਰਕ ਪਿਛੋਕੜ ਹੋਣੇ। ਜੇ ਕੋਈ ਸਾਡਾ ਪਰਿਵਾਰਕ ਪਿਛੋਕੜ ਹੁੰਦਾ ਜਾਂ ਸਾਡੀ ਕੋਈ ਧੀ-ਭੈਣ ਹੁੰਦੀ ਤਾਂ ਫਿਰ ਅਸੀਂ ਅਜਿਹੇ ਗੀਤ ਥੋੜਾ ਲਿਖਣੇ ਸੀ।

ਸਵਾਲ : ਤਹਾਡਾ ਨਾ ਬੇਸ਼ਰਮ ਬਦਨਾਮਪੁਰੀ ਕਿਸ ਤਰ੍ਹਾਂ ਪਿਆ?

ਜਵਾਬ : ਦੇਖੋ ਜੀ, ਬੇਸ਼ਰਮ ਤਾਂ ਮੈਂ ਬਚਪਨ ਤੋਂ ਹੀ ਸੀ ਜਦੋਂ ਮੇਰਾ ਪਹਿਲਾ ਗੀਤ ਰਿਕਾਰਡ ਹੋਇਆ ਜਿਸ ਦੇ ਬੋਲ ਸਨ, "ਜਿਹੜੀ ਨੱਚਦੀ ਸੀ ਗਿੱਧੇ ਵਿਚ ਭਾਬੀਏ ਨਣਾਨ ਤੇਰੀ ਅੱਗੇ ਵਰਗੀ" ਤਾਂ ਇਹ ਗੀਤ ਇੰਨਾ ਮਕਬੂਲ ਹੋਇਆ ਕਿ ਲੋਕ ਮੈਨੂੰ ਬੇਸ਼ਰਮ ਬਦਨਾਮਪੁਰੀ ਆਖਣ ਲੱਖ ਪਏ।

ਸਵਾਲ : ਤੁਹਾਡੇ ਇਸ ਗੀਤ ਅਨੁਸਾਰ ਤੁਹਾਡੀ ਭਾਬੀ ਦੀ ਨਣਾਨ ਤਾਂ ਤੁਹਾਡੀ ਭੈਣ ਹੋਈ?

ਜਵਾਬ : ਤੁਸੀਂ ਤਾਂ ਬਹੁਤ ਡੂੰਘੇ ਚਲੇ ਗਏ, ਅੱਜਕੱਲ੍ਹ ਏਨਾ ਧਿਆਨ ਨਾਲ ਕੌਣ ਸੁਣਦੈ।

ਸਵਾਲ : ਤੁਸੀਂ ਸਭ ਤੋਂ ਪਹਿਲਾਂ ਗੀਤ ਕਦੋਂ ਲਿਖਿਆ?



ਜਵਾਬ : ਸਭ ਤੋਂ ਪਹਿਲਾਂ ਗੀਤ ਮੈਂ ਉਦੋਂ ਲਿਖਿਆ ਜਦੋਂ ਮੈ 11ਵੀਂ ਵਿਚ ਪੜ੍ਹਦਾ ਸੀ। ਉਦੋਂ ਹਾਲਾਤ ਹੀ ਕੁਝ ਇਸ ਤਰ੍ਹਾਂ ਦੇ ਬਣੇ ਕਿ ਮੈਨੂੰ ਮਜਬੂਰੀ ਵਿਚ ਕਲਮ ਚੁੱਕਣੀ ਪਈ।

ਤੁਸੀਂ ਇਸ ਗੀਤ ਨੂੰ ਮੇਰੀ ਹੱਡਬੀਤੀ ਕਹਿ ਲਉ ਜਾਂ ਮੇਰੇ ਹੱਡਾ 'ਤੇ ਬੀਤੀ ਕਹਿ ਲਉ। ਉਸ ਗੀਤ ਦੇ ਬੋਲ ਹਨ, "ਪਹਿਲਾਂ ਸਾਨੂੰ ਸੋਹਣੀਏ ਤੂੰ ਦਿੰਦੀ ਰਹੀ ਟਰਾਈ ਨੀ। ਫਿਰ ਸਾਡੇ ਸੱਦੇ 'ਤੇ ਪਾਰਕ 'ਚ ਵੀ ਆਈ ਨੀ। ਦੱਸਿਆ ਨਾ ਨਾਲੇ ਆਏ ਤੇਰੇ ਭਾਈ ਨੀ। ਛੱਡ ਕੇ ਤੂੰ ਭਾਈਆਂ ਨਾਲ ਕੱਲੇ ਨੂੰ, ਤੂੰ ਆਪ ਹੋਗੀ ਤਿੱਤਰ ਨੀ। ਤੇਰੇ ਭਾਈਆਂ ਨੇ ਮੇਰੇ, ਗਿਣ-ਗਿਣ ਮਾਏ ਛਿੱਤਰ ਨੀ। ਤੇਰੇ ਭਾਈਆਂ ਨੇ..(ਰੋਂਦੇ ਹੋਏ)

ਸਵਾਲ : ਬਦਨਾਮਪੁਰੀ ਜੀ ਤੁਸੀਂ ਦੱਸੋ ਕਿ ਤੁਸੀਂ ਪੰਜਾਬੀ ਸਾਹਿਤ ਦਾ ਕਿੰਨਾ ਕੁ ਅਧਿਐਨ ਕੀਤਾ?

ਜਵਾਬ : ਮੈਂ ਜੀ ਪੰਜਾਬੀ ਸਾਹਿਤ ਦਾ ਬਹੁਤ ਅਧਿਐਨ ਕੀਤਾ। ਬਾਰਵੀਂ ਵਿਚ ਪੜ੍ਹਦਿਆਂ ਮੈਨੂੰ ਪੰਜਾਬੀ ਨਾਲ ਐਨਾ ਪਿਆਰ ਸੀ ਕਿ ਮੈਂ ਪਾਸ ਹੀ ਇਕੱਲਾ ਪੰਜਾਬੀ ਵਿਚੋਂ ਹੋਇਆ ਸੀ। ਫਿਰ ਤਿੰਨ-ਚਾਰ ਵਾਰ 12ਵੀਂ ਦੇ ਪੇਪਰ ਦੇਣ ਦੇ ਬਾਵਜੂਦ ਵੀ ਮੈਂ ਕਦੇ ਪੰਜਾਬੀ ਵਿਚੋਂ ਫੇਲ ਨਹੀਂ ਹੋਇਆ।

ਸਵਾਲ : ਹੁਣ ਤੱਕ ਤੁਸੀਂ ਕਿੰਨੇ ਕੁ ਗੀਤ ਲਿਖੇ ਤੇ ਰਿਕਾਰਡ ਕਰਵਾਏ?

ਜਵਾਬ : ਹੁਣ ਤੱਕ ਮੈਂ 5-6 ਗੀਤ ਲਿਖੇ ਅਤੇ 100 ਕੁ ਦੇ ਕਰੀਬ ਗੀਤ ਰਿਕਾਰਡ ਕਰਵਾਏ।

ਸਵਾਲ : ਇਹ ਕਿਵੇਂ ਹੋ ਸਕਦਾ ਹੈ?

ਜਵਾਬ : ਅੱਜਕੱਲ੍ਹ ਕੀ ਨਹੀਂ ਹੋ ਸਕਦਾ। ਪਹਿਲਾਂ-ਪਹਿਲਾਂ 10-15 ਹਜ਼ਾਰ ਰੁਪਏ ਦੇ ਕੇ ਆਪਣੇ ਦੋ-ਚਾਰ ਗੀਤ ਰਿਕਾਰਡ ਕਰਵਾਉਣੇ ਪੈਂਦੇ ਹਨ ਫਿਰ ਜਦੋਂ ਪੈਰ ਜੰਮ ਜਾਣ ਤਾਂ ਨਵੇਂ ਗੀਤਕਾਰਾਂ ਦੇ ਗੀਤਾਂ ਥੱਲੇ ਆਪਣਾ ਨਾਮ ਹੀ ਪਾਉਣਾ ਹੁੰਦਾ।

ਸਵਾਲ : ਹੁਣ ਤੱਕ ਤੁਹਾਡੇ ਗੀਤ ਕਿਹੜਾ-ਕਿਹੜਾ ਕਲਾਕਾਰਾਂ ਨੇ ਗਾਏ ਹਨ?

ਜਵਾਬ : ਹੁਣ ਤੱਕ ਮੇਰੇ ਗੀਤ ਲੱਗਭੱਗ ਸਾਰੇ ਹੀ ਨਾਮਵਾਰ ਕਲਾਕਾਰ ਗਾ ਚੁੱਕੇ ਹਨ ਜਿਵੇਂ ਕਿ ਬਲਦੇਵ ਕੜਾਕਾ, ਭੂੰਡ ਭੜਕੀਲਾ, ਬਲਬੀਰ ਚਿੰਗਿਆੜਾ, ਮੱਘਰ ਮੁਸ਼ਕੀਲਾ, ਮਨਜਿੰਦਰ ਟਿਟਣਾ, ਤਲਵਿੰਦਰ ਠੋਲੂੰ, ਲਖਵੀਰ ਲੱਲੂੰ, ਜਗਜੀਤ ਠਰਕੀ, ਰਾਜਿੰਦਰ ਚਿਪੜ, ਗੁਰਮੇਲ ਬੁਜੜ, ਹਰਦੀ ਘੋਗੂੰ ਆਦਿ ਕਈ ਕਲਾਕਾਰ ਮੇਰੇ ਗੀਤਾਂ ਨੂੰ ਆਵਾਜ਼ ਦੇ ਚੁੱਕੇ ਹਨ।

ਸਵਾਲ : ਕੋਈ ਮਾਣ ਸਨਮਾਨ?

ਜਵਾਬ : ਹਾਂ ਜੀ, ਹੁਣ ਤਕ ਮੇਰਾ ਬਹੁਤ ਥਾਵਾਂ 'ਤੇ ਮਾਨ-ਸਨਮਾਨ ਹੋਇਆ ਹੈ, ਜਿਨ੍ਹਾਂ ਵਿਚੋਂ ਕੰਜਰ ਕਾਲਾ ਮੰਚ ਵਲੋਂ 'ਬੇਸ਼ਰਮ ਪੰਜਾਬ ਦਾ' ਐਵਾਰਡ ਮਿਲਿਆ। ਫਿਰ ਲੱਚਰ ਸੱਭਿਆਚਾਰ ਕਲੱਬ ਵਲੋਂ 'ਬੇਸ਼ਰਮਾਂ ਦਾ ਬੇਸ਼ਰਮ' ਐਵਾਰਡ ਮਿਲਿਆ ਅਤੇ ਪਿਛੇ ਦੋ ਕੁ ਮਹੀਨੇ ਪਹਿਲਾਂ 'ਲੁਟੇਰਾ ਸੱਭਿਆਚਾਰ ਦਾ' ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਸਵਾਲ : ਤੁਸੀਂ ਆਪਣੇ ਸਰੋਤਿਆਂ ਨੂੰ ਕੁਝ ਕਹਿਣਾ ਚਾਹੋਗੇ?

ਜਵਾਬ : ਹਾਂ ਜੀ, ਮੈਂ ਆਪਣੇ ਸਰੋਤਿਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਜੋ ਮੇਰੇ ਵਰਗੇ ਗੀਤਕਾਰਾਂ ਦੇ ਗੀਤਾਂ ਨੂੰ ਮਾਣ ਬਖ਼ਸ਼ਦੇ ਹਨ।

ਮੈਨੂੰ ਆਸ ਹੈ ਕਿ ਤੁਸੀਂ ਇਸੇ ਤਰ੍ਹਾਂ ਸਾਡੇ ਗੀਤਾਂ ਨੂੰ ਮਾਣ ਬਖ਼ਸ਼ਦੇ ਰਹੇ ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬੀ ਸਭਿਆਚਾਰ ਦੀ ਅਰਥੀ ਸਾਡੇ ਮੋਢਿਆ 'ਤੇ ਹੋਵੇਗੀ।

# ਮਿੰਨੀ ਕਹਾਣੀਆਂ

## ਗਲਤੀ

ਉਹਨੇ ਪਹਿਲੀ ਵਾਰ ਜਦੋਂ ਉਸ ਕੁੜੀ ਨੂੰ ਵੇਖਿਆ ਤਾਂ ਚਾਹਿਆ ਕਿ ਉਸ ਨਾਲ ਗੱਲ ਕਰੇ। ਉਹਨੇ ਗੱਲ ਕੀਤੀ। ਘਰ ਆ ਕੇ ਜਾਪਿਆ ਕਿ ਉਹਨੇ ਗਲਤੀ ਕੀਤੀ। ਫਿਰ ਇਹ ਗਲਤੀ ਰੋਜ਼ ਹੁੰਦੀ ਰਹੀ। ਇਥੋਂ ਤੱਕ ਕਿ ਜ਼ਮਾਨਾ ਸਵਾਲ ਕਰਨ ਲੱਗਾ। ਜ਼ਮਾਨੇ ਨੂੰ ਯਕੀਨ ਦੁਆਉਣ ਲਈ ਸ਼ਾਦੀ ਜ਼ਰੂਰੀ ਸੀ। ਉਹਨੇ ਸ਼ਾਦੀ ਕਰ ਲਈ। ਦੋ ਭਾਂਡੇ ਇਕੱਠੇ ਹੋਏ ਤਾਂ ਆਵਾਜ਼ ਹੋਈ। ਉਹਨੂੰ ਫਿਰ ਜਾਪਿਆ ਕਿ ਉਹਨੇ ਗਲਤੀ ਕੀਤੀ। ਫਿਰ ਗਲਤੀ ਫੈਲਦੀ ਗਈ। ਛੇ ਦਾ ਅੰਕ ਸਦਾ ਤੋਂ ਉਹਦੇ ਲਈ ਅਪਸ਼ਗਨ ਰਿਹਾ ਸੀ। ਏਨੇ ਬੱਚਿਆਂ ਦਾ ਰੌਲਾ, ਫਰਮਾਇਸ਼ਾਂ, ਲੋੜਾਂ ਉਹਦੇ ਵੱਸ ਤੋਂ ਬਾਹਰ ਸਨ, ਪਰ ਹੁਣ ਪਾਣੀ ਸਿਰ ਤੋਂ ਲੰਘ ਚੁੱਕਿਆ ਸੀ। ਉਹ ਹੋਰ ਅੱਗੇ ਵੱਧਿਆ। ਸਾਹਮਣੇ ਦਰਿਆ ਸੀ। ਛਾਲ ਮਾਰਨ ਤੋਂ ਪਹਿਲਾਂ ਉਹਨੇ ਸੋਚਿਆ ਕਿ ਗਲਤੀ ਤਾਂ ਨਹੀਂ ਕਰ ਰਿਹਾ ਹਾਂ? ਪਰ ਉਹਨੂੰ ਆਪਣੀਆਂ ਸਾਰੀਆਂ ਗਲਤੀਆਂ ਯਾਦ ਆਈਆਂ ਤੇ ਉਹਨੇ ਛਾਲ ਮਾਰ ਦਿੱਤੀ। ਇਹ ਖਬਰ ਜੰਗਲ ਦੀ ਅੱਗ ਵਾਂਗ ਬਸਤੀ ਵਿਚ ਫੈਲ ਗਈ ਤੇ ਜਿਹਨੇ ਸੁਣਿਆ, ਇਹ ਕਿਹਾ, "ਗਲਤੀ ਕੀਤੀ।"



## ਬੱਚੀ

ਤੇਰ੍ਹਾਂ ਵਰ੍ਹੇ ਦੀ ਉਮਰ ਤੋਂ ਉਹ ਆਪਣੇ ਆਪ ਨੂੰ ਬਹੁਤ ਵੱਡੀ ਮਹਿਸੂਸ ਕਰਨ ਲੱਗੀ। ਉਹ ਵੱਡਿਆਂ ਵਾਂਗ ਸੋਚਦੀ। ਉਹ ਵੱਡਿਆਂ ਵਾਂਗ ਗੱਲਾਂ ਕਰਦੀ। ਜਦੋਂ ਉਹਨੂੰ ਕੋਈ ਬੱਚੀ ਕਹਿ ਦਿੰਦਾ, ਤਾਂ ਉਹਦਾ ਜੀਅ ਕਰਦਾ ਕਿ ਅਜਿਹਾ ਕਹਿਣ ਵਾਲੇ ਦਾ ਮੂੰਹ ਨੋਚ ਲਵੇ। ਉਹਨੂੰ ਇਹ ਸ਼ਬਦ ਗਾਲ੍ਹ ਜਾਪਦਾ। ਫਿਰ ਉਹ ਸੱਚਮੁੱਚ ਵੱਡੀ ਹੋ ਗਈ। ਇੰਨੀ ਵੱਡੀ ਕਿ ਕੁਝ ਉਹਨੂੰ ਨਾਨੀ ਕਹਿਣ ਲੱਗੀ ਤੇ ਕੁਝ ਦਾਦੀ, ਪਰ ਉਹਨੇ ਸੋਚਿਆ ਕਿ ਹੁਣ ਉਹ ਇੰਨੀ ਵੀ ਵੱਡੀ ਨਹੀਂ ਹੋਈ ਕਿ ਲੋਕ ਉਹਨੂੰ ਵੱਡੀ 'ਬੀ' ਕਹਿਣ ਲੱਗਣ।

ਉਹਨੂੰ ਇਹ ਸ਼ਬਦ ਗਾਲ੍ਹ ਲੱਗਦਾ ਤੇ ਫਿਰ ਉਹਦੀਆਂ ਹਰਕਤਾਂ ਵਿਚ ਬਚਪਨਾ ਆਉਂਦਾ ਗਿਆ, ਗੱਲਾਂ ਵਿਚ ਵੀ ਤੇ ਅੰਦਾਜ਼ ਵਿਚ ਵੀ। ਲੋਕਾਂ ਨੇ ਵੇਖਿਆ ਤਾਂ ਕਿਹਾ, "ਬੁੱਢੀ ਸਠਿਆ ਗਈ ਏ।" ਉਹਨੇ ਆਪਣੇ ਆਪ ਟੋਹਿਆ ਤਾਂ ਅੰਦਰੋਂ ਆਵਾਜ਼ ਤੂੰ ਇਕ ਬੱਚੀ ਏਂ। ਜਨਮ ਤੋਂ ਅੱਜ ਤੱਕ! ਅਜਿਹੀ ਬੱਚੀ ਜਿਹੜੀ ਕਦੇ ਵੱਡੀ ਨਹੀਂ ਹੋਵੇਗੀ।

-ਅਨੁ : ਸੁਰਜੀਤ

# ਕਾਵਿ ਰਚਨਾ

## ਗ਼ਜ਼ਲਾਂ

ਸੁੱਕੇ ਪੱਤਰ ਬਾਲ ਮੈਂ ਨਿੱਤ ਹੀ ਯਾਦ ਉਨ੍ਹਾਂ ਦੇ ਸੇਕਾਂ।
ਮਹਿੰਦੀ ਪੁੱਟ ਜੋ ਲਾ ਗਏ ਮੇਰੇ ਵਿਹੜੇ ਵਿਚ ਧਰੇਕਾਂ।

ਇਕ ਸ਼ੂਕਦਾ ਦਰਿਆ ਅੱਗੇ ਨਜ਼ਰਾਂ ਦੀ ਹੱਦ ਤੀਕਰ,
ਅੱਗ ਵਰਗਾ ਇਕ ਸਹਿਰਾ ਜਦ ਮੈਂ ਪਿੱਛੇ ਮੁੜਕੇ ਵੇਖਾਂ।

ਮੇਰੇ ਸਿੱਲ੍ਹੇ ਨੈਣਾਂ 'ਤੇ ਨਾ ਸੁਪਨੇ ਆਪਣੇ ਟੰਗੀ,
ਤਸਵੀਰਾਂ ਦਾ ਭਾਰ ਸਹਿਣ ਨਾ ਜੰਗ ਖਾਧੀਆਂ ਮੇਖਾਂ।

ਉਮਰਾਂ ਦੇ ਹਰ ਜੋੜ ਘਟਾ ਕੇ ਹਾਸਲ ਸਿਰਫ ਹੀ ਆਇਐ,
ਸਾਡੇ ਕੋਲੋਂ ਗਿਣ-ਗਿਣ ਬਦਲੇ ਲੈ ਲਏ ਸਾਡੇ ਲੇਖਾਂ।

ਖੌਰੇ ਕਿੱਦਾਂ ਰੂਪ ਵਟਾ ਲੈਂਦੇ ਨੇ ਉਹ ਗਜ਼ਲਾਂ ਦਾ,
ਮੈਂ ਤਾਂ ਕਾਗਜ਼ ਦੀ ਦਰਗਾਹ 'ਤੇ ਦਰਦ ਉਦਾਸੇ ਟੇਕਾਂ।

ਹੁਣ ਤਾਂ ਨੈਣਾਂ ਖਾਬਾਂ ਦੀ ਜਾਗੋ ਵੀ ਨਹੀਂ ਭਾਉਂਦੀ,
ਹੁਣ ਤਾਂ ਚੰਗੀਆਂ-ਚੰਗੀਆਂ ਲੱਗਣ ਬੱਸ ਹਉਕੇ ਦੀਆਂ ਹੇਕਾਂ।

-ਸਿਮਰਨਜੋਤ

= = = = = = = =

## ਪਿਆਰ ਦੇ ਦੌਰ

ਅਸੀਂ ਜਿਸ ਦੀ ਹਰ ਘੜੀ ਸਾਰ ਲੈਂਦੇ ਰਹੇ,
ਉਹ ਸਾਨੂੰ ਹਰ ਵੇਲੇ ਮਾੜਾ ਕਹਿੰਦੇ ਰਹੇ।

ਕਿਨਾਰਾ ਮਿਲਿਆ ਤੇ ਉਹ ਠਹਿਰ ਗਏ
ਪਰ ਅਸੀਂ ਵਾਂਗ ਪਾਣੀਆਂ ਵਹਿੰਦੇ ਰਹੇ।

ਉਸ ਨੇ ਕੀਤੀ ਨਾ ਕਦਰ ਜਜ਼ਬਾਤ ਦੀ
ਆਪਣਾ ਦੂਜਾ ਰੱਬ ਜੀਹਨੂੰ ਕਹਿੰਦੇ ਰਹੇ।

ਕਦੇ ਨਾ ਸ਼ਿਕਵਾ ਕੀਤਾ ਯਾਰੋ ਉਹਦੇ
ਅਸੀਂ ਇਕੱਲੇ ਦੁੱਖ ਤਕਲੀਫਾਂ ਸਹਿੰਦੇ ਰਹੇ।

ਚਾਹਿਆ ਸੀ ਕਿ ਫੁੱਲ ਖਿਲਣਗੇ ਜ਼ਿੰਦਗੀ ਵਿਚ
ਪਰ ਨਾਲ ਕੰਡਿਆਂ ਹੱਥ ਸਦਾ ਖਹਿੰਦੇ ਰਹੇ।

ਉਹ ਦੂਰ ਹੀ ਰਹੀ ਬਿਮਾਰੀ ਦੇ ਇਸ ਘੇਰੇ ਤੋਂ
ਦੌਰੇ ਪਿਆਰ ਦੇ ਭੈਣੀ ਨੂੰ ਹੀ ਪੈਂਦੇ ਰਹੇ।

-ਸਵਿੰਦਰ ਭੱਟੀ

## ਮੰਜ਼ਿਲ

ਤੇਰੇ ਹਿੱਸੇ
ਖੁਸ਼ੀਆਂ-ਖੁਸ਼ੀਆਂ, ਮੇਰੇ ਹਿੱਸੇ
ਗਮ ਹੀ ਗਮ।
ਤੂੰ ਅੰਬਰ ਚੰਨ ਤਾਰਿਆਂ ਵਾਲਾ
ਮੈਂ ਧਰਤੀ ਨੇਰ੍ਹੇ ਵਿਚ ਡੁੱਬੀ।
ਤੂੰ ਸਾਗਰ ਹੈ ਲਹਿਰ
ਬਹਿਰ ਮੈਂ ਪਰਬਤ ਹਾਂ ਪੱਥਰਾਂ,
ਕੰਡਿਆਲੇ ਰੁੱਖਾਂ ਨਾਲ ਭਰਿਆ।
ਤੂੰ ਵਸਦਾ ਏ
ਕੋਠੀਆਂ ਅੰਦਰ,
ਮੇਰਾ ਵਾਸਾ ਕੱਚੇ
ਘਰ ਵਿਚ।
ਤੇਰੇ ਤਨ ਤੇ ਰੇਸ਼ਮੀ
ਵਸਤਰ
ਮੇਰੇ ਤਨ ਤੇ ਫਕਤ ਲੰਗੋਟੀ।
ਤੇਰੇ ਰਾਹ ਵਿਚ
ਫੁੱਲ ਹੱਸਦੇ,
ਮੇਰੀ ਤਾਂ ਹਰ ਵਾਟ
ਕੰਡਿਆਲੀ।
ਮੈਂ ਬੱਸਾਂ 'ਚ ਧੱਕੇ
ਖਾਵਾਂ, ਤੇਰੇ ਜੋ ਹੇਨ ਨਵੇਂ ਮਾਡਲ
ਦੀ ਕਾਰ।
ਮੈਂ ਜਾਵਾਂ ਸਕਾਈ ਟਰੇਨ ਵਿਚ
ਤੂੰ ਕੰਨਾਂ ਨੂੰ ਸੈਲਫੋਨ ਲਾਈ
ਫਿਰਦੈਂ,
ਮੈਂ ਪੇ ਫੋਨ 'ਤੇ ਖੜ੍ਹਾ ਨੰਬਰ ਘੁੰਮਾਵਾਂ।
ਤੇਰੇ ਮੇਰਾ ਸਾਥ,
ਨਹੀਂ ਨਿੱਭਣਾ, ਤੇਰੀ ਮੰਜ਼ਿਲ
ਹੋਰ ਮੇਰੀ ਮੰਜ਼ਿਲ ਹੋਰ।

-ਹਰਭਜਨ ਸਿੰਘ



# ਔਰਤਾਂ ਦੇ ਬੈਂਕ ਖਾਤਿਆਂ ਵਿੱਚ ਆਏ 1000 ਰੁਪਏ; ਭਗਵੰਤ ਮਾਨ ਸਰਕਾਰ ਨੇ ਤਿੰਨ ਮਹੀਨਿਆਂ ਦੀਆਂ ਕਿਸ਼ਤਾਂ ਇਕੱਠੀਆਂ ਜਾਰੀ ਕੀਤੀਆਂ

➢ ਪੰਜਾਬ ਦੀ ਹਰ ਔਰਤ ਨੂੰ ਮਿਲੇ 3000, ਜਦਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਮਿਲੇ 4500 ਰੁਪਏ ➢ 'ਆਪ' ਨੇ ਆਪਣਾ ਆਖਰੀ ਚੋਣ ਵਾਅਦਾ ਵੀ ਪੂਰਾ ਕੀਤਾ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਧੂਰੀ (ਸੰਗਰੂਰ), 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਭਰ ਦੀਆਂ ਲੱਖਾਂ ਔਰਤਾਂ ਦੀ ਉਡੀਕ ਅੱਜ ਉਸ ਵੇਲੇ ਖ਼ਤਮ ਹੋ ਗਈ, ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਦਿੱਤੀ ਆਪਣੀ ਆਖ਼ਰੀ ਚੋਣ ਗਾਰੰਟੀ ਨੂੰ ਪੂਰਾ ਕਰਦਿਆਂ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ▼ ਦੀ ਸ਼ੁਰੂਆਤ ਕੀਤੀ। ਧੂਰੀ ਵਿਖੇ ਵਿਸ਼ੇਸ਼ ਵੈੱਬ ਪੋਰਟਲ ਰਾਹੀਂ ਇਸ ਸਕੀਮ ਦੀ ਸ਼ੁਰੂਆਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਸਤਿਕਾਰ ਰਾਸ਼ੀ ਸਿੱਧੀ ਟ੍ਰਾਂਸਫਰ ਕਰਨ ਦਾ ਐਲਾਨ ਕੀਤਾ, ਜਿਸ ਤਹਿਤ ਹਰੇਕ ਔਰਤ ਨੂੰ 3,000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 4,500 ਮਿਲੇ ਹਨ। ਸਮਾਗਮ ਦੌਰਾਨ ਹੀ ਲਾਭਪਾਤਰੀਆਂ ਨੂੰ ਭੁਗਤਾਨ ਸ਼ੁਰੂ ਹੋ ਗਿਆ ਅਤੇ ਔਰਤਾਂ ਨੂੰ ਉਨ੍ਹਾਂ ਦੇ ਮੋਬਾਈਲ ਫੋਨਾਂ ▼ਤੇ ਐਸ.ਐਮ.ਐਸ. ਰਾਹੀਂ ਪੈਸੇ ਖ਼ਾਤੇ ਵਿੱਚ ਆਉਣ ਦਾ ਸੰਦੇਸ਼ ਮਿਲਿਆ।

ਇਸ ਪ੍ਰੋਗਰਾਮ ਦੀਆਂ ਕੁਝ ਝਲਕੀਆਂ ਸਾਂਝੀਆਂ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਕਸ 'ਤੇ ਲਿਖਿਆ, ਅੱਜ ਧੂਰੀ ਵਿੱਚ 'ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਇਤਿਹਾਸਕ ਸ਼ੁਰੂਆਤ ਕੀਤੀ ਗਈ। ਇਸ ਸਕੀਮ ਤਹਿਤ ਹਰ ਔਰਤ ਨੂੰ 1,000 ਪ੍ਰਤੀ ਮਹੀਨਾ 'ਸਤਿਕਾਰ ਰਾਸ਼ੀ ਮਿਲੇਗੀ, ਜਦੋਂ ਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1,500 ਪ੍ਰਤੀ ਮਹੀਨਾ ਮਿਲਣਗੇ। ਯੋਜਨਾ ਦੇ ਲਾਗੂ ਹੋਣ ਨਾਲ, ਜੁਲਾਈ, ਅਗਸਤ ਅਤੇ ਸਤੰਬਰ ਮਹੀਨਿਆਂ ਦੀ ਇਕੱਠੀ ਰਾਸ਼ੀ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਟ੍ਰਾਂਸਫਰ ਕਰ ਦਿੱਤੀ ਗਈ ਹੈ। ਸਮਾਗਮ ਦੌਰਾਨ ਹੀ ਔਰਤਾਂ ਨੂੰ ਪੈਸੇ ਆਉਣ ਦੇ ਐਸ.ਐਮ.ਐਸ ਮਿਲਣੇ ਸ਼ੁਰੂ ਹੋ ਗਏ ਸਨ।



ਉਨ੍ਹਾਂ ਆਪਣੀ ਪੋਸਟ ਦੇ ਅਖੀਰ ਵਿੱਚ ਲਿਖਿਆ, ਸਾਡੀ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਪੂਰੀ ਯੋਜਨਾਬੰਦੀ ਨਾਲ ਇਹ ਸਕੀਮ ਸ਼ੁਰੂ ਕੀਤੀ ਹੈ ਕਿ ਇਹ ਆਉਣ ਵਾਲੇ ਸਾਲਾਂ ਵਿੱਚ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੇ। ਇਹ ਵਿੱਤੀ ਸਹਾਇਤਾ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨੂੰ ਵੱਡਾ ਸਹਾਰਾ ਦੇਵੇਗੀ ਅਤੇ ਨਾਲ ਹੀ ਸਾਡੀਆਂ ਮਾਵਾਂ-ਧੀਆਂ ਦੇ ਸਨਮਾਨ ਵਜੋਂ ਵੀ ਕੰਮ ਕਰੇਗੀ। ਸਕੀਮ ਦੀ ਸ਼ੁਰੂਆਤ ਕਰਨ ਤੋਂ ਬਾਅਦ ਤਾੜੀਆਂ ਦੀ ਗੂੰਜ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਦੇ ਦਿਨ ਨੂੰ ਇਤਿਹਾਸਕ ਦੱਸਿਆ ਅਤੇ ਕਿਹਾ ਕਿ ਸੂਬਾ ਸਰਕਾਰ ਨੇ ਇਹ ਵੱਡੀ ਪਹਿਲਕਦਮੀ ਸ਼ੁਰੂ ਕੀਤੀ ਹੈ, ਜਿਸ ਤਹਿਤ 40 ਲੱਖ ਤੋਂ ਵੱਧ ਔਰਤਾਂ ਪਹਿਲਾਂ ਹੀ ਰਜਿਸਟਰਡ ਹੋ ਚੁੱਕੀਆਂ ਹਨ। ਉਨ੍ਹਾਂ ਕਿਹਾ, ਸਤਿਕਾਰ ਰਾਸ਼ੀ ਜੁਲਾਈ ਮਹੀਨੇ ਤੋਂ ਸ਼ੁਰੂ ਹੋ ਗਈ ਹੈ ਅਤੇ ਇਹ ਔਰਤਾਂ ਦੇ ਸ਼ਕਤੀਕਰਨ ਦਾ ਰਾਹ ਪੱਧਰਾ ਕਰੇਗੀ। ਇਹ ਅਹਿਮ ਸਕੀਮ ਹੈ ਅਤੇ ਅਸੀਂ ਇਸ ਨੂੰ ਪੂਰੀ ਯੋਜਨਾਬੰਦੀ ਨਾਲ ਸ਼ੁਰੂ ਕੀਤਾ ਹੈ ਤਾਂ ਜੋ ਇਹ ਪੱਕੇ ਤੌਰ 'ਤੇ ਜਾਰੀ ਰਹੇ।

ਸਕੀਮ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 18 ਸਾਲ ਤੋਂ ਵੱਧ ਉਮਰ ਦੀਆਂ ਮਹਿਲਾ ਲਾਭਪਾਤਰੀਆਂ ਨੂੰ 1,000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਬਾਰੇ ਮੋਬਾਈਲ 'ਤੇ ਨੋਟੀਫਿਕੇਸ਼ਨ ਮਿਲਣਗੇ। ਉਨ੍ਹਾਂ ਕਿਹਾ, ਫੰਡ ਸਿੱਧੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੇ ਜਾਣਗੇ ਅਤੇ ਜੋ ਔਰਤਾਂ ਪਹਿਲਾਂ ਹੀ ਸਮਾਜਿਕ ਸੁਰੱਖਿਆ ਪੈਨਸ਼ਨਾਂ ਲੈ ਰਹੀਆਂ ਹਨ, ਉਹ ਵੀ ਇਸ ਸਕੀਮ ਅਧੀਨ ਯੋਗ ਹੋਣਗੀਆਂ। ਪੰਜਾਬ ਦੀਆਂ ਲਗਪਗ 97 ਫੀਸਦੀ ਔਰਤਾਂ ਨੂੰ ਇਸ ਦਾ ਲਾਭ ਮਿਲਣ ਦੀ ਉਮੀਦ ਹੈ ਅਤੇ ਸੂਬਾ ਸਰਕਾਰ ਨੇ ਬਜਟ ਵਿੱਚ ਇਸ ਮਕਸਦ ਲਈ 9,300 ਕਰੋੜ ਰੁਪਏ ਰੱਖੇ ਹਨ।

ਇਸ ਪਹਿਲਕਦਮੀ ਦੇ ਵੱਡੇ ਸਮਾਜਿਕ ਮਹੱਤਵ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਇਹ ਵਿੱਤੀ ਸਹਾਇਤਾ ਔਰਤਾਂ ਨੂੰ ਅਮੀਰ ਨਾ ਬਣਾਵੇ, ਪਰ ਇਹ ਉਨ੍ਹਾਂ ਨੂੰ ਮਾਣ-ਸਨਮਾਨ ਜ਼ਰੂਰ ਦੇਵੇਗੀ। ਉਨ੍ਹਾਂ ਕਿਹਾ, ਔਰਤਾਂ ਸਭ ਤੋਂ ਵੱਧ ਸਨਮਾਨ ਦੀਆਂ ਹੱਕਦਾਰ ਹਨ ਕਿਉਂਕਿ ਉਹ ਖ਼ੁਦ ਜੀਵਨ ਦਾ ਸਰੋਤ ਹਨ। ਸਾਡੀਆਂ ਮਾਵਾਂ ਅਤੇ ਭੈਣਾਂ ਦੀਆਂ ਅਸੀਸਾਂ ਸਾਨੂੰ ਦੁਨੀਆ ਦੀ ਹਰ ਚੁਣੌਤੀ ਨੂੰ ਪਾਰ ਕਰਨ ਵਿੱਚ ਮਦਦ ਕਰ ਸਕਦੀਆਂ ਹਨ। ਔਰਤਾਂ ਦੀ ਵਿੱਤੀ ਖ਼ੁਦਮੁਖਤਿਆਰੀ ਨੂੰ ਮਜ਼ਬੂਤ ਕਰਨ, ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਅਤੇ ਸਮਾਜਿਕ ਤੇ ਆਰਥਿਕ ਫੈਸਲੇ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਨੂੰ ਵਧਾਉਣ ਲਈ ਇਹ ਬਹੁਤ ਜ਼ਰੂਰੀ ਹੈ।

ਇਸ ਸਕੀਮ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀਆਂ ਔਰਤਾਂ ਦਾ ਭਰਾ, ਪੁੱਤਰ ਅਤੇ ਭਤੀਜਾ ਹੋਣ ਦੇ ਨਾਤੇ ਉਹ ਹਰ ਲਾਭਪਾਤਰੀ ਨੂੰ ਭਰੋਸਾ ਦਿਵਾਉਂਦੇ ਹਨ ਕਿ ਇਹ ਸਕੀਮ ਕਦੇ ਵੀ ਬੰਦ ਨਹੀਂ ਹੋਵੇਗੀ ਕਿਉਂਕਿ ਇਹ ਲੋਕਾਂ ਵਿੱਚ ਜਤਾਏ ਗਏ ਵਿਸ਼ਵਾਸ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ, ਔਰਤਾਂ ਦੇ ਮੋਬਾਈਲ ਫੋਨ ਨੋਟੀਫਿਕੇਸ਼ਨਾਂ ਨਾਲ ਬੀਪ ਕਰਨਾ ਸ਼ੁਰੂ ਕਰ ਦੇਣਗੇ, ਜੋ ਖ਼ੁਸ਼ਹਾਲੀ ਦੇ ਨਵੇਂ ਯੁੱਗ ਦੀ ਸ਼ੁਰੂਆਤ ਹੈ, ਜਿੱਥੇ ਔਰਤਾਂ ਮਾਣ ਅਤੇ ਸਨਮਾਨ ਨਾਲ ਜਿਊਣਗੀਆਂ। ਇਹ ਔਰਤਾਂ ਪ੍ਰਤੀ ਸਾਡੇ ਸਨਮਾਨ ਨੂੰ ਦਰਸਾਉਂਦਾ ਹੈ ਅਤੇ ਸੂਬਾ ਸਰਕਾਰ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ।

ਆਪਣੀ ਸਰਕਾਰ ਦੇ ਲੋਕ-ਪੱਖੀ ਸ਼ਾਸਨ ਮਾਡਲ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਤੋਂ ਇਕੱਠਾ ਕੀਤਾ ਟੈਕਸ ਦਾ ਪੈਸਾ ਉਨ੍ਹਾਂ ਦਾ ਹੀ ਹੈ ਅਤੇ ਸਰਕਾਰ ਇਸ ਨੂੰ ਉਨ੍ਹਾਂ ਦੀ ਭਲਾਈ ਲਈ ਸਮਝਦਾਰੀ ਨਾਲ ਖ਼ਰਚ ਕਰ ਰਹੀ ਹੈ। ਉਨ੍ਹਾਂ ਕਿਹਾ, ਲੋਕਾਂ ਦਾ ਪੈਸਾ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਲੋਕਾਂ ਕੋਲ ਵਾਪਸ ਆ ਰਿਹਾ ਹੈ। ਸੂਬਾ ਸਰਕਾਰ ਸਿਰਫ਼ ਲੋਕਾਂ ਲਈ ਕੰਮ ਕਰ ਰਹੀ ਹੈ। ਅਸੀਂ ਘਰਾਂ ਨੂੰ ਮੁਫ਼ਤ ਬਿਜਲੀ ਦਿੱਤੀ ਹੈ, ਬਿਨਾਂ ਕਿਸੇ ਭ੍ਰਿਸ਼ਟਾਚਾਰ ਦੇ 68,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਸੜਕਾਂ ਨੂੰ ਸੁਧਾਰਿਆ ਹੈ, ਟੋਲ ਪਲਾਜ਼ੇ ਬੰਦ ਕਰਕੇ ਰੋਜ਼ਾਨਾ 70 ਲੱਖ ਰੁਪਏ ਬਚਾਏ ਹਨ, ਮਿਆਰੀ ਸਿੱਖਿਆ ਅਤੇ ਸਿਹਤ ਸੰਭਾਲ ਨੂੰ ਮਜ਼ਬੂਤ ਕੀਤਾ ਹੈ, ਬੁਨਿਆਦੀ ਢਾਂਚਾ ਬਣਾਇਆ ਹੈ।

# ਰਾਘਵ ਚੱਢਾ ਮਾਣਹਾਨੀ ਮਾਮਲਾ: ਕੋਰਟ ਵੱਲੋਂ ਸਮੁੱਚੀ ਰਾਹਤ ਦੇਣ ਤੋਂ ਇਨਕਾਰ, ਸਿਰਫ਼ 5 ਪੋਸਟਾਂ ਹਟਾਉਣ ਦਾ ਹੁਕਮ

**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**



ਦਿੱਲੀ ਹਾਈ ਕੋਰਟ ਨੇ ਬੁੱਧਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਕਥਿਤ ਤੌਰ 'ਤੇ ਮਾਣਹਾਨੀ ਵਾਲੀ ਔਨਲਾਈਨ ਸਮੱਗਰੀ ਨੂੰ ਹਟਾਉਣ ਅਤੇ ਉਨ੍ਹਾਂ ਦੇ ਸ਼ਖਸੀਅਤ ਦੇ ਅਧਿਕਾਰਾਂ ਦੀ ਰੱਖਿਆ ਕਰਨ ਲਈ ਕੋਈ ਬਲੈਂਕੇਟ ਅੰਤਰਿਮ ਹੁਕਮ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ।

ਹਾਲਾਂਕਿ, ਕੋਰਟ ਨੇ ਚੱਢਾ ਵੱਲੋਂ ਪਛਾਣੀਆਂ ਗਈਆਂ ਪੰਜ ਵਿਸ਼ੇਸ਼ ਪੋਸਟਾਂ ਨੂੰ ਹਟਾਉਣ ਦੇ ਹੁਕਮ ਦਿੱਤੇ ਹਨ। ਜਸਟਿਸ ਸੁਬਰਾਮਨੀਅਮ ਪ੍ਰਸਾਦ ਨੇ ਦੇਖਿਆ ਕਿ ਬਾਕੀ ਸਮੱਗਰੀ ਮਾਣਹਾਨੀ ਵਾਲੀ ਨਹੀਂ ਜਾਪਦੀ ਹੈ। ਕੋਰਟ ਨੇ ਕਿਹਾ, ÷ਮੈਂ ਪੰਜ ਦਸਤਾਵੇਜ਼ਾਂ ਨੂੰ ਹਟਾਉਣ ਦਾ ਹੁਕਮ ਦਿੱਤਾ ਹੈ। ਬਾਕੀ ਸਮੱਗਰੀ ਮਾਣਹਾਨੀ ਵਾਲੀ ਨਹੀਂ ਹੈ।÷

ਇਹ ਹੁਕਮ ਚੱਢਾ ਵੱਲੋਂ ਦਾਇਰ ਕੀਤੇ ਗਏ ਮੁਕੱਦਮੇ ਵਿੱਚ ਆਇਆ ਹੈ, ਜਿਸ ਵਿੱਚ ਉਨ੍ਹਾਂ ਨੇ ਇਸ ਸਾਲ ਆਮ ਆਦਮੀ ਪਾਰਟੀ (ਆਪ) ਤੋਂ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਕਥਿਤ ਤੌਰ 'ਤੇ ਫੈਲਾਈ ਗਈ ਏਆਈ-ਜਨਰੇਟਿਡ ਡੀਪਫੇਕ, ਹੇਰਾਫੇਰੀ ਵਾਲੇ ਵੀਡੀਓ, ਸਿੰਥੈਟਿਕ ਵੌਇਸ ਕਲੋਨਿੰਗ, ਮੋਰਫਡ ਚਿੱਤਰਾਂ, ਬਣਾਵਟੀ ਭਾਸ਼ਣਾਂ ਅਤੇ ਹੋਰ ਗੁੰਮਰਾਹਕੁੰਨ ਡਿਜੀਟਲ ਸਮੱਗਰੀ ਦੇ ਖ਼ਿਲਾਫ਼ ਰੋਕ ਦੀ ਮੰਗ ਕੀਤੀ ਸੀ।

ਚੱਢਾ ਨੇ ਦਲੀਲ ਦਿੱਤੀ ਸੀ ਕਿ ਕਈ ਪੋਸਟਾਂ, ਜਿਨ੍ਹਾਂ ਵਿੱਚ ਉਨ੍ਹਾਂ ਨੂੰ ਸਾੜੀ ਪਹਿਨੇ ਹੋਏ ਮੋਰਫਡ ਚਿੱਤਰ ਅਤੇ ਇੱਕ ਹੋਰ ਜਿਸ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਨ੍ਹਾਂ 'ਤੇ ਪੈਸੇ ਲੁੱਟਾ ਰਹੇ ਹਨ, ਮਾਣਹਾਨੀ ਵਾਲੀਆਂ ਹਨ ਅਤੇ ਗਲਤ ਤਰੀਕੇ ਨਾਲ ਸੁਝਾਅ ਦਿੰਦੀਆਂ ਹਨ ਕਿ ਉਨ੍ਹਾਂ ਨੇ ਭਾਜਪਾ ਵਿੱਚ ਸ਼ਾਮਲ ਹੋਣ ਲਈ ਪੈਸੇ ਲਏ ਹਨ।

21 ਮਈ ਨੂੰ ਅੰਤਰਿਮ ਰੋਕ ਦੀ ਅਰਜ਼ੀ 'ਤੇ ਸੁਣਵਾਈ ਦੌਰਾਨ, ਕੋਰਟ ਨੇ ਮੁੱਢਲੀ ਨਜ਼ਰੇ ਦੇਖਿਆ ਸੀ ਕਿ ਵਿਵਾਦਤ ਸਮੱਗਰੀ ਵਿੱਚ ਸ਼ਖਸੀਅਤ ਦੇ ਅਧਿਕਾਰਾਂ ਦੀ ਉਲੰਘਣਾ ਸ਼ਾਮਲ ਨਹੀਂ ਹੈ, ਸਗੋਂ ਇਹ ਜ਼ਿਆਦਾਤਰ ਰਾਜਨੀਤਿਕ ਆਲੋਚਨਾ ਹੈ। ਜਸਟਿਸ ਪ੍ਰਸਾਦ ਨੇ ਨੋਟ ਕੀਤਾ ਕਿ ਰਾਜਨੀਤਿਕ ਫੈਸਲਿਆਂ ਦੀ ਆਲੋਚਨਾ ਲੰਬੇ ਸਮੇਂ ਤੋਂ ਲੋਕਤੰਤਰੀ ਬਹਿਸ ਦਾ ਹਿੱਸਾ ਰਹੀ ਹੈ, ਜਿਸ ਲਈ ਉਨ੍ਹਾਂ ਨੇ ਆਰ.ਕੇ. ਲਕਸ਼ਮਣ ਦੇ ਰਾਜਨੀਤਿਕ ਕਾਰਟੂਨਾਂ ਦੀ ਉਦਾਹਰਣ ਦਿੱਤੀ।

ਕੋਰਟ ਨੇ ਦੇਖਿਆ ਕਿ ਹਾਲਾਂਕਿ ਸੋਸ਼ਲ ਮੀਡੀਆ ਨੇ ਅਜਿਹੀ ਆਲੋਚਨਾ ਦੀ ਪਹੁੰਚ ਨੂੰ ਵਧਾ ਦਿੱਤਾ ਹੈ, ਪਰ ਇਹ ਆਪਣੇ ਆਪ ਸ਼ਖਸੀਅਤ ਦੇ ਅਧਿਕਾਰਾਂ ਦੀ ਉਲੰਘਣਾ ਨਹੀਂ ਮੰਨੀ ਜਾਂਦੀ। ਕੋਰਟ ਨੇ ਮਾਣਹਾਨੀ ਦੇ ਦਾਅਵੇ ਅਤੇ ਸ਼ਖਸੀਅਤ ਦੇ ਅਧਿਕਾਰਾਂ ਦੀ ਸੁਰੱਖਿਆ ਲਈ ਦਾਇਰ ਮੁਕੱਦਮੇ ਵਿੱਚ ਫਰਕ ਕੀਤਾ, ਇਹ ਸੰਕੇਤ ਦਿੰਦੇ ਹੋਏ ਕਿ ਚੱਢਾ ਵੱਲੋਂ ਉਠਾਏ ਗਏ ਮੁੱਦੇ ਮਾਣਹਾਨੀ ਦੇ ਖੇਤਰ ਵਿੱਚ ਜ਼ਿਆਦਾ ਆਉਂਦੇ ਜਾਪਦੇ ਹਨ। ਇਸ ਗੱਲ 'ਤੇ ਸਵਾਲ ਉਠਾਉਂਦੇ ਹੋਏ ਕਿ ਰਾਜਨੀਤਿਕ ਆਗੂਆਂ ਨੂੰ ਜਨਤਕ ਆਲੋਚਨਾ ਨੂੰ ਕਿੰਨਾ ਕੁ ਬਰਦਾਸ਼ਤ ਕਰਨਾ ਚਾਹੀਦਾ ਹੈ, ਜਸਟਿਸ ਪ੍ਰਸਾਦ ਨੇ ਸੁਣਵਾਈ ਦੌਰਾਨ ਟਿੱਪਣੀ ਕੀਤੀ ਕਿ ਵਿਵਾਦਤ ਸਮੱਗਰੀ ਕਿਸੇ ਰਾਜਨੀਤਿਕ ਫੈਸਲੇ 'ਤੇ ਟਿੱਪਣੀ ਜਾਪਦੀ ਹੈ। ਉਨ੍ਹਾਂ ਕਿਹਾ, ÷ਇੱਕ ਰਾਜਨੀਤਿਕ ਆਗੂ ਵਜੋਂ, ਕੀ ਤੁਸੀਂ ਇੰਨੇ ਸੰਵੇਦਨਸ਼ੀਲ ਹੋ ਸਕਦੇ ਹੋ?÷

ਕੋਰਟ ਨੇ ਇਹ ਵੀ ਸੰਕੇਤ ਦਿੱਤਾ ਸੀ ਕਿ ਉਹ ਇੱਕ ਅਮਿਕਸ ਕਿਊਰੀ ਨਿਯੁਕਤ ਕਰਨ 'ਤੇ ਵਿਚਾਰ ਕਰ ਸਕਦੀ ਹੈ ਕਿਉਂਕਿ ਔਨਲਾਈਨ ਸਮੱਗਰੀ ਦੇ ਕਥਿਤ ਸਿਰਜਣਹਾਰਾਂ ਦੀ ਪਛਾਣ ਨਹੀਂ ਹੋਈ ਸੀ। ਹਾਲਾਂਕਿ, ਚੱਢਾ ਦੇ ਵਕੀਲ ਨੇ ਬੇਨਤੀ ਕੀਤੀ ਕਿ ਕੋਰਟ ਪਹਿਲਾਂ ਅੰਤਰਿਮ ਰਾਹਤ ਦੀ ਪਟੀਸ਼ਨ 'ਤੇ ਫੈਸਲਾ ਕਰੇ। ਵਿਸਤ੍ਰਿਤ ਦਲੀਲਾਂ ਸੁਣਨ ਤੋਂ ਬਾਅਦ, ਹਾਈ ਕੋਰਟ ਨੇ ਪੰਜ ਵਿਸ਼ੇਸ਼ ਪੋਸਟਾਂ ਨੂੰ ਹਟਾਉਣ ਦਾ ਨਿਰਦੇਸ਼ ਦਿੱਤਾ ਜਦਕਿ ਬਾਕੀ ਸਮੱਗਰੀ ਦੇ ਖ਼ਿਲਾਫ਼ ਕੋਈ ਵਿਆਪਕ ਅੰਤਰਿਮ ਹੁਕਮ ਜਾਰੀ ਕਰਨ ਤੋਂ ਇਨਕਾਰ ਕਰ ਦਿੱਤਾ।

# ਸੀ.ਬੀ.ਆਈ. ਵੱਲੋਂ 2012 ਬੈਚ ਦਾ ਹਰਿਆਣਾ ਕੇਡਰ ਦਾ IPS ਅ.ਫ਼ਸਰ ਦੀਪਕ ਗਹਿਲਾਵਤ ਰਿਸ਼ਵਤਖੋਰੀ ਮਾਮਲੇ 'ਚ ਗ੍ਰਿ.ਫ਼ਤਾਰ

**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੈਂਟਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (329) ਨੇ ਅੱਜ ਇੱਕ ਵੱਡੀ ਕਾਰਵਾਈ ਕਰਦਿਆਂ 2012 ਬੈਚ ਦੇ ਹਰਿਆਣਾ ਕੇਡਰ ਦੇ ਆਈ.ਪੀ.ਐੱਸ. ਅਫ਼ਸਰ ਦੀਪਕ ਗਹਿਲਾਵਤ ਨੂੰ ਕਥਿਤ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਗਹਿਲਾਵਤ ਇਸ ਵੇਲੇ ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਬਿਊਰੋ ਆਫ਼ ਸਿਵਲ ਐਵੀਏਸ਼ਨ ਸਕਿਊਰਿਟੀ ਵਿੱਚ ਕੇਂਦਰੀ ਡੈਪੂਟੇਸ਼ਨ 'ਤੇ ਤਾਇਨਾਤ ਹਨ।

ਦੱਸਣਯੋਗ ਹੈ ਕਿ ਸੀ.ਬੀ.ਆਈ. ਨੇ ਇਸ ਸਬੰਧੀ 8 ਜੂਨ 2026 ਨੂੰ ਦਿੱਲੀ ਪੁਲੀਸ ਦੇ ਇੱਕ ਇੰਸਪੈਕਟਰ ਪ੍ਰਦੀਪ ਸਿੰਘ ਅਤੇ ਦੋ ਹੋਰ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਸੀ। ਜਾਂਚ ਦੌਰਾਨ ਇਹ ਖੁਲਾਸਾ ਹੋਇਆ ਕਿ ਆਈ.ਏ.ਐੱਸ. ਅਫ਼ਸਰ ਦੀਪਕ ਗਹਿਲਾਵਤ ਨੇ ਕਥਿਤ ਤੌਰ 'ਤੇ ਆਪਣੇ ਨਿੱਜੀ ਪ੍ਰਭਾਵ ਦੀ ਵਰਤੋਂ ਕਰਕੇ ਦੋਵਾਂ ਵਿਅਕਤੀਆਂ ਨੂੰ ਰਾਹਤ ਦਿਵਾਉਣ ਦੇ ਬਦਲੇ ਮੋਟੀ ਰਿਸ਼ਵਤ ਦੀ ਮੰਗ ਕੀਤੀ ਸੀ। ਇਹ ਮਾਮਲਾ ਪਾਂਡੀਚੇਰੀ (ਪੁਡੂਚੇਰੀ) ਵਿੱਚ ਨਕਲੀ ਦਵਾਈਆਂ ਦੀ ਵਿਕਰੀ ਨਾਲ ਸਬੰਧਤ ਹੈ, ਜਿਸ ਦੀ ਜਾਂਚ ਪਹਿਲਾਂ ਹੀ ਸੀ.ਬੀ.ਆਈ. ਵੱਲੋਂ ਕੀਤੀ ਜਾ ਰਹੀ ਹੈ।

ਇਸ ਮਾਮਲੇ ਵਿੱਚ ਕਾਰਵਾਈ ਕਰਦਿਆਂ ਸੀ.ਬੀ.ਆਈ. ਨੇ ਪਹਿਲਾਂ ਦਿੱਲੀ ਪੁਲੀਸ ਦੇ ਮੁਲਜ਼ਮ ਇੰਸਪੈਕਟਰ ਦੇ ਨਾਲ-ਨਾਲ ਛੇ ਹੋਰ ਨਿੱਜੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ। ਇਸ ਕਾਰਵਾਈ ਦੌਰਾਨ ਟਰੈਪ ਮਨੀ (ਰਿਸ਼ਵਤ ਦੀ ਰਕਮ) ਵਜੋਂ ਲਗਭਗ 25 ਲੱਖ ਰੁਪਏ ਅਤੇ ਜਾਂਚ ਦੌਰਾਨ 90 ਲੱਖ ਰੁਪਏ ਦੀ ਹੋਰ ਨਕਦੀ ਸਣੇ ਕਈ ਇਤਰਾਜ਼ਯੋਗ ਦਸਤਾਵੇਜ਼ ਜ਼ਬਤ ਕੀਤੇ ਗਏ ਸਨ।

ਆਈ.ਪੀ.ਐੱਸ. ਦੀਪਕ ਗਹਿਲਾਵਤ ਦੀ ਗ੍ਰਿਫ਼ਤਾਰੀ ਤੋਂ ਬਾਅਦ ਸੀ.ਬੀ.ਆਈ. ਵੱਲੋਂ ਉਨ੍ਹਾਂ ਨਾਲ ਲਿੰਕਡ (ਜੁੜੇ) ਕਈ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ ਹੈ। ਇਸ ਤਲਾਸ਼ੀ ਮੁਹਿੰਮ ਦੌਰਾਨ ਪੁਲੀਸ ਨੇ ਕਈ ਡਿਜੀਟਲ ਡਿਵਾਈਸ, ਹਾਰਡ ਡਿਸਕਾਂ ਅਤੇ ਅਹਿਮ ਦਸਤਾਵੇਜ਼ ਆਪਣੇ ਕਬਜ਼ੇ ਵਿੱਚ ਲਏ ਹਨ। ਏਜੰਸੀ ਮੁਤਾਬਕ ਇਸ ਹਾਈ-ਪ੍ਰੋਫਾਈਲ ਮਾਮਲੇ ਦੀ ਜਾਂਚ ਅਜੇ ਵੀ ਲਗਾਤਾਰ ਜਾਰੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਕਈ ਹੋਰ ਵੱਡੇ ਖੁਲਾਸੇ ਹੋਣ ਦੀ ਉਮੀਦ ਹੈ।

# ਮੁੱਖ ਮੰਤਰੀ ਨੇ 'ਐਸ.ਆਈ.ਆਰ.-2026' ਤਹਿਤ ਗਣਨਾ ਫਾਰਮ ਭਰਿਆ, ਲੋਕਾਂ ਨੂੰ ਵੋਟ ਸੁਧਾਈ ਬਾਰੇ ਪ੍ਰਕਿਰਿਆ ਮੁਕੰਮਲ ਕਰਨ ਦੀ ਅਪੀਲ

ਬੀ.ਐਲ.ਓਜ਼ ਅਤੇ ਚੋਣ ਕਮਿਸ਼ਨ ਦੇ ਸਟਾਫ਼ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਪੰਜਾਬ ਵਿੱਚ ਵੋਟਰ ਸੂਚੀ ਦੀ 90 ਫੀਸਦ ਮੈਪਿੰਗ ਦਾ ਕੰਮ ਮੁਕੰਮਲ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਸੰਗਰੂਰ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਲੋਕਾਂ ਨੂੰ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.)-2026 ਤਹਿਤ ਆਪਣੀ ਵੋਟ ਦੀ ਤਸਦੀਕ ਲਈ ਗਣਨਾ ਫਾਰਮ (ਐਨਿਊਮਰੇਸ਼ਨ ਫਾਰਮ) ਭਰਨ ਦਾ ਸੱਦਾ ਦਿੱਤਾ। ਆਪਣੀ ਵੋਟ ਦੀ ਤਸਦੀਕ ਲਈ ਗਣਨਾ ਫਾਰਮ ਭਰਨ ਤੋਂ ਬਾਅਦ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਨੇ ਲਗਭਗ 90 ਫੀਸਦ ਵੋਟਰ ਸੂਚੀ ਦੀ ਮੈਪਿੰਗ ਦਾ ਅੰਕੜਾ ਪਹਿਲਾਂ ਹੀ ਹਾਸਲ ਕਰ ਲਿਆ ਹੈ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਇਸ ਸੁਧਾਰ ਪ੍ਰਕਿਰਿਆ ਦੌਰਾਨ ਕਿਸੇ ਦੀ ਵੀ ਅਸਲੀ ਵੋਟ ਨੂੰ ਕੱਟਣ ਨਹੀਂ ਦੇਵੇਗੀ।



ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਵਿੱਚ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ.)-2026 ਦੇ ਤਹਿਤ ਬੂਥ ਲੈਵਲ ਅਫ਼ਸਰ (ਬੀ.ਐਲ.ਓਜ਼) 25 ਜੂਨ ਤੋਂ 24 ਜੁਲਾਈ ਤੱਕ ਘਰ-ਘਰ ਜਾ ਕੇ ਵੋਟਰ ਸੂਚੀਆਂ ਦੀ ਤਸਦੀਕ ਅਤੇ ਸੁਧਾਈ ਕਰ ਰਹੇ ਹਨ। ਇਹ ਬਹੁਤ ਹੀ ਮਾਣ ਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਸੂਬੇ ਵਿੱਚ ਲਗਭਗ 90 ਫੀਸਦ ਵੋਟਰਾਂ ਦੀ ਮੈਪਿੰਗ ਪਹਿਲਾਂ ਹੀ ਹੋ ਚੁੱਕੀ ਹੈ ਅਤੇ ਬਾਕੀ ਰਹਿੰਦਾ ਕੰਮ ਵੀ ਜੰਗੀ ਪੱਧਰ 'ਤੇ ਚੱਲ ਰਿਹਾ ਹੈ।

ਇਸ ਕੰਮ ਵਿੱਚ ਜੁਟੇ ਸਟਾਫ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, ਇਸ ਪ੍ਰਾਪਤੀ ਲਈ ਮੈਂ ਸਮੂਹ ਬੀ.ਐਲ.ਓਜ਼ ਅਤੇ ਚੋਣ ਕਮਿਸ਼ਨ ਦੇ ਸਟਾਫ਼ ਨੂੰ ਵਧਾਈ ਦਿੰਦਾ ਹਾਂ। ਇਹ ਸਭ ਉਨ੍ਹਾਂ ਦੀ ਲਗਨ ਅਤੇ ਸਖ਼ਤ ਮਿਹਨਤ ਸਦਕਾ ਹੀ ਸੰਭਵ ਹੋਇਆ ਹੈ। ਬੀ.ਐਲ.ਓਜ਼ ਦੀ ਭੂਮਿਕਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਬੀ.ਐਲ.ਓਜ਼ ਹਰ ਘਰ ਜਾ ਕੇ 'ਗਣਨਾ ਫਾਰਮ' ਮੁਹੱਈਆ ਕਰਵਾ ਰਹੇ ਹਨ ਅਤੇ ਵੋਟਰਾਂ ਨੂੰ ਇਸ ਨੂੰ ਭਰਨ ਵਿੱਚ ਮਦਦ ਵੀ ਕਰ ਰਹੇ ਹਨ। ਵੋਟਰਾਂ ਦੀ ਸਹੂਲਤ ਲਈ ਫਾਰਮ ਦੇ ਨਾਲ ਕੋਈ ਵਾਧੂ ਦਸਤਾਵੇਜ਼ ਨਹੀਂ ਲਏ ਜਾ ਰਹੇ। ਸਿਰਫ਼ ਮੌਜੂਦਾ ਵੇਰਵਿਆਂ ਦੀ ਤਸਦੀਕ ਦੀ ਹੀ ਲੋੜ ਹੈ।

ਇਸ ਪ੍ਰਕਿਰਿਆ ਬਾਰੇ ਹੋਰ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਨੇ ਦੱਸਿਆ, ਜੇਕਰ ਕੋਈ ਘਰ ਬੰਦ ਪਾਇਆ ਜਾਂਦਾ ਹੈ ਤਾਂ ਬੀ.ਐਲ.ਓ. ਉੱਥੇ ਸੂਚਨਾ ਪਰਚੀ (ਇਨਫਰਮੇਸ਼ਨ ਸਲਿੱਪ) ਅਤੇ ਸਟਿੱਕਰ ਲਾਇਗਾ। ਬੀ.ਐਲ.ਓ. ਭਰਿਆ ਹੋਇਆ ਫਾਰਮ ਲੈਣ ਲਈ ਉਸ ਘਰ ਵਿੱਚ ਘੱਟੋ-ਘੱਟ ਤਿੰਨ ਵਾਰ ਫੇਰੀ ਪਾਉਣਗੇ। ਲੋਕਾਂ ਨੂੰ ਬਿਨਾਂ ਕਿਸੇ ਦੇਰੀ ਦੇ ਇਸ ਪ੍ਰਕਿਰਿਆ ਨੂੰ ਮੁਕੰਮਲ ਕਰਨ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿਰਫ਼ ਉਨ੍ਹਾਂ ਵੋਟਰਾਂ ਦੇ ਨਾਂ ਹੀ ਵੋਟਰ ਸੂਚੀ ਦੇ ਖਰੜੇ (ਡਰਾਫਟ ਵੋਟਰ ਲਿਸਟ) ਵਿੱਚ ਸ਼ਾਮਲ ਕੀਤੇ ਜਾਣਗੇ ਜੋ ਸਹੀ ਤਰੀਕੇ ਨਾਲ ਭਰਿਆ ਹੋਇਆ ਫਾਰਮ ਜਮ੍ਹਾਂ ਕਰਵਾਉਣਗੇ। ਜੇਕਰ ਕੋਈ ਫਾਰਮ ਜਮ੍ਹਾਂ ਨਹੀਂ ਕਰਵਾਉਂਦਾ ਤਾਂ ਉਸ ਦਾ ਨਾਂ ਖਰੜਾ ਸੂਚੀ ਵਿੱਚ ਸ਼ਾਮਲ ਨਹੀ ਕੀਤਾ ਜਾਵੇਗਾ।

ਫਾਰਮ ਜਮ੍ਹਾਂ ਨਾ ਕਰਵਾਉਣ ਵਾਲਿਆਂ ਬਾਰੇ ਜਾਣਕਾਰੀ ਮੁੱਖ ਮੰਤਰੀ ਨੇ ਕਿਹਾ, ਜਿਹੜੇ ਲੋਕ ਫਾਰਮ ਜਮ੍ਹਾਂ ਨਹੀਂ ਕਰਵਾਉਣਗੇ, ਉਨ੍ਹਾਂ ਬਾਰੇ ਗੁਆਂਢੀਆਂ ਤੋਂ ਪੁੱਛਗਿੱਛ ਕਰਕੇ ਲੋੜੀਂਦੀ ਪ੍ਰਕਿਰਿਆ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਜਿਹੇ ਵੋਟਰਾਂ ਨੂੰ ਚਾਰ ਸ਼੍ਰੇਣੀਆਂ ਵਿੱਚ ਵੰਡਿਆ ਜਾਵੇਗਾ ਜਿਨ੍ਹਾਂ ਵਿੱਚ ਗੈਰ-ਹਾਜ਼ਰ, ਸ਼ਿਫਟ ਹੋ ਚੁੱਕੇ, ਮ੍ਰਿਤਕ ਅਤੇ ਦੋਹਰੀ ਵੋਟ ਵਾਲੇ ਵੋਟਰ ਸ਼ਾਮਲ ਹਨ।

ਵੋਟਰ ਸੂਚੀਆਂ ਦੇ ਪ੍ਰਕਾਸ਼ਨ ਦੀ ਸਮਾਂ-ਸੀਮਾ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੱਸਿਆ, ਇਹ ਸੂਚੀ ਸਿਆਸੀ ਪਾਰਟੀਆਂ ਦੇ ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਨਾਲ ਸਾਂਝੀ ਕੀਤੀ ਜਾਵੇਗੀ ਅਤੇ ਵੋਟਰ ਸੂਚੀ ਦਾ ਖਰੜਾ 3 ਅਗਸਤ ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਜੇਕਰ ਕੋਈ ਵੋਟਰ ਸੂਚੀ ਦਾ ਖਰੜਾ ਪ੍ਰਕਾਸ਼ਨ ਹੋਣ ਤੋਂ ਪਹਿਲਾਂ ਫਾਰਮ ਜਮ੍ਹਾਂ ਨਹੀਂ ਕਰਵਾ ਪਾਉਂਦਾ ਤਾਂ ਉਹ 3 ਅਗਸਤ ਤੋਂ 2 ਸਤੰਬਰ ਦਰਮਿਆਨ 'ਡੈਕਲਾਰੇਸ਼ਨ ਫਾਰਮ' ਦੇ ਨਾਲ ਫਾਰਮ-6 ਜਮ੍ਹਾਂ ਕਰਵਾ ਕੇ ਆਪਣਾ ਦਾਅਵਾ ਪੇਸ਼ ਕਰ ਸਕਦਾ ਹੈ। ਅੰਤਿਮ ਵੋਟਰ ਸੂਚੀ ਇਕ ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਹਰ ਯੋਗ ਵੋਟਰ ਦੇ ਹੱਕਾਂ ਦੀ ਰਾਖੀ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਭਾਰਤੀ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਸੂਬਾ ਸਰਕਾਰ ਇਕ ਵੀ ਅਸਲੀ ਵੋਟ ਨੂੰ ਕੱਟਣ ਨਹੀ ਦੇਵੇਗੀ।

# ਪਾਵਰਕੌਮ ਵੱਲੋਂ ਥਰਮਲਾਂ ਦੇ ਆਊਟ ਸੋਰਸ ਕਾਮੇ ਕੰਨਟ੍ਰੈਕਟ 'ਤੇ ਕਰਨ ਦਾ ਫ਼ੈਸਲਾ, ਨੋਟੀਫ਼ਿਕੇਸ਼ਨ ਜਾਰੀ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਵਰਕੌਮ ਨੇ ਤਾਪ ਬਿਜਲੀ ਘਰਾਂ 'ਚ ਲੰਮੇ ਅਰਸੇ ਤੋਂ ਕੰਮ ਕਰ ਰਹੇ ਆਊਟ ਸੋਰਸ ਕਾਮਿਆਂ ਨੂੰ ਕੰਨਟ੍ਰੈਕਟ ਪ੍ਰਣਾਲੀ 'ਚ ਲਿਆਉਣ ਦਾ ਫ਼ੈਸਲਾ ਲਿਆ ਹੈ। ਤਾਪ ਬਿਜਲੀ ਘਰਾਂ ਦੇ ਆਊਟ ਸੋਰਸ ਕਾਮੇ ਇਸ ਵੇਲੇ ਹੜਤਾਲ 'ਤੇ ਸਨ ਜਿਸ ਕਰਕੇ ਥਰਮਲਾਂ 'ਚ ਤਕਨੀਕੀ ਅੜਚਣਾਂ ਪੈਦਾ ਹੋ ਰਹੀਆਂ ਸਨ। ਪਾਵਰਕੌਮ ਨੇ ਲੰਘੇ ਕੱਲ੍ਹ ਇਨ੍ਹਾਂ ਕਾਮਿਆਂ ਨੂੰ ਪਾਵਰਕੌਮ 'ਚ ਸਿੱਧੇ ਕੰਨਟ੍ਰੈਕਟ 'ਤੇ ਲਿਆਉਣ ਦਾ ਨੋਟੀਫ਼ਿਕੇਸ਼ਨ ਵੀ ਜਾਰੀ ਕਰ ਦਿੱਤਾ ਹੈ। ਆਊਟ ਸੋਰਸ ਕਾਮਿਆਂ ਦੀ ਯੂਨੀਅਨ ਨੇ ਨੋਟੀਫ਼ਿਕੇਸ਼ਨ ਜਾਰੀ ਹੋਣ ਮਗਰੋਂ ਹੜਤਾਲ ਸਮਾਪਤ ਕਰ ਦਿੱਤੀ ਹੈ।

ਪਾਵਰਕੌਮ ਵੱਲੋਂ ਜਾਰੀ ਨੋਟੀਫ਼ਿਕੇਸ਼ਨ ਅਨੁਸਾਰ ਚਾਰ ਕੈਟਾਗਰੀ ਦੇ ਇਨ੍ਹਾਂ ਕਾਮਿਆਂ ਚੋਂ ਤਿੰਨ ਸਾਲ ਦੀ ਸੇਵਾ ਪੂਰੀ ਕਰਨ ਵਾਲੇ ਕਾਮਿਆਂ ਨੂੰ ਠੇਕਾ ਪ੍ਰਣਾਲੀ 'ਚ ਲਿਆ ਜਾਣਾ ਹੈ ਜਦੋਂ ਕਿ ਬਾਕੀਆਂ ਨੂੰ ਤਿੰਨ ਸਾਲ ਦਾ ਸਮਾਂ ਪੂਰੇ ਹੋਣ ਮਗਰੋਂ ਕੰਨਟ੍ਰੈਕਟ 'ਤੇ ਕੀਤਾ ਜਾਵੇਗਾ। ਪਹਿਲਾਂ ਇਹ ਕਾਮੇ ਪ੍ਰਾਈਵੇਟ ਠੇਕੇਦਾਰ ਅਧੀਨ ਕੰਮ ਕਰਦੇ ਸਨ। ਹੁਣ ਸਿੱਧੀ ਠੇਕਾ ਪ੍ਰਣਾਲੀ ਅਧੀਨ ਆਉਣ ਮਗਰੋਂ ਇਨ੍ਹਾਂ ਨੂੰ ਠੇਕੇਦਾਰ ਦਾ ਮਾਰਜਿਨ, ਜੀ ਐੱਸ ਟੀ ਦੀ ਬੱਚਤ ਹੋਣ ਵਾਲਾ ਵਾਧੂ ਲਾਭ ਅਤੇ ਗਰੈਚੁਟੀ ਆਦਿ ਫ਼ਾਇਦਾ ਵੀ ਮਿਲੇਗਾ।
ਪਾਵਰਕੌਮ ਦੇ ਇਸ ਫ਼ੈਸਲੇ ਦਾ ਕਰੀਬ 3500 ਆਊਟ ਸੋਰਸ ਕਾਮਿਆਂ ਨੂੰ ਲਾਭ ਮਿਲੇਗਾ। ਬਹੁਤੇ ਕਾਮੇ ਤਾਂ 1997 ਤੋਂ ਹੀ ਆਊਟ ਸੋਰਸ 'ਤੇ ਚੱਲੇ ਆ ਰਹੇ ਸਨ।

ਪਾਵਰਕੌਮ ਨੇ ਇਸ ਤੋਂ ਪਹਿਲਾਂ ਫ਼ੀਲਡ 'ਚ ਕੰਮ ਕਰਦੇ ਆਊਟ ਸੋਰਸ ਕਾਮਿਆਂ ਨੂੰ ਠੇਕਾ ਪ੍ਰਣਾਲੀ ਅਧੀਨ ਲਿਆਉਣ ਦਾ ਫ਼ੈਸਲਾ ਕੀਤਾ ਸੀ ਪ੍ਰੰਤੂ ਤਾਪ ਬਿਜਲੀ ਘਰਾਂ ਦੇ ਆਊਟ ਸੋਰਸ ਕਾਮਿਆਂ ਨੂੰ ਇਸ ਦਾਇਰੇ ਚੋਂ ਬਾਹਰ ਰੱਖਿਆ ਗਿਆ ਸੀ ਜਿਸ ਕਰਕੇ ਇਹ ਕਾਮੇ ਹੜਤਾਲ 'ਤੇ ਚਲੇ ਗਏ ਸਨ। ਇਨ੍ਹਾਂ ਕਾਮਿਆਂ ਦੀਆਂ ਯੂਨੀਅਨਾਂ ਦੇ ਆਗੂਆਂ ਦੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ 22 ਜੂਨ ਨੂੰ ਮੀਟਿੰਗ ਹੋਈ ਸੀ।

# ਭਾਰਤ ਸਰਕਾਰ ਖ਼ੁਰਾਕ ਸਬਸਿਡੀ ਕੇਵਲ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਦੇ ਮਾਧਿਅਮ ਤੋਂ ਹੀ ਦੇਵੇਗੀ

**ਚੰਡੀਗੜ੍ਹ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਜੁਲਾਈ ਮਹੀਨੇ ਤੋਂ ਭਾਰਤ ਸਰਕਾਰ ਖ਼ੁਰਾਕ ਸਬਸਿਡੀ ਕੇਵਲ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਦੇ ਮਾਧਿਅਮ ਤੋਂ ਹੀ ਦੇਵੇਗੀ। ਹੁਣ ਸਬਸਿਡੀ ਦੀ ਰਾਸ਼ੀ ਆਧਾਰ ਨਾਲ ਜੁੜੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਨਹੀਂ ਕੀਤੀ ਜਾਵੇਗੀ।

ਇਸ ਪ੍ਰਕਿਰਿਆ ਨੂੰ ਪੂਰਾ ਕਰਵਾਉਣ ਲਈ ਰੋਜ਼ਾਨਾ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਹ ਕੈਂਪ ਉਨ੍ਹਾਂ ਰਾਸ਼ਨ ਕਾਰਡ ਧਾਰਕਾਂ ਲਈ ਹਨ ਜਿਨ੍ਹਾਂ ਨੇ ਅਜੇ ਤੱਕ ਆਪਣੀ ਰਾਸ਼ਨ ਸਬਸਿਡੀ ਨੂੰ ਬੈਂਕ ਖਾਤੇ ਤੋਂ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਵਿੱਚ ਨਹੀਂ ਬਦਲਾਇਆ ਹੈ। ਜਿਨਾਂ ਖੇਤਰਾਂ ਵਿੱਚ ਅਜੇ ਵੀ ਬੜੀ ਸੰਖਿਆ ਵਿੱਚ ਲਾਭਾਰਥੀਆਂ ਨੇ ਮੋਬਾਈਲ ਐਪ ਡਾਊਨਲੋਡ ਅਤੇ ਕਿਰਿਆਸ਼ੀਲ ਨਹੀਂ ਕੀਤੀ ਹੈ, ਉੱਥੇ ਨਿਮਨਲਿਖਤ ਸਮੁਦਾਇਕ ਕੇਂਦਰਾਂ ਵਿੱਚ ਕੈਂਪ ਲਗਾਏ ਜਾ ਰਹੇ ਹਨ:

ਵਿਕਾਸ ਨਗਰ, ਮੌਲੀ ਜੱਗਰਾਂ (3,100 ਲੰਬਿਤ)
ਧਨਾਸ (2,100 ਲੰਬਿਤ)
ਮਲੋਆ (1,900 ਲੰਬਿਤ)
ਸੈਕਟਰ 25 (500 ਲੰਬਿਤ)
ਰਾਮਲੀਲਾ ਗ੍ਰਾਉਂਡ, ਬੁੜੈਲ (900 ਲੰਬਿਤ)
ਸੈਕਟਰ 52/ਕਜਹੇੜੀ (1,100 ਲੰਬਿਤ)
ਸੈਕਟਰ 56/ਪਲਸੌਰਾ (900 ਲੰਬਿਤ)
ਰਾਮ ਦਰਬਾਰ (800 ਲੰਬਿਤ)
ਬਾਪੂ ਧਾਮ ਕਾਲੋਨੀ (800 ਲੰਬਿਤ)
ਮਨੀਮਾਜਰਾ (ਰਿਮਟ/ਆਰਆਈਐੱਮਟੀ ਸਕੂਲ ਦੇ ਪਾਸ) (2,400 ਲੰਬਿਤ)

ਜਿਨ੍ਹਾਂ ਲਾਭਰਥੀਆਂ ਨੇ ਆਪਣੀ ਜਾਣਕਾਰੀ ਪਹਿਲਾਂ ਹੀ ਜਮਾਂ ਕਰਵਾ ਦਿੱਤੀ ਹੈ, ਲੇਕਿਨ ਅਜੇ ਤੱਕ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪ ਡਾਊਨਲੋਡ ਅਤੇ ਕਿਰਿਆਸ਼ੀਲ ਨਹੀਂ ਕੀਤੀ ਹੈ, ਉਹ ਆਪਣੇ ਆਧਾਰ ਕਾਰਡ ਅਤੇ ਆਧਾਰ ਨਾਲ ਜੁੜੇ ਮੋਬਾਈਲ ਫ਼ੋਨ ਦੇ ਨਾਲ ਕੈਂਪ ਵਿੱਚ ਆ ਕੇ ਇਹ ਪ੍ਰਕਿਰਿਆ ਪੂਰੀ ਕਰਨ।

ਚੰਡੀਗੜ੍ਹ ਵਿੱਚ 45,000 ਤੋਂ ਅਧਿਕ ਰਾਸ਼ਨ ਕਾਰਡ ਧਾਰਕ ਪਹਿਲਾਂ ਹੀ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰ ਚੁੱਕੇ ਹਨ। ਹਾਲਾਂਕਿ, ਲਗਭਗ 30,000 ਲਾਭਾਰਥੀਆਂ, ਵਿਸ਼ੇਸ਼ ਕਰਕੇ ਮਲੋਆ, ਮੌਲੀ ਜੱਗਰਾਂ/ਦੜੀਆ, ਮਨੀਮਾਜਰਾ, ਧਨਾਸ, ਸੈਕਟਰ 25, ਬੁੜੈਲ, ਕਜਹੇੜੀ, ਰਾਮ ਦਰਬਾਰ, ਬਾਪੂ ਧਾਮ ਕਾਲੋਨੀ ਅਤੇ ਸੈਕਟਰ 56/ਪਲਸੌਰਾ ਖੇਤਰਾਂ ਦੇ ਲਾਭਾਰਥੀਆਂ ਨੇ ਅਜੇ ਤੱਕ ਇਹ ਪ੍ਰਕਿਰਿਆ ਪੂਰੀ ਨਹੀਂ ਕੀਤੀ ਹੈ।

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਾਸ਼ਨ ਸਬਸਿਡੀ ਪ੍ਰਾਪਤ ਕਰਨ ਲਈ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਨਾ ਅਤੇ ਕਿਰਿਆਸ਼ੀਲ ਕਰਨਾ ਜ਼ਰੂਰੀ ਹੈ

। ਜੋ ਲਾਭਾਰਥੀ ਇਹ ਪ੍ਰਕਿਰਿਆ ਪੂਰੀ ਨਹੀਂ ਕਰਨਗੇ, ਉਨ੍ਹਾਂ ਨੂੰ ਰਾਸ਼ਨ ਸਬਸਿਡੀ ਮਿਲਣੀ ਬੰਦ ਹੋ ਸਕਦੀ ਹੈ। ਇਸ ਲਈ ਸਾਰੇ ਲੰਬਿਤ ਲਾਭਾਰਥੀਆਂ ਨੂੰ ਬੇਨਤੀ ਹੈ ਕਿ ਉਹ ਸ਼ੁੱਕਰਵਾਰ, 03.07.2026 ਤੱਕ ਆਪਣੇ ਨਜ਼ਦੀਕੀ ਕੈਂਪ ਵਿੱਚ ਜਾ ਕੇ ਆਪਣੀ ਰਜਿਸਟ੍ਰੇਸ਼ਨ ਜ਼ਰੂਰੀ ਤੌਰ 'ਤੇ ਪੂਰੀ ਕਰ ਲੈਣ, ਤਾਂਕਿ ਉਨ੍ਹਾਂ ਦੀ ਖ਼ੁਰਾਕ ਸਬਸਿਡੀ ਬਿਨਾ ਕਿਸੇ ਰੁਕਾਵਟ ਦੇ ਮਿਲਦੀ ਰਹੇ।

ਜਿਨ੍ਹਾਂ ਲਾਭਾਰਥੀਆਂ ਨੇ ਆਪਣੀ ਜਾਣਕਾਰੀ ਪਹਿਲਾਂ ਹੀ ਜਮ੍ਹਾਂ ਕਰਵਾ ਦਿੱਤੀ ਹੈ, ਉਹ ਗੂਗਲ ਪਲੇ ਸਟੋਰ ਜਾਂ ਐਪਲ ਐਪ ਸਟੋਰ ਤੋਂ ਪੀਐੱਨਬੀ ਡਿਜੀਟਲ ਰੁਪੀ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਕੇ ਘਰ ਬੈਠੇ ਵੀ ਆਪਣੀ ਰਜਿਸਟ੍ਰੇਸ਼ਨ ਪੂਰੀ ਕਰ ਸਕਦੇ ਹਨ।
ਕਿਸੇ ਵੀ ਸਹਾਇਤਾ ਜਾਂ ਜਾਣਕਾਰੀ ਲਈ ਰਾਸ਼ਨ ਕਾਰਡ ਧਾਰਕ ਵਿਭਾਗ ਦੇ ਟੋਲ-ਫ੍ਰੀ ਹੈਲਪਲਾਇਨ ਨੰਬਰ 1800-180-2068 'ਤੇ ਸੰਪਰਕ ਕਰ ਸਕਦੇ ਹਨ।

# ਮੇਅਰ ਚੋਣਾਂ ਵਿੱਚ ਬੇਲੋੜੀ ਦੇਰੀ ਕਰ ਰਹੀ ਹੈ ਲੋਕਤੰਤਰ ਦਾ ਘਾਣ: ਰਾਣਾ ਗੁਰਜੀਤ ਸਿੰਘ

**ਕਪੂਰਥਲਾ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕਪੂਰਥਲਾ ਤੋਂ ਵਿਧਾਇਕ ਅਤੇ ਸੀਨੀਅਰ ਕਾਂਗਰਸੀ ਆਗੂ ਰਾਣਾ ਗੁਰਜੀਤ ਸਿੰਘ ਨੇ ਕਪੂਰਥਲਾ ਨਗਰ ਨਿਗਮ ਦੇ ਮੇਅਰ ਦੀ ਚੋਣ ਕਰਵਾਉਣ ਵਿੱਚ ਹੋ ਰਹੀ ਬੇਲੋੜੀ ਦੇਰੀ ਨੂੰ ਲੈ ਕੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ 'ਤੇ ਜ਼ੋਰਦਾਰ ਹਮਲਾ ਕੀਤਾ। ਰਾਣਾ ਗੁਰਜੀਤ ਸਿੰਘ ਨੇ ਕਿਹਾ, ਨਗਰ ਨਿਗਮ ਚੋਣਾਂ ਦੇ ਨਤੀਜੇ ਐਲਾਨਿਆ ਨੂੰ ਇੱਕ ਮਹੀਨੇ ਤੋਂ ਵੱਧ ਸਮਾਂ ਬੀਤ ਚੁੱਕਾ ਹੈ, ਪਰ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਮੇਅਰ ਦੀ ਚੋਣ ਕਰਵਾਉਣ ਸਬੰਧੀ ਕੋਈ ਵੀ ਅਧਿਕਾਰਕ ਸੂਚਨਾ ਜਾਰੀ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਦਰਸਾਉਂਦਾ ਹੈ ਕਿ ਪੰਜਾਬ ਸਰਕਾਰ ਲੋਕਤੰਤਰੀ ਪ੍ਰੰਪਰਾਵਾਂ ਅਤੇ ਸੰਵਿਧਾਨਕ ਮਰਿਆਦਾਵਾਂ ਨੂੰ ਕਿੰਨੀ ਗੰਭੀਰਤਾ ਨਾਲ ਲੈਂਦੀ ਹੈ।



ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਜਲੰਧਰ ਡਿਵੀਜ਼ਨ ਦੇ ਕਮਿਸ਼ਨਰ ਨੂੰ ਵੀ ਪੱਤਰ ਲਿਖ ਕੇ ਕਪੂਰਥਲਾ ਨਗਰ ਨਿਗਮ ਦੇ ਕਮਿਸ਼ਨਰ ਨੂੰ ਮੇਅਰ ਦੀ ਚੋਣ ਸਮੇਂ ਸਿਰ ਕਰਵਾਉਣ ਲਈ ਨਿਰਦੇਸ਼ ਜਾਰੀ ਕਰਨ ਦੀ ਅਪੀਲ ਕੀਤੀ ਗਈ ਸੀ, ਪਰ ਅਜੇ ਤੱਕ ਇਸ ਸਬੰਧੀ ਕੋਈ ਕਾਰਵਾਈ ਨਜ਼ਰ ਨਹੀਂ ਆਈ। ਰਾਣਾ ਗੁਰਜੀਤ ਸਿੰਘ ਨੇ ਕਿਹਾ ਕਿ ਚੋਣ ਨਤੀਜੇ ਨਾ ਸਿਰਫ਼ ਅਧਿਕਾਰਕ ਤੌਰ 'ਤੇ ਐਲਾਨੇ ਜਾ ਚੁੱਕੇ ਹਨ, ਸਗੋਂ ਉਨ੍ਹਾਂ ਦੀ ਨੋਟੀਫਿਕੇਸ਼ਨ ਵੀ ਜਾਰੀ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਮੇਅਰ ਦੀ ਚੋਣ ਵਿੱਚ ਕੀਤੀ ਜਾ ਰਹੀ ਦੇਰੀ ਕਾਨੂੰਨੀ ਸਮਾਂ-ਸੀਮਾ ਦੀ ਉਲੰਘਣਾ ਹੈ। ਇਸ ਕਾਰਨ ਸ਼ਹਿਰੀ ਵਿਕਾਸ ਨਾਲ ਜੁੜੇ ਮਹਤਵਪੂਰਨ ਪ੍ਰੋਜੈਕਟ ਪ੍ਰਭਾਵਿਤ ਹੋ ਰਹੇ ਹਨ ਅਤੇ ਨਗਰ ਨਿਗਮ ਦਾ ਪ੍ਰਸ਼ਾਸਨਿਕ ਕੰਮਕਾਜ ਵੀ ਠੱਪ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕਪੂਰਥਲਾ ਦੇ ਲੋਕ ਇਸ ਵੇਲੇ ਇੱਕ ਸਰਗਰਮ ਨਗਰ ਨਿਗਮ ਲੀਡਰਸ਼ਿਪ ਤੋਂ ਵਾਂਝੇ ਹਨ, ਜਿਸ ਕਾਰਨ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਨਾਗਰਿਕ ਸਮੱਸਿਆਵਾਂ ਦਾ ਹੱਲ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ 29 ਮਈ ਨੂੰ ਐਲਾਨੇ ਗਏ ਨਤੀਜਿਆਂ ਵਿੱਚ 50 ਵਿੱਚੋਂ 31 ਵਾਰਡਾਂ 'ਤੇ ਕਾਂਗਰਸ, 11 'ਤੇ ਆਮ ਆਦਮੀ ਪਾਰਟੀ, 3-3 'ਤੇ ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ, ਜਦਕਿ 2 ਸੀਟਾਂ 'ਤੇ ਆਜ਼ਾਦ ਉਮੀਦਵਾਰ ਜੇਤੂ ਰਹੇ ਸਨ। ਬਾਅਦ ਵਿੱਚ ਆਜ਼ਾਦ ਉਮੀਦਵਾਰ ਵਜੋਂ ਜੇਤੂ ਰਹੀ ਅਮਨ ਰਾਣੀ, ਜਿਨ੍ਹਾਂ ਨੂੰ ਕਾਂਗਰਸ ਵੱਲੋਂ ਟਿਕਟ ਨਹੀਂ ਮਿਲੀ ਸੀ, ਨੇ ਅਧਿਕਾਰਕ ਤੌਰ 'ਤੇ ਮੁੜ ਕਾਂਗਰਸ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ, ਜਿਸ ਨਾਲ ਕਾਂਗਰਸ ਦੇ ਕੌਂਸਲਰਾਂ ਦੀ ਗਿਣਤੀ 32 ਹੋ ਗਈ।

ਉਨ੍ਹਾਂ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟੋਰੇਟ ਦੇ ਮੀਮੋ ਨੰਬਰ 44846-850 ਮਿਤੀ 05-06-2026 ਰਾਹੀਂ ਚੋਣ ਨਤੀਜਿਆਂ ਦੀ ਨੋਟੀਫਿਕੇਸ਼ਨ ਜਾਰੀ ਕਰਦਿਆਂ ਇਹ ਵੀ ਸਪੱਸ਼ਟ ਕਰ ਦਿੱਤਾ ਹੈ ਕਿ ਕਪੂਰਥਲਾ ਨਗਰ ਨਿਗਮ ਦੇ ਮੇਅਰ ਦਾ ਅਹੁਦਾ ਜਨਰਲ ਵਰਗ ਲਈ ਰਾਖਵਾਂ ਹੋਵੇਗਾ। ਰਾਣਾ ਗੁਰਜੀਤ ਸਿੰਘ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਦੇ ਸਥਾਨਕ ਆਗੂ ਕਾਂਗਰਸ ਦੇ ਚੁਣੇ ਹੋਏ ਕੌਂਸਲਰਾਂ ਨੂੰ ਧਨ ਅਤੇ ਅਹੁਦਿਆਂ ਦਾ ਲਾਲਚ ਦੇ ਕੇ ਆਪਣੀ ਪਾਰਟੀ ਵਿੱਚ ਸ਼ਾਮਲ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾਂ ਕਿਹਾ, ਮੇਅਰ ਦੀ ਚੋਣ ਵਿੱਚ ਕੀਤੀ ਜਾ ਰਹੀ ਇਹ ਬੇਲੋੜੀ ਦੇਰੀ ਲੋਕਤੰਤਰ ਨੂੰ ਠੇਸ ਪਹੁੰਚਾ ਰਹੀ ਹੈ ਅਤੇ ਸਿਆਸੀ ਖਰੀਦੋ-ਫ਼ਰੋਖ਼ਤ ਲਈ ਮਾਹੌਲ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹਾਲਾਂਕਿ ਮੈਨੂੰ ਆਪਣੀ ਕਾਂਗਰਸ ਪਾਰਟੀ ਦੀ ਟੀਮ 'ਤੇ ਪੂਰਾ ਭਰੋਸਾ ਹੈ ਅਤੇ ਉਹ ਅਜਿਹੀਆਂ ਕੋਸ਼ਿਸ਼ਾਂ ਦਾ ਹਿੱਸਾ ਨਹੀਂ ਬਣੇਗੀ, ਪਰ ਪੰਜਾਬ ਸਰਕਾਰ ਲੋਕਤੰਤਰ ਨੂੰ ਕਮਜ਼ੋਰ ਕਰਨ ਵਿੱਚ ਕੋਈ ਕਸਰ ਨਹੀਂ ਛੱਡ ਰਹੀ।

# ਤਾਜ ਸਿਟੀ ਕਲੋਨੀ ਸੁਨਾਮ ਵਿਖੇ ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਦਾ ਕੀਤਾ ਭਰਵਾਂ ਸਵਾਗਤ

**ਸੁਨਾਮ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਤਾਜ ਸਿਟੀ ਕਲੋਨੀ ਵਿਖੇ ਨਗਰ ਕੌਂਸਲ ਦੇ ਨਵ-ਨਿਯੁਕਤ ਪ੍ਰਧਾਨ ਮਨਪ੍ਰੀਤ ਬਾਂਸਲ ਦੇ ਪਹੁੰਚਣ @ਤੇ ਕਲੋਨੀ ਨਿਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਸਮੂਹ ਕਲੋਨੀ ਵਾਸੀਆਂ ਨੇ ਇਕੱਠੇ ਹੋ ਕੇ ਪ੍ਰਧਾਨ ਮਨਪ੍ਰੀਤ ਬਾਂਸਲ ਨੂੰ ਗੁਲਦਸਤੇ ਭੇਂਟ ਕੀਤੇ ਅਤੇ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਵਧਾਈ ਦਿੱਤੀ।

ਇਸ ਦੌਰਾਨ ਕਲੋਨੀ ਪ੍ਰਧਾਨ ਪਰਗਟ ਸਿੰਘ ਬੰਟੀ ਅਤੇ ਕਲੋਨੀ ਵਾਸੀਆਂ ਵੱਲੋਂ ਨਗਰ ਕੌਂਸਲ ਪ੍ਰਧਾਨ ਮਨਪ੍ਰੀਤ ਬਾਂਸਲ ਨਾਲ ਅਹਿਮ ਮੀਟਿੰਗ ਕੀਤੀ ਗਈ ਜਿਸ ਦੌਰਾਨ ਕਲੋਨੀ ਨਿਵਾਸੀਆਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਅਤੇ ਮੰਗਾਂ ਬਾਰੇ ਕੌਂਸਲ ਪ੍ਰਧਾਨ ਨੂੰ ਜਾਣੂ ਕਰਵਾਇਆ।

# ਵਪਾਰਕ ਸਿਲੰਡਰ, ਪੈਟਰੋਲ ਅਤੇ ਡੀਜ਼ਲ ਹੋਏ ਸਸਤੇ

**ਨਵੀਂ ਦਿੱਲੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੱਛਮੀ ਏਸ਼ੀਆ ਵਿੱਚ ਤਣਾਅ ਘਟਣ ਕਾਰਨ ਅੰਤਰਰਾਸ਼ਟਰੀ ਪੱਧਰ 'ਤੇ ਤੇਲ ਦੀਆਂ ਕੀਮਤਾਂ ਹੇਠਾਂ ਆਈਆਂ ਹਨ। ਇਸ ਦੇ ਚਲਦਿਆਂ ਬੁੱਧਵਾਰ ਨੂੰ ਐਵੀਏਸ਼ਨ ਟਰਬਾਈਨ ਫਿਊਲ (1"6/ਜੈੱਟ ਫਿਊਲ) ਅਤੇ ਵਪਾਰਕ ਐਲ.ਪੀ.ਜੀ. ਦੀਆਂ ਕੀਮਤਾਂ ਵਿੱਚ ਕਟੌਤੀ ਕੀਤੀ ਗਈ ਹੈ। ਇਸ ਦੇ ਨਾਲ ਹੀ, ਨਿੱਜੀ ਖੇਤਰ ਦੀ ਤੇਲ ਪ੍ਰਚੂਨ ਵਿਕਰੇਤਾ ਕੰਪਨੀ 'ਨਾਇਰਾ ਐਨਰਜੀ' ਨੇ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਘਟਾ ਦਿੱਤੀਆਂ ਹਨ, ਜਿਸ ਨਾਲ ਉਹ ਪਿਛਲੇ ਦੋ ਸਾਲਾਂ ਤੋਂ ਵੱਧ ਸਮੇਂ ਵਿੱਚ ਪੰਪ ਰੇਟ ਘਟਾਉਣ ਵਾਲੀ ਪਹਿਲੀ ਕੰਪਨੀ ਬਣ ਗਈ ਹੈ।

ਜੈੱਟ ਫਿਊਲ (1"6) ਦੀਆਂ ਕੀਮਤਾਂਉਦਯੋਗਿਕ ਸਰੋਤਾਂ ਅਨੁਸਾਰ, ਜੈੱਟ ਫਿਊਲ (1"6) ਦੀਆਂ ਕੀਮਤਾਂ ਵਿੱਚ ਕਰੀਬ 5 ਰੁਪਏ ਪ੍ਰਤੀ ਲੀਟਰ ਦੀ ਕਟੌਤੀ ਕੀਤੀ ਗਈ ਹੈ, ਜਿਸ ਨਾਲ ਦਿੱਲੀ ਵਿੱਚ ਇਸ ਦੀ ਕੀਮਤ ਕਰੀਬ 110 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਪੱਛਮੀ ਏਸ਼ੀਆ ਦੇ ਵਿਵਾਦ ਕਾਰਨ ਵਧੀਆਂ ਕੀਮਤਾਂ ਤੋਂ ਬਾਅਦ ਇਹ ਪਹਿਲੀ ਕਟੌਤੀ ਹੈ। ਇਹ 110 ਰੁਪਏ ਪ੍ਰਤੀ ਲੀਟਰ ਦੀ ਕੀਮਤ ਘਰੇਲੂ ਏਅਰਲਾਈਨਾਂ ਲਈ ਹੈ।

19 ਕਿਲੋ ਦਾ ਵਪਾਰਕ ਸਿਲੰਡਰ: ਸਰਕਾਰੀ ਤੇਲ ਕੰਪਨੀਆਂ ਨੇ ਇਸ ਦੀ ਕੀਮਤ ਵਿੱਚ 183.50 ਰੁਪਏ ਦੀ ਕਟੌਤੀ ਕੀਤੀ ਹੈ, ਜੋ ਕਿ ਇਸ ਸਾਲ ਦੀ ਪਹਿਲੀ ਕਟੌਤੀ ਹੈ।

# ਪੰਜਾਬ ਦੀਆਂ ਮਹਿਲਾਵਾਂ ਦੇ ਖਾਤਿਆਂ 'ਚ ਆਈ ਤਿੰਨ ਮਹੀਨਿਆਂ ਦੀ ਇਕੱਠੀ ਕਿਸ਼ਤ

**ਧੂਰੀ, 2 ਜੁਲਾਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਗਰੂਰ ਜ਼ਿਲ੍ਹੇ ਦੇ ਆਪਣੇ ਵਿਧਾਨ ਸਭਾ ਹਲਕੇ ਧੂਰੀ ਸ਼ਹਿਰ ਵਿੱਚ ਆਮ ਆਦਮੀ ਪਾਰਟੀ ਸਰਕਾਰ ਦੀ ਇੱਕ ਅਹਿਮ ਅਤੇ ਵੱਕਾਰੀ ਸਕੀਮ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਹੈ। ਇਸ ਉਦਘਾਟਨੀ ਸਮਾਰੋਹ ਵਿੱਚ ਭਾਰੀ ਗਿਣਤੀ ਵਿੱਚ ਲੋਕ ਪਹੁੰਚੇ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਧੂਰੀ ਅਤੇ ਆਲੇ-ਦੁਆਲੇ ਦੇ ਇਲਾਕਿਆਂ ਦੀਆਂ ਮਹਿਲਾਵਾਂ ਸ਼ਾਮਲ ਸਨ। ਯੋਜਨਾ ਦੇ ਮੁੱਖ ਵੇਰਵੇ ਅਤੇ ਵਿੱਤੀ ਸਹਾਇਤਾਜਨਰਲ ਕੈਟੇਗਰੀ: ਇਸ ਸਕੀਮ ਤਹਿਤ ਜਨਰਲ ਸ਼੍ਰੇਣੀ ਦੀਆਂ ਮਹਿਲਾ ਲਾਭਪਾਤਰੀਆਂ ਨੂੰ 1,000 ਰੁਪਏ ਪ੍ਰਤੀ ਮਹੀਨਾ ਦੀ ਮਦਦ ਦਿੱਤੀ ਜਾਵੇਗੀ। ਪਹਿਲੀ ਕਿਸ਼ਤ ਜਾਰੀ: ਸਰਕਾਰ ਵੱਲੋਂ ਯੋਜਨਾ ਦੀ ਸ਼ੁਰੂਆਤ ਮੌਕੇ ਹੀ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਤਿੰਨ ਮਹੀਨਿਆਂ ਦੀ ਇਕੱਠੀ ਪਹਿਲੀ ਕਿਸ਼ਤ ਕ੍ਰੈਡਿਟ (ਜਮ੍ਹਾਂ) ਕਰ ਦਿੱਤੀ ਗਈ ਹੈ। ਇਸ ਤਹਿਤ ਜਨਰਲ ਸ਼੍ਰੇਣੀ ਦੀਆਂ ਮਹਿਲਾਵਾਂ ਨੂੰ 3,000 ਰੁਪਏ ਅਤੇ ਐੱਸ.ਸੀ. ਸ਼੍ਰੇਣੀ ਦੀਆਂ ਮਹਿਲਾਵਾਂ ਨੂੰ 4,500 ਰੁਪਏ ਮਿਲੇ ਹਨ। ਕੁੱਲ ਰਜਿਸਟਰੇਸ਼ਨ: ਸਰਕਾਰ ਦਾ ਦਾਅਵਾ ਹੈ ਕਿ ਸੂਬੇ ਦੀਆਂ 40 ਲੱਖ ਮਹਿਲਾਵਾਂ ਨੇ ਇਸ ਸਕੀਮ ਤਹਿਤ ਆਪਣੀ ਰਜਿਸਟਰੇਸ਼ਨ ਕਰਵਾਈ ਹੈ।

ਇਸ ਪ੍ਰੋਗਰਾਮ ਵਿੱਚ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ, ਆਪ ਪੰਜਾਬ ਦੇ ਇੰਚਾਰਜ ਅਮਨ ਅਰੋੜਾ ਅਤੇ ਮੁੱਖ ਮੰਤਰੀ ਦੀ ਪਤਨੀ ਡਾ. ਗੁਰਪ੍ਰੀਤ ਕੌਰ ਸਮੇਤ ਕਈ ਆਗੂ ਹਾਜ਼ਰ ਸਨ। ਸਮਾਰੋਹ ਵਿੱਚ ਹਿੱਸਾ ਲੈਣ ਤੋਂ ਪਹਿਲਾਂ ਮੁੱਖ ਮੰਤਰੀ ਅਤੇ ਉਨ੍ਹਾਂ ਦੀ ਪਤਨੀ ਨੇ ਐਸ.ਆਈ.ਆਰ.ਅਭਿਆਸ ਵਿੱਚ ਸ਼ਮੂਲੀਅਤ ਕੀਤੀ ਅਤੇ ਨਾਮਜ਼ਦਗੀ ਦੀ ਪ੍ਰਕਿਰਿਆ ਵਿੱਚ ਵੀ ਭਾਗ ਲਿਆ।

**ਲਾਭਪਾਤਰੀਆਂ ਵਿੱਚ ਖ਼ੁਸ਼ੀ ਦੀ ਲਹਿਰ**

ਖਾਤਿਆਂ ਵਿੱਚ ਪੈਸੇ ਆਉਣ ਦਾ ਮੈਸੇਜ ਮਿਲਣ ਤੋਂ ਬਾਅਦ ਮਹਿਲਾਵਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ: ਧੂਰੀ ਦੀ ਰਹਿਣ ਵਾਲੀ ਚਰਨਪ੍ਰੀਤ ਕੌਰ ਨੇ ਆਪਣੇ ਮੋਬਾਈਲ 'ਤੇ ਆਇਆ ਮੈਸੇਜ ਦਿਖਾ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਧੂਰੀ ਦੀ ਹੀ ਇੱਕ ਵਿਦਿਆਰਥਣ ਪੂਜਾ ਸਿੰਘਲ ਨੇ ਕਿਹਾ ਕਿ ਇਹ ਪੈਸੇ ਉਸ ਦੀ ਪੜ੍ਹਾਈ 'ਤੇ ਹੋਣ ਵਾਲੇ ਵਾਧੂ ਖਰਚਿਆਂ ਵਿੱਚ ਮਦਦਗਾਰ ਸਾਬਤ ਹੋਣਗੇ। ਸੰਗਰੂਰ ਦੀ ਬਜ਼ੁਰਗ ਮਹਿਲਾ ਸਰਬਜੀਤ ਕੌਰ ਨੇ ਇਸ ਨੂੰ ਮਹਿਲਾ ਸਸ਼ਕਤੀਕਰਨ ਲਈ ਅਹਿਮ ਦੱਸਦਿਆਂ ਕਿਹਾ, ÷ਘਰ ਆਉਣ ਵਾਲੇ ਦੋਹਤੇ-ਪੋਤਿਆਂ ਨੂੰ ਸ਼ਗਨ ਦੇਣ ਲਈ ਮੈਨੂੰ ਅਕਸਰ ਆਪਣੇ ਪਤੀ ਜਾਂ ਪੁੱਤਰ ਅੱਗੇ ਹੱਥ ਅੱਡਣਾ ਪੈਂਦਾ ਸੀ। ਹੁਣ ਮੈਨੂੰ ਉਨ੍ਹਾਂ ਨੂੰ ਕਹਿਣ ਦੀ ਲੋੜ ਨਹੀਂ ਪਵੇਗੀ। ਮੇਰੇ ਕੋਲ ਆਪਣੇ ਪੈਸੇ ਹੋਣਗੇ ਅਤੇ ਮੈਂ ਜਿੱਥੇ ਚਾਹਾਂ ਖਰਚ ਕਰ ਸਕਦੀ ਹਾਂ।

# ਜਿਹੜੇ ਪੁਲਸ ਅਧਿਕਾਰੀਆਂ ਨੇ ਝੂਠੀਆਂ ਰਿਪੋਰਟਾਂ ਕਰਵਾਈਆਂ ਤਿਆਰ, ਉਨ੍ਹਾਂ 'ਤੇ ਹੋਵੇ ਪਰਚਾ ਦਰਜ: ਪਰਮਬੰਸ ਰੋਮਾਣਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਜੁਲਾਈ। ਸ਼?ਰੋਮਣੀ ਅਕਾਲੀ ਦਲ ਦੇ ਆਗੂ ਪਰਮਬੰਸ ਸਿੰਘ ਰੋਮਾਣਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਵੀਡੀਓ ਵਾਇਰਲ ਹੋਣ ਦੇ ਮਾਮਲੇ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਬੋਲੇ ਹਨ। ਪਰਮਬੰਸ ਸਿੰਘ ਰੋਮਾਣਾ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਝੁਠਲਾਉਣ ਅਤੇ ਸਰਕਾਰੀ ਸ਼ਕਤੀ ਦੀ ਦੁਰਵਰਤੋਂ ਕਰਕੇ ਫਰਜ਼ੀ ਫੋਰੈਂਸਿਕ ਰਿਪੋਰਟਾਂ ਤਿਆਰ ਕਰਵਾਉਣ ਦੇ ਗੰਭੀਰ ਇਲਜ਼ਾਮ ਲਗਾਏ ਹਨ। ਰੋਮਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਦੀ ਇਕ ਵੀਡੀਓ ਵਾਇਰਲ ਹੋਣ ਤੋਂ ਬਾਅਦ ਸਰਕਾਰ ਨੇ ਦਾਅਵਾ ਕੀਤਾ ਸੀ ਕਿ ਇਹ ਏ. ਆਈ. ਜਨਰੇਟਿਡ ਡੀਪ ਫੇਕ ਵੀਡੀਓ ਹੈ। ਇਸ ਸਬੰਧੀ 21 ਅਕਤੂਬਰ 2025 ਨੂੰ ਐੱਫ਼. ਆਈ. ਆਰ. ਵੀ ਦਰਜ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਵੀਡੀਓ ਦੀ ਜਾਂਚ ਕਰਵਾਉਣ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਜਾਬ ਸਰਕਾਰ ਨੂੰ ਮੌਕਾ ਦਿੱਤਾ ਗਿਆ ਸੀ ਪਰ 6 ਮਹੀਨੇ ਬੀਤਣ ਦੇ ਬਾਅਦ ਵੀ ਕੋਈ ਰਿਸਪਾਂਸ ਨਹੀਂ ਆਇਆ ਸੀ। ਫਿਰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੇ ਦੇਸ਼ ਦੀਆਂ ਦੋ ਵੱਡੀਆਂ ਲੈਬਾਂ ਤੋਂ ਵੀਡੀਓ ਦੀ ਜਾਂਚ ਕਰਵਾਈ। ਜਾਂਚ 'ਚ ਇਹ ਸਪਸ਼ਟ ਹੋਇਆ ਕਿ ਵੀਡੀਓ ਨਾਲ ਕੋਈ ਛੇੜਛਾੜ ਜਾਂ ਐਡੀਟਿੰਗ ਨਹੀਂ ਕੀਤੀ ਗਈ ਅਤੇ ਇਹ ਏ. ਆਈ. ਜਨਰੇਟਿਡ ਨਹੀਂ ਹੈ। ਉਨ੍ਹਾਂ ਕਿਹਾ ਕਿ ਹੁਣ ਵੀਡੀਓ ਸਹੀ ਜਾਣ ਤੋਂ ਮਗਰੋਂ ਆਮ ਆਦਮੀ ਪਾਰਟੀ ਨੇ ਪੈਂਤੜਾਂ ਬਦਲ ਲਿਆ ਹੈ। ਅਕਾਲੀ ਆਗੂ ਨੇ ਦੋਸ਼ ਲਾਇਆ ਕਿ ਜਦੋਂ ਸਰਕਾਰ ਦੀ ਚੋਰੀ ਫੜੀ ਗਈ ਤਾਂ ਉਨ੍ਹਾਂ ਨੇ ਆਪਣਾ ਪੈਂਤੜਾ ਬਦਲ ਲਿਆ। ਉਨ੍ਹਾਂ ਦਾਅਵਾ ਕੀਤਾ ਕਿ ਦੋ ਪੁਲਸ ਅਧਿਕਾਰੀਆਂ, ਸਵਪਨ ਸ਼ਰਮਾ ਅਤੇ ਜਸ਼ਨਦੀਪ ਸਿੰਘ ਗਿੱਲ, ਦੀ ਡਿਊਟੀ ਲਗਾਈ ਗਈ ਸੀ ਤਾਂ ਜੋ ਅਕਾਲ ਤਖ਼ਤ ਸਾਹਿਬ ਦੀ ਰਿਪੋਰਟ ਨੂੰ ਚੁਣੌਤੀ ਦੇਣ ਲਈ ਇਕ ਫਰਜ਼ੀ ਰਿਪੋਰਟ ਤਿਆਰ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਕੰਮ ਲਈ ਕਰੋੜਾਂ ਰੁਪਏ ਖ਼ਰਚੇ ਗਏ ਅਤੇ ਅਣ-ਅਧਿਕਾਰਤ ਲੈਬਾਂ ਦੀ ਵਰਤੋਂ ਕੀਤੀ ਗਈ। ਰੋਮਾਣਾ ਨੇ ਗੁਰੂਗ੍ਰਾਮ 'ਚ ਦਰਜ ਹੋਈ ਐੱਫ਼. ਆਈ. ਆਰ. ਨੰਬਰ 263 ਮਿਤੀ 23 ਜੂਨ ਦਾ ਹਵਾਲਾ ਦਿੱਤਾ, ਜਿਸ ਵਿੱਚ ਸੰਗਠਿਤ ਅਪਰਾਧ ਦੀਆਂ




ਧਾਰਾਵਾਂ ਲਗਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸ਼ਿਕਾਇਤ ਕਰਤਾ ਜਸਪ੍ਰੀਤ ਸਿੰਘ ਜੱਸੀ ਨੇ ਦੋਸ਼ ਲਾਇਆ ਹੈ ਕਿ ਉਸ 'ਤੇ ਅਤੇ ਉਸ ਦੇ ਪਰਿਵਾਰ 'ਤੇ ਦਬਾਅ ਪਾਇਆ ਗਿਆ ਅਤੇ ਗੰਭੀਰ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਗਈਆਂ ਤਾਂ ਜੋ ਮੁੱਖ ਮੰਤਰੀ ਦੇ ਹੱਕ ਵਿੱਚ ਰਿਪੋਰਟ ਤਿਆਰ ਕੀਤੀ ਜਾ ਸਕੇ। ਪਰਮਬੰਸ ਸਿੰਘ ਰੋਮਾਣਾ ਨੇ ਮੰਗ ਕੀਤੀ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਅਧਿਕਾਰੀਆਂ 'ਤੇ ਤੁਰੰਤ ਪਰਚਾ ਦਰਜ ਕੀਤਾ ਜਾਵੇ, ਜਿਨ੍ਹਾਂ ਨੇ ਫਰਜ਼ੀ ਰਿਪੋਰਟਾਂ ਤਿਆਰ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾਈ ਹੈ। ਇਸ ਦੇ ਇਲਾਵਾ ਉਨ੍ਹਾਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਅਪੀਲ ਕੀਤੀ ਗਈ ਕਿ ਐੱਫ਼. ਆਈ. ਆਰ. 'ਚ ਪੰਜਾਬ ਦੇ ਦੋਵਾਂ ਪੁਲਸ ਅਧਿਕਾਰੀਆਂ ਦੇ ਨਾਮ ਬਾਈ-ਨੇਮ ਦਰਜ ਕੀਤੇ ਜਾਣ। ਅਧਿਕਾਰੀਆਂ ਦੇ ਫੋਨ, ਲੈਪਟਾਪ ਅਤੇ ਹੋਰ ਇਲੈਕਟਰੋਨਿਕ ਉਪਕਰਨ ਜ਼ਬਤ ਕੀਤੇ ਜਾਣ ਤਾਂ ਜੋ ਸਬੂਤ ਮਿਟਾਏ ਨਾ ਜਾ ਸਕਣ। ਉਨ੍ਹਾਂ ਕਿਹਾ ਕਿ ਜਿਹੜਾ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੱਥਾ ਲਾਵੇਗਾ, ਉਸ ਨੂੰ ਇਤਿਹਾਸ ਕਦੇ ਮੁਆਫ਼ ਨਹੀਂ ਕਰੇਗਾ।

# ਬਿਲਡਰ ਨੇ ਪੂਰੀ ਰਕਮ ਲੈ ਕੇ ਫਲੈਟ ਵੇਚ'ਤਾ ਕਿਸੇ ਹੋਰ ਨੂੰ

ਬਿਜ਼ਨਸ ਡੈਸਕ 2 ਜੁਲਾਈ। ਮੁੰਬਈ ਦੇ ਇੱਕ ਜੋੜੇ ਨੂੰ ਲਗਭਗ 10 ਸਾਲਾਂ ਤੱਕ ਚੱਲੀ ਕਾਨੂੰਨੀ ਲੜਾਈ ਤੋਂ ਬਾਅਦ ਇਨਸਾਫ਼ ਮਿਲਿਆ ਹੈ। ਫਲੈਟ ਦੀ ਪੂਰੀ ਕੀਮਤ ਅਦਾ ਕਰਨ ਦੇ ਬਾਵਜੂਦ, ਬਿਲਡਰ ਨੇ ਉਹੀ ਘਰ ਕਿਸੇ ਹੋਰ ਖਰੀਦਦਾਰ ਨੂੰ ਵੇਚ ਦਿੱਤਾ। ਹੁਣ, ਖਪਤਕਾਰ ਕਮਿਸ਼ਨ ਨੇ ਬਿਲਡਰ ਨੂੰ ਖਰੀਦਦਾਰਾਂ ਦੇ ਪੈਸੇ ਵਿਆਜ ਸਮੇਤ ਵਾਪਸ ਕਰਨ ਦਾ ਹੁਕਮ ਦਿੱਤਾ ਹੈ। ਮਾਮਲਾ ਮੁੰਬਈ ਦਾ ਸੀ, ਜਿੱਥੇ ਇੱਕ ਜੋੜੇ ਨੇ ਇੱਕ ਬਿਲਡਰ ਰਾਹੀਂ ਇੱਕ ਫਲੈਟ ਖਰੀਦਿਆ ਸੀ। ਮੁਹੰਮਦ ਜਲੀਲ ਹਰਨੇਕਰ ਅਤੇ ਉਨ੍ਹਾਂ ਦੀ ਪਤਨੀ, ਅਸਗਰ ਸ਼ਬਨਮ ਨੇ 2013 ਵਿੱਚ 660 ਵਰਗ ਫੁੱਟ ਦਾ ਫਲੈਟ ਬੁੱਕ ਕੀਤਾ ਸੀ। ਉਨ੍ਹਾਂ ਨੇ ਸ਼ੁਰੂ ਵਿੱਚ ਡੋਂਗਰੀ ਵਿੱਚ ਇੱਕ ਰਿਹਾਇਸ਼ੀ ਪ੍ਰੋਜੈਕਟ ਵਿੱਚ ਨਿਵੇਸ਼ ਕੀਤਾ ਸੀ, ਪਰ ਪ੍ਰੋਜੈਕਟ ਰੁਕਣ ਤੋਂ ਬਾਅਦ, ਬਿਲਡਰ ਨੇ ਆਪਣੀ ਬੁਕਿੰਗ ਮਜ਼ਗਾਓਂ ਵਿੱਚ ਬੇ ਵਿਊ ਪ੍ਰੋਜੈਕਟ ਵਿੱਚ ਤਬਦੀਲ ਕਰ ਦਿੱਤੀ। ਫਲੈਟ ਦੀ ਕੀਮਤ 90 ਲੱਖ ਰੁਪਏ ਸੀ, ਜਿਸਦਾ ਜੋੜੇ ਨੇ 2018 ਤੱਕ ਪੂਰਾ ਭੁਗਤਾਨ ਕਰ ਦਿੱਤਾ। ਇਸ ਦੇ ਬਾਵਜੂਦ, ਉਨ੍ਹਾਂ ਨੂੰ ਨਾ ਤਾਂ ਫਲੈਟ ਦਾ ਕਬਜ਼ਾ ਮਿਲਿਆ ਅਤੇ ਨਾ ਹੀ ਵਿਕਰੀ ਸਮਝੌਤਾ ਰਜਿਸਟਰ ਕੀਤਾ ਗਿਆ। ਬਾਅਦ ਵਿੱਚ, ਇੱਕ ਜਾਂਚ ਵਿੱਚ ਪਤਾ ਲੱਗਾ ਕਿ ਬਿਲਡਰ ਨੇ ਉਹੀ ਫਲੈਟ ਕਿਸੇ ਹੋਰ ਖਰੀਦਦਾਰ ਨੂੰ ਵੇਚ ਦਿੱਤਾ ਸੀ। ਜਦੋਂ ਜੋੜੇ ਨੇ ਆਪਣੇ ਪੈਸੇ ਵਾਪਸ ਮੰਗੇ, ਤਾਂ ਬਿਲਡਰ ਨੇ 1.25 ਕਰੋੜ ਰੁਪਏ ਦੇ ਚੈੱਕ ਜਾਰੀ ਕੀਤੇ, ਪਰ ਖਾਤੇ ਵਿੱਚ ਨਾਕਾਫ਼ੀ ਫੰਡਾਂ ਕਾਰਨ ਸਾਰੇ ਚੈੱਕ ਬਾਊਂਸ ਹੋ ਗਏ। ਪੀੜਤਾਂ ਨੇ ਫਿਰ ਖਪਤਕਾਰ ਕਮਿਸ਼ਨ ਕੋਲ ਪਹੁੰਚ ਕੀਤੀ। ਸੁਣਵਾਈ ਦੌਰਾਨ, ਕਮਿਸ਼ਨ ਨੇ ਬਿਲਡਰ ਦੇ ਵਿਵਹਾਰ ਨੂੰ ਘੋਰ ਲਾਪਰਵਾਹੀ ਅਤੇ ਅਨੁਚਿਤ ਵਪਾਰਕ ਅਭਿਆਸ ਮੰਨਿਆ। ਕਮਿਸ਼ਨ ਨੇ ਹੁਕਮ ਦਿੱਤਾ ਕਿ ਬਿਲਡਰ ਜੋੜੇ ਨੂੰ 1.05 ਕਰੋੜ ਰੁਪਏ 10 ਪ੍ਰਤੀਸ਼ਤ ਸਾਲਾਨਾ ਵਿਆਜ ਦੇ ਨਾਲ ਵਾਪਸ ਕਰੇ। ਇਸ ਤੋਂ ਇਲਾਵਾ, ਉਸਨੂੰ ਮਾਨਸਿਕ ਪਰੇਸ਼ਾਨੀ ਲਈ 50,000 ਰੁਪਏ ਅਤੇ ਮੁਕੱਦਮੇਬਾਜ਼ੀ ਦੇ ਖਰਚਿਆਂ ਵਜੋਂ 25,000 ਰੁਪਏ ਵੀ ਅਦਾ ਕਰਨੇ ਪੈਣਗੇ। ਕਮਿਸ਼ਨ



ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ 60 ਦਿਨਾਂ ਦੇ ਅੰਦਰ ਭੁਗਤਾਨ ਨਹੀਂ ਕੀਤਾ ਜਾਂਦਾ ਹੈ, ਤਾਂ ਵਿਆਜ ਦਰ ਵਧਾ ਕੇ 15 ਪ੍ਰਤੀਸ਼ਤ ਕਰ ਦਿੱਤੀ ਜਾਵੇਗੀ। ਕਮਿਸ਼ਨ ਦੇ ਇਸ ਫੈਸਲੇ ਨਾਲ ਜੋੜੇ ਨੂੰ ਵੱਡੀ ਰਾਹਤ ਮਿਲੀ ਹੈ, ਜੋ ਲਗਭਗ 10 ਸਾਲਾਂ ਤੋਂ ਨਿਆਂ ਦੀ ਉਡੀਕ ਕਰ ਰਹੇ ਹਨ, ਅਤੇ ਇਸਨੂੰ ਰੀਅਲ ਅਸਟੇਟ ਸੈਕਟਰ ਵਿੱਚ ਖਰੀਦਦਾਰਾਂ ਦੇ ਅਧਿਕਾਰਾਂ ਸੰਬੰਧੀ ਇੱਕ ਮਹੱਤਵਪੂਰਨ ਸੰਦੇਸ਼ ਮੰਨਿਆ ਜਾ ਰਿਹਾ ਹੈ।

# ਨਾਗਰਾਸੂ ਗੁਰਦੁਆਰਾ ਸਾਹਿਬ ਮਾਮਲਾ: ਇਤਰਾਜ਼ਯੋਗ ਟਿੱਪਣੀਆਂ ਕਰਨ ਵਾਲਿਆਂ ਵਿਰੁੱਧ ਕਾਰਵਾਈ ਦੇ ਹੁਕਮ

ਵੈੱਬ ਡੈਸਕ 2 ਜੁਲਾਈ। ਉੱਤਰਾਖੰਡ ਦੇ ਰੁਦਰਪ੍ਰਯਾਗ ਜ਼ਿਲ੍ਹੇ ਵਿੱਚ ਸਥਿਤ ਨਾਗਰਾਸੂ ਗੁਰਦੁਆਰਾ ਸਾਹਿਬ ਵਿਖੇ ਪਿਛਲੇ ਚਾਰ ਦਿਨਾਂ ਤੋਂ ਜਾਰੀ ਤਣਾਅ ਮੰਗਲਵਾਰ ਨੂੰ ਸ਼ਾਂਤੀਪੂਰਵਕ ਖ਼ਤਮ ਹੋ ਗਿਆ ਹੈ। ਧਾਰਮਿਕ ਨੁਮਾਇੰਦਿਆਂ, ਸਥਾਨਕ ਪ੍ਰਸ਼ਾਸਨ ਅਤੇ ਪੁਲਸ ਵਿਚਕਾਰ ਹੋਈ ਸਫਲ ਗੱਲਬਾਤ ਤੋਂ ਬਾਅਦ ਇਹ ਮਾਮਲਾ ਸੁਲਝਾ ਲਿਆ ਗਿਆ ਹੈ। ਨਾਗਰਾਸੂ ਗੁਰਦੁਆਰਾ ਸਾਹਿਬ ਵਿਖੇ ਇਹ ਵਿਵਾਦ 20 ਜੂਨ ਨੂੰ ਸ਼ੁਰੂ ਹੋਇਆ ਸੀ, ਜਦੋਂ ਨਿਹੰਗ ਸਿੰਘ ਸ਼ਰਧਾਲੂਆਂ ਦੇ ਇੱਕ ਸਮੂਹ ਨੇ ਕਿਸੇ ਗੱਲ ਨੂੰ ਲੈ ਕੇ ਹੋਏ ਝਗੜੇ ਤੋਂ ਬਾਅਦ ਗੁਰਦੁਆਰਾ ਸਾਹਿਬ ਦੀ ਚੌਥੀ ਮੰਜ਼ਿਲ ਅਤੇ ਛੱਤ 'ਤੇ ਕਬਜ਼ਾ ਕਰ ਲਿਆ ਸੀ। ਸਥਿਤੀ ਨੂੰ ਕਾਬੂ ਵਿੱਚ ਰੱਖਣ ਲਈ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਲਗਾਤਾਰ ਸ਼ਰਧਾਲੂਆਂ ਨਾਲ ਗੱਲਬਾਤ ਜਾਰੀ ਰੱਖੀ ਅਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। ਮੰਗਲਵਾਰ ਨੂੰ ਪੰਜਾਬ ਤੋਂ ਆਏ ਨਿਹੰਗ ਸਿੰਘਾਂ ਦੇ ਇੱਕ ਵਫਦ ਨੇ ਪ੍ਰਦਰਸ਼ਨ ਕਰ ਰਹੇ ਸ਼ਰਧਾਲੂਆਂ ਨਾਲ ਕਈ ਦੌਰ ਦੀ ਗੱਲਬਾਤ ਕੀਤੀ। ਇਸ ਵਿਚੋਲਗੀ ਤੋਂ ਬਾਅਦ ਸ਼ਰਧਾਲੂ ਛੱਤ ਤੋਂ ਹੇਠਾਂ



ਆਉਣ ਲਈ ਸਹਿਮਤ ਹੋ ਗਏ, ਜਿਸ ਨਾਲ ਇਹ ਟਕਰਾਅ ਸ਼ਾਂਤੀਪੂਰਵਕ ਸਮਾਪਤ ਹੋ ਗਿਆ। ਧਾਰਮਿਕ ਆਗੂਆਂ ਨੇ ਸੰਵੇਦਨਸ਼ੀਲਤਾ ਨਾਲ ਮਾਮਲਾ ਹੱਲ ਕਰਨ ਲਈ ਉੱਤਰਾਖੰਡ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਦਾ ਧੰਨਵਾਦ ਕੀਤਾ ਹੈ। ਉੱਤਰਾਖੰਡ ਦੇ ਡੀਜੀਪੀ ਦੀਪਮ ਸੇਠ ਨੇ ਕਿਹਾ ਕਿ ਇਸ ਘਟਨਾ ਤੋਂ ਬਾਅਦ ਸੋਸ਼ਲ ਮੀਡੀਆ ਜਾਂ ਹੋਰ ਥਾਵਾਂ 'ਤੇ ਅਪਮਾਨਜਨਕ ਭਾਸ਼ਾ ਅਤੇ ਇਤਰਾਜ਼ਯੋਗ ਟਿੱਪਣੀਆਂ ਕਰਨ ਵਾਲੇ ਵਿਅਕਤੀਆਂ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਪ੍ਰਸ਼ਾਸਨ ਵੱਲੋਂ ਦਿਖਾਏ ਗਏ ਸੰਜਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਫਿਰਕੂ ਸਦਭਾਵਨਾ ਬਣਾਈ ਰੱਖਣਾ ਬਹੁਤ ਜ਼ਰੂਰੀ ਹੈ। ਡੀਜੀਪੀ ਨੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਉੱਤਰਾਖੰਡ ਦੀਆਂ ਸਥਾਨਕ ਪਰੰਪਰਾਵਾਂ, ਰੀਤੀ-ਰਿਵਾਜਾਂ ਅਤੇ ਧਾਰਮਿਕ ਵਿਸ਼ਵਾਸਾਂ ਦਾ ਪੂਰਾ ਸਤਿਕਾਰ ਕਰਨ ਅਤੇ ਅਜਿਹਾ ਕੋਈ ਵੀ ਕੰਮ ਨਾ ਕਰਨ ਜਿਸ ਨਾਲ ਲੋਕਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੇ। ਰੁਦਰਪ੍ਰਯਾਗ ਦੀ ਐਸਪੀ ਨੀਹਾਰਿਕਾ ਤੋਮਰ ਨੇ ਦੱਸਿਆ ਕਿ ਇਸ ਪੂਰੇ ਵਿਵਾਦ ਦੀ ਵਿਸਤ੍ਰਿਤ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਰਿਪੋਰਟ ਦੇ ਅਧਾਰ 'ਤੇ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਵਾਇਰਲ ਵੀਡੀਓ ਮਾਮਲੇ 'ਚ ਤਰੁਣ ਚੁੱਘ ਨੇ ਰਾਜਪਾਲ ਨੂੰ ਲਿਖਿਆ ਪੱਤਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਜੁਲਾਈ। ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਅਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਇੱਕ ਪੱਤਰ ਲਿਖ ਕੇ ਮੁੱਖ ਮੰਤਰੀ ਵਿਰੁੱਧ ਤੁਰੰਤ ਐੱਫ.ਆਈ.ਆਰ. ਦਰਜ ਕਰਨ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਯਕੀਨੀ ਬਣਾਉਣ ਦੀ ਪੁਰਜ਼ੋਰ ਮੰਗ ਕੀਤੀ ਹੈ। ਚੁੱਘ ਨੇ ਦੋਸ਼ ਲਾਇਆ ਹੈ ਕਿ ਮੁੱਖ ਮੰਤਰੀ ਨੇ ਸਿੱਖ ਗੁਰੂਆਂ ਅਤੇ ਸਿੱਖ ਆਸਥਾ ਦਾ ਕਥਿਤ ਅਪਮਾਨ ਅਤੇ ਬੇਅਦਬੀ ਕੀਤੀ ਹੈ, ਜਿਸ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਚੁਣੌਤੀ ਦਿੱਤੀ ਹੈ। ਪੱਤਰ ਵਿਚ ਵਾਇਰਲ




ਵੀਡੀਓ ਦਾ ਹਵਾਲਾ ਦਿੱਤਾ ਗਿਆ ਹੈ, ਜਿਸ ਵਿਚ ਕਥਿਤ ਤੌਰ 'ਤੇ ਭਗਵੰਤ ਸਿੰਘ ਮਾਨ ਨੂੰ ਗੁਰੂਆਂ ਦੀ ਤਸਵੀਰ ਉੱਤੇ ਸ਼ਰਾਬ ਡੋਲ੍ਹਦਿਆਂ ਦਿਖਾਇਆ ਗਿਆ ਹੈ। ਇਸ ਵੀਡੀਓ ਦਾ ਨੋਟਿਸ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਨੂੰ ਸਪੱਸ਼ਟੀਕਰਨ ਲਈ ਤਲਬ ਕੀਤਾ ਸੀ। ਜਥੇਦਾਰ ਅਨੁਸਾਰ, ਮੁੱਖ ਮੰਤਰੀ ਵੱਲੋਂ ਵੀਡੀਓ ਨੂੰ ਨਕਾਰਨ ਤੋਂ ਬਾਅਦ ਜਦੋਂ ਸੁਤੰਤਰ ਜਾਂਚ ਕਰਵਾਈ ਗਈ ਤਾਂ ਇਹ ਸੱਚਾਈ ਸਾਹਮਣੇ ਆਈ ਕਿ ਵੀਡੀਓ ਵਿੱਚਲਾ ਵਿਅਕਤੀ ਭਗਵੰਤ ਮਾਨ ਹੀ ਹੈ। ਇਸ ਦੇ ਸਿੱਟੇ ਵਜੋਂ, ਪੰਜ ਸਿੰਘ ਸਾਹਿਬਾਨ ਨੇ ਉਨ੍ਹਾਂ ਨੂੰ ਗੁਰੂ ਦੋਖੀ ਅਤੇ ਪੰਥ ਦੋਖੀ ਐਲਾਨ ਦਿੱਤਾ ਹੈ। ਤਰੁਣ ਚੁੱਘ ਨੇ ਆਪਣੇ ਪੱਤਰ ਵਿਚ ਕਿਹਾ ਕਿ ਇਹ ਮਾਮਲਾ ਅਪ੍ਰੈਲ 2026 ਵਿੱਚ ਲਾਗੂ ਹੋਏ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਦੇ ਦਾਇਰੇ ਵਿਚ ਆਉਂਦਾ ਹੈ, ਜਿਸ ਤਹਿਤ ਬੇਅਦਬੀ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਦਾ ਪ੍ਰਬੰਧ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਅਜਿਹੇ ਦੋਸ਼ਾਂ ਤੋਂ ਬਾਅਦ ਵੀ ਭਗਵੰਤ ਮਾਨ ਦਾ ਮੁੱਖ ਮੰਤਰੀ ਦੇ ਅਹੁਦੇ 'ਤੇ ਬਣੇ ਰਹਿਣਾ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਤੇ ਸਮਾਜਿਕ ਸਦਭਾਵਨਾ ਲਈ ਅਤਿ ਖ਼ਤਰਨਾਕ ਹੈ। ਚੁੱਘ ਨੇ ਰਾਜਪਾਲ ਅਤੇ ਪੰਜਾਬ ਪੁਲਸ ਦੇ ਡੀਜੀਪੀ ਗੌਰਵ ਯਾਦਵ ਨੂੰ ਅਪੀਲ ਕੀਤੀ ਹੈ ਕਿ ਵਿਸ਼ਵ ਭਰ ਦੀਆਂ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸ਼ਾਂਤ ਕਰਨ ਲਈ ਇਸ ਸੰਵੇਦਨਸ਼ੀਲ ਮਾਮਲੇ 'ਤੇ ਤੁਰੰਤ ਐਕਸ਼ਨ ਲਿਆ ਜਾਵੇ।

## ਰਾਜਸਥਾਨ 'ਚ ਰੋਡਵੇਜ਼ ਬੱਸ ਅਤੇ ਕਾਰ ਦੀ ਟੱਕਰ

ਬਾਲੋਤਰਾ 2 ਜੁਲਾਈ। ਸ਼ਹਿਰ 'ਚ ਰੋਡਵੇਜ਼ ਬੱਸ ਅਤੇ ਆਲਟੋ ਕਾਰ ਦੀ ਟੱਕਰ 'ਚ ਚਾਰ ਸਕੇ ਭਰਾਵਾਂ ਦੀ ਮੌਤ ਹੋ ਗਈ। ਟੱਕਰ ਇੰਨੀ ਜ਼ਬਰਦਸਤ ਸੀ ਕਿ ਕਾਰ ਪੂਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸ 'ਚ ਸਵਾਰ ਚਾਰੇ ਭਰਾ ਅੰਦਰ ਫਸ ਗਏ। ਆਸ-ਪਾਸ ਦੇ ਪਿੰਡਾਂ ਦੇ ਲੋਕ ਮੌਕੇ 'ਤੇ ਪਹੁੰਚੇ ਅਤੇ ਕਾਫ਼ੀ ਮਸ਼ੱਕਤ ਤੋਂ ਬਾਅਦ ਕਾਰ 'ਚੋਂ ਜ਼ਖਮੀਆਂ ਨੂੰ ਬਾਹਰ ਕੱਢਿਆ। ਸਾਰਿਆਂ ਨੂੰ ਤੁਰੰਤ ਪਾਟੌਦੀ ਹਸਪਤਾਲ ਪਹੁੰਚਾਇਆ ਗਿਆ। ਹਸਪਤਾਲ 'ਚ ਡਾਕਟਰਾਂ ਨੇ 2 ਭਰਾਵਾਂ ਨੂੰ ਮ੍ਰਿਤਕ ਐਲਾਨ ਦਿੱਤਾ, ਜਦੋਂ ਕਿ ਗੰਭੀਰ ਰੂਪ 'ਚ ਜ਼ਖਮੀ 2 ਹੋਰ ਭਰਾਵਾਂ ਨੂੰ ਮੁੱਢਲੇ ਇਲਾਜ ਤੋਂ ਬਾਅਦ ਬਾਲੋਤਰਾ ਦੇ ਨਾਹਟਾ ਹਸਪਤਾਲ ਰੈਫਰ ਕੀਤਾ ਗਿਆ ਪਰ ਇਨ੍ਹਾਂ ਦੋਵਾਂ ਨੇ ਵੀ ਰਸਤੇ 'ਚ ਹੀ ਦਮ ਤੋੜ ਦਿੱਤਾ। ਹਾਦਸਾ ਪਚਪਦਰਾ ਥਾਣਾ ਖੇਤਰ ਦੇ ਗੋਲੀਆ-ਪਰੇਊ ਚੌਕ (ਪਾਟੌਦੀ) 'ਚ ਸਵੇਰੇ ਲੱਗਭਗ ਸਾਢੇ 9 ਵਜੇ ਹੋਇਆ। ਹਾਦਸੇ ਤੋਂ ਬਾਅਦ ਗੁੱਸੇ 'ਚ ਆਏ ਲੋਕਾਂ ਨੇ ਸੜਕ ਜਾਮ ਕਰ ਦਿੱਤੀ।

# ਪੰਜਾਬ ਇਤਿਹਾਸ ਦੇ ਸਭ ਤੋਂ ਗੰਭੀਰ ਨੈਤਿਕ ਤੇ ਸੰਵਿਧਾਨਕ ਸੰਕਟ 'ਚੋਂ ਲੰਘ ਰਿਹਾ : ਕੇਵਲ ਸਿੰਘ ਢਿੱਲੋਂ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਜੁਲਾਈ। ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਅੱਜ ਆਪਣੇ ਇਤਿਹਾਸ ਦੇ ਸਭ ਤੋਂ ਗੰਭੀਰ ਨੈਤਿਕ ਅਤੇ ਸੰਵਿਧਾਨਕ ਸੰਕਟ ਵਿੱਚੋਂ ਲੰਘ ਰਿਹਾ ਹੈ। ਉਨ੍ਹਾਂ ਕਿਹਾ ਕਿ ਤਾਜ਼ਾ ਘਟਨਾਕ੍ਰਮ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਹੈ। ਢਿੱਲੋਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ "ਗੁਰੂ ਦੋਖੀ"ਅਤੇ "ਪੰਥ ਵਿਰੋਧੀ"ਐਲਾਨੇ ਜਾਣ ਤੋਂ ਬਾਅਦ ਵੀ ਮੁੱਖ ਮੰਤਰੀ ਕੁਰਸੀ ਨਾਲ ਚਿੰਬੜੇ ਹੋਏ ਹਨ, ਜੋ ਪੰਜਾਬ ਦੀਆਂ ਧਾਰਮਿਕ ਭਾਵਨਾਵਾਂ ਅਤੇ ਮਰਿਆਦਾ ਪ੍ਰਤੀ ਗੰਭੀਰ ਬੇਅਦਬੀ ਹੈ। ਗੁਰੂਗ੍ਰਾਮ ਵਿੱਚ ਦਰਜ ਹੋਈ ਐੱਫ.ਆਈ.ਆਰ. ਦਾ ਹਵਾਲਾ ਦਿੰਦਿਆਂ ਢਿੱਲੋਂ ਨੇ ਦੋਸ਼ ਲਗਾਇਆ ਕਿ ਸਰਕਾਰੀ ਅਧਿਕਾਰੀਆਂ ਨੇ 10 ਲੱਖ ਰੁਪਏ ਦੇ ਕੇ ਇੱਕ ਝੂਠੀ ਫੋਰੈਂਸਿਕ ਰਿਪੋਰਟ ਤਿਆਰ ਕਰਵਾਈ, ਤਾਂ ਜੋ ਸੱਚ ਨੂੰ



ਲੁਕਾਇਆ ਜਾ ਸਕੇ ਅਤੇ ਸਿੱਖ ਪੰਥ ਨੂੰ ਗੁੰਮਰਾਹ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਧੋਖਾ ਦੇਣ ਦੀ ਕੋਸ਼ਿਸ਼ ਸੀ। ਢਿੱਲੋਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਇੱਜ਼ਤ, ਮਰਿਆਦਾ ਅਤੇ ਹੁਕਮ ਕਿਸੇ ਵੀ ਸਿਆਸੀ ਕੁਰਸੀ ਤੋਂ ਵੱਡੇ ਹਨ। ਉਨ੍ਹਾਂ ਕਿਹਾ, "ਅਕਾਲ ਤਖ਼ਤ ਸਾਹਿਬ ਦੀ ਇੱਜ਼ਤ ਕਿਸੇ ਵੀ ਸਿਆਸੀ ਅਹੁਦੇ ਜਾਂ ਕੁਰਸੀ ਤੋਂ ਉੱਪਰ ਹੈ।"ਢਿੱਲੋਂ ਨੇ ਅਰਵਿੰਦ ਕੇਜਰੀਵਾਲ ਨੂੰ ਵੀ ਘੇਰਦਿਆਂ ਕਿਹਾ ਕਿ ਜੋ ਪਹਿਲਾਂ ਭਗਵੰਤ ਮਾਨ ਦੇ ਬਚਾਅ ਲਈ ਅੱਗੇ ਆਏ ਸਨ, ਉਹ ਅੱਜ ਚੁੱਪ ਹਨ। ਉਨ੍ਹਾਂ ਕਿਹਾ ਕਿ ਕੇਜਰੀਵਾਲ ਦੀ ਚੁੱਪੀ ਉਨ੍ਹਾਂ ਦੀ ਮਿਲੀਭੁਗਤ ਨੂੰ ਦਰਸਾਉਂਦੀ ਹੈ। ਢਿੱਲੋਂ ਨੇ ਕਿਹਾ ਕਿ ਹੁਣ ਹਰ ਮੰਤਰੀ, ਹਰ ਵਿਧਾਇਕ ਅਤੇ ਹਰ ਸਰਕਾਰੀ ਅਧਿਕਾਰੀ ਨੂੰ ਫੈਸਲਾ ਕਰਨਾ ਪਵੇਗਾ ਕਿ ਉਹ ਪੰਜਾਬ ਦੀ ਇੱਜ਼ਤ ਅਤੇ ਸੱਚ ਦੇ ਨਾਲ ਖੜ੍ਹਾ ਹੈ ਜਾਂ "ਗੁਰੂ ਦੋਖੀ"ਦੀ ਕੁਰਸੀ ਦੇ ਨਾਲ। ਢਿੱਲੋਂ ਨੇ ਮੰਗ ਕੀਤੀ ਕਿ ਭਗਵੰਤ ਮਾਨ ਤੁਰੰਤ ਅਸਤੀਫਾ ਦੇਣ ਅਤੇ ਅਰਵਿੰਦ ਕੇਜਰੀਵਾਲ ਪੰਜਾਬ ਦੀ ਜਨਤਾ ਅੱਗੇ ਜਵਾਬ ਦੇਣ। ਉਨ੍ਹਾਂ ਦੁਹਰਾਇਆ ਕਿ ਭਾਜਪਾ ਪੰਜਾਬ ਸੱਚ, ਨਿਆਂ ਤੇ ਪੰਜਾਬ ਦੀਆਂ ਪਵਿੱਤਰ ਸੰਸਥਾਵਾਂ ਦੀ ਮਰਿਆਦਾ ਦੀ ਰੱਖਿਆ ਲਈ ਹਰ ਪੱਧਰ 'ਤੇ ਆਵਾਜ਼ ਉਠਾਉਂਦੀ ਰਹੇਗੀ।

## ਊਨਾ 'ਚ ਅਵਾਰਾ ਕੁੱਤਿਆਂ ਦੀ ਦਹਿਸ਼ਤ ! ਮਾਸੂਮ ਬੱਚੀ 'ਤੇ ਕੀਤਾ ਜਾਨਲੇਵਾ ਹਮਲਾ

ਨੈਸ਼ਨਲ ਡੈਸਕ 2 ਜੁਲਾਈ। ਹਿਮਾਚਲ ਪ੍ਰਦੇਸ਼ 'ਚ ਅਵਾਰਾ ਕੁੱਤਿਆਂ ਦਾ ਖ਼ਤਰਾ ਦਿਨੋ-ਦਿਨ ਵਧਦਾ ਜਾ ਰਿਹਾ ਹੈ। ਊਨਾ ਜ਼ਿਲ੍ਹੇ ਵਿੱਚ ਤਾਜ਼ਾ ਘਟਨਾ ਸਾਹਮਣੇ ਆਈ ਹੈ। ਅਵਾਰਾ ਕੁੱਤਿਆਂ ਦੇ ਝੁੰਡ ਨੇ ਇੱਕ ਛੋਟੀ ਕੁੜੀ 'ਤੇ ਹਮਲਾ ਕਰ ਦਿੱਤਾ, ਜਿਸ ਨਾਲ ਸਥਾਨਕ ਲੋਕਾਂ ਵਿੱਚ ਦਹਿਸ਼ਤ ਫੈਲ ਗਈ। ਲੜਕੀ ਨੂੰ ਕਾਫ਼ੀ ਸੱਟਾਂ ਲੱਗੀਆਂ। ਇਸ ਦੌਰਾਨ ਇਸ ਭਿਆਨਕ ਘਟਨਾ ਦੀ ਸੀਸੀਟੀਵੀ ਫੁਟੇਜ ਇੰਟਰਨੈੱਟ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਨਾਲ ਸਥਾਨਕ ਪ੍ਰਸ਼ਾਸਨ ਦੇ ਕੰਮਕਾਜ 'ਤੇ ਗੰਭੀਰ ਸਵਾਲ ਖੜ੍ਹੇ ਹੋ ਰਹੇ ਹਨ। ਵਾਇਰਲ ਵੀਡੀਓ ਵਿੱਚ ਦੇਖਿਆ ਜਾ ਸਕਦਾ ਹੈ ਕਿ ਅਵਾਰਾ ਕੁੱਤਿਆਂ ਦੇ ਝੁੰਡ ਨੇ ਇੱਕ ਇਕੱਲੀ ਕੁੜੀ ਨੂੰ ਘੇਰ ਲਿਆ ਅਤੇ ਉਸਨੂੰ ਜ਼ਮੀਨ 'ਤੇ ਘਸੀਟਦੇ ਹੋਏ ਲਗਭਗ 42 ਸਕਿੰਟਾਂ ਤੱਕ ਬੇਰਹਿਮੀ ਨਾਲ ਕੱਟਿਆ। ਲੜਕੀ ਦੀਆਂ ਚੀਕਾਂ ਸੁਣ ਕੇ ਸਥਾਨਕ ਲੋਕ ਨੇੜਲੇ ਘਰਾਂ ਤੋਂ ਬਾਹਰ ਭੱਜੇ। ਬਹੁਤ ਕੋਸ਼ਿਸ਼ਾਂ ਤੋਂ ਬਾਅਦ ਉਨ੍ਹਾਂ ਨੇ ਉਸਨੂੰ ਉਨ੍ਹਾਂ ਦੇ ਚੁੰਗਲ ਤੋਂ ਛੁਡਾਇਆ। ਇਸ ਕੁੱਤਿਆਂ ਦੇ ਹਮਲੇ ਵਿੱਚ ਮਾਸੂਮ ਕੁੜੀ ਗੰਭੀਰ ਜ਼ਖਮੀ ਹੋ ਗਈ ਸੀ। ਉਸਦੇ ਪੂਰੇ ਸਰੀਰ 'ਤੇ ਗੰਭੀਰ ਜ਼ਖ਼ਮ ਸਨ। ਘਟਨਾ ਤੋਂ ਤੁਰੰਤ ਬਾਅਦ ਜ਼ਖਮੀ ਲੜਕੀ ਨੂੰ ਊਨਾ ਦੇ ਖੇਤਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸਦਾ ਇਲਾਜ ਚੱਲ ਰਿਹਾ ਹੈ। ਇਸ ਘਟਨਾ ਤੋਂ ਬਾਅਦ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਹੈ। ਇਸ ਘਟਨਾ ਤੋਂ ਬਾਅਦ ਨੀਲਾਘਾਟ ਦੇ ਨਿਵਾਸੀ ਗੋਪਾਲ ਕ੍ਰਿਸ਼ਨ ਦੀ ਪਤਨੀ ਰਾਣੀ ਦੇਵੀ ਨੇ ਜ਼ਿਲ੍ਹਾ ਡਿਪਟੀ ਕਮਿਸ਼ਨਰ, ਊਨਾ ਨੂੰ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ ਦਾ ਨੋਟਿਸ ਲੈਂਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਨੇ ਊਨਾ ਨਗਰ ਨਿਗਮ ਨੂੰ ਸ਼ਹਿਰ ਵਿੱਚ ਵਧ ਰਹੀ ਆਵਾਰਾ ਕੁੱਤਿਆਂ ਦੀ ਆਬਾਦੀ ਨੂੰ ਤੁਰੰਤ ਰੋਕਣ ਅਤੇ ਜ਼ਰੂਰੀ ਕਦਮ ਚੁੱਕਣ ਦੇ ਸਖ਼ਤ ਨਿਰਦੇਸ਼ ਜਾਰੀ ਕੀਤੇ ਹਨ।

## ਵਿਅਕਤੀ ਦੀ ਕੁੱਟਮਾਰ ਕਰਨ ਦੇ ਦੋਸ਼ 'ਚ 5 ਨਾਮਜ਼ਦ

ਗੁਰੂਹਰਸਹਾਏ 2 ਜੁਲਾਈ। ਗੁਰੂਹਰਸਹਾਏ ਦੇ ਅਧੀਨ ਆਉਂਦੇ ਪਿੰਡ ਮੇਘਾ ਪੰਜ ਗਰਾਈਂ ਹਿਠਾੜ ਵਿਖੇ ਇਕ ਵਿਅਕਤੀ ਦੀ ਕੁੱਟਮਾਰ ਕਰ ਕੇ ਜ਼ਖਮੀਂ ਕਰਨ ਦੇ ਦੋਸ਼ 'ਚ ਥਾਣਾ ਗੁਰੂਹਰਸਹਾਏ ਪੁਲਸ ਨੇ 5 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸੁਲੱਖਣ ਸਿੰਘ ਪੁੱਤਰ ਸੁਰਜਨ ਸਿੰਘ ਵਾਸੀ ਮੇਘਾ ਪੰਜ ਗਰਾਈਂ ਹਿਠਾੜ ਨੇ ਦੱਸਿਆ ਕਿ 28 ਦਸੰਬਰ 2025 ਨੂੰ ਮੁਲਜ਼ਮ ਅਸ਼ੋਕ ਕੁਮਾਰ ਪੁੱਤਰ ਮੁਖਤਿਆਰ ਸਿੰਘ, ਸੁਖਦੇਵ ਸਿੰਘ ਪੁੱਤਰ ਮੁਖਤਿਆਰ ਸਿੰਘ, ਮੁਖਤਿਆਰ ਸਿੰਘ ਪੁੱਤਰ ਮੰਗਲ ਸਿੰਘ, ਰਮਨਦੀਪ ਪੁੱਤਰ ਗੁਰਮੇਲ ਸਿੰਘ, ਕੁਲਦੀਪ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਮੇਘਾ ਪੰਜ ਗਰਾਈਂ ਹਿਠਾੜ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ। ਸੁਲੱਖਣ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਗੁਰੂਹਰਸਹਾਏ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਐਕਸਰੇ ਰਿਪੋਰਟਾਂ ਆਉਣ ਤੋਂ ਬਾਅਦ ਉਕਤ ਮੁਲਜ਼ਮਾਂ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਲੁਟੇਰਿਆਂ ਦੇ ਹੌਸਲੇ ਬੁਲੰਦ, ਪਹਿਲਾਂ ਪੱਤਰਕਾਰ ਦੇ ਕਰਿੰਦੇ ਤੋਂ ਖੋਹਿਆ ਮੋਟਰਸਾਈਕਲ ਫਿਰ ਪੈਟਰੋਲ ਪੰਪ 'ਤੇ...

ਗੁਰਦਾਸਪੁਰ 2 ਜੁਲਾਈ। ਪੁਲਸ ਥਾਣਾ ਪੁਰਾਣਾ ਸ਼ਾਲਾ ਦੀ ਹਦੂਦ ਵਿਚ ਪੈਂਦੇ ਪਿੰਡ ਜਗਤਪੁਰ ਕਲਾਂ ਅਤੇ ਚਾਵਾ ਖੇਤਰ ਵਿਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ ,ਜਦੋਂ ਇੱਕ ਪੱਤਰਕਾਰ ਦੀ ਆਟਾ ਚੱਕੀ 'ਤੇ ਕੰਮ ਕਰਦੇ ਕਰਿੰਦੇ ਕੋਲੋਂ ਪਿਸਤੌਲ ਦੀ ਨੋਕ 'ਤੇ ਮੋਟਰਸਾਈਕਲ ਖੋਹਣ ਤੋਂ ਬਾਅਦ ਦੋ ਅਣਪਛਾਤਿਆਂ ਵੱਲੋਂ ਮੁਕੇਰੀਆਂ ਗੁਰਦਾਸਪੁਰ ਮੁੱਖ ਮਾਰਗ 'ਤੇ ਸਥਿਤ ਜਗਤਪੁਰ ਕਲਾਂ ਦੇ ਇੱਕ ਪੈਟਰੋਲ ਪੰਪ 'ਤੇ ਦਿਨੇ ਦੁਪਹਿਰੇ ਚਾਰ ਤੋਂ ਪੰਜ ਰਾਊਂਡ ਫਾਇਰ ਕਰ ਦਿੱਤੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਚਾਵਾ ਪਿੰਡ ਵਿੱਚ ਸਥਿਤ ਪੰਡਿਤ ਆਟਾ ਚੱਕੀ ਦੇ ਮਾਲਕ ਪੱਤਰਕਾਰ ਅਸ਼ੋਕ ਸ਼ਰਮਾ ਦੇ ਕਰਿੰਦੇ ਪ੍ਰਕਾਸ਼ ਨੇ ਦੱਸਿਆ ਕਿ ਉਹ ਕਿਸੇ ਕੰਮ ਲਈ ਨਵਾਂ ਸ਼ਾਲਾ ਦੇ ਬਾਜ਼ਾਰ ਆਪਣੇ ਸਪਲੈਂਡਰ ਮੋਟਰਸਾਈਕਲ 'ਤੇ ਗਿਆ ਹੋਇਆ ਸੀ। ਜਿੱਥੇ ਉਸ ਨੂੰ ਦੋ ਅਣਪਛਾਤੇ ਮੋਨੇ ਨੌਜਵਾਨ ਮਿਲੇ ਜਿਨਾਂ ਵਿੱਚੋਂ ਇੱਕ ਨੇ ਮੂੰਹ ਬੰਨਿਆ ਹੋਇਆ ਸੀ ਤੇ ਉਸ ਪਾਸੋਂ ਚਾਵਾ ਪਿੰਡ ਤੱਕ ਜਾਣ ਦੀ ਲਿਫਟ ਮੰਗੀ ਗਈ, ਜਿਸ ਵੱਲੋਂ ਦੋਵਾਂ ਲੁਟੇਰਿਆਂ ਨੂੰ ਆਪਣੇ ਮੋਟਰਸਾਈਕਲ ਦੇ ਪਿੱਛੇ ਬਿਠਾ ਲਿਆ ਤੇ ਜਦੋਂ ਉਹ ਆਪਣੀ ਆਟਾ ਚੱਕੀ ਦੇ ਸਾਹਮਣੇ ਪੁੱਜਿਆ ਤਾਂ ਲੁਟੇਰਿਆਂ ਵੱਲੋਂ ਮੋਟਰਸਾਈਕਲ ਚਲਾ ਰਹੇ ਪ੍ਰਵਾਸੀ ਦੀ ਕੰਨ ਪੱਟੀ 'ਤੇ ਪਿਸਤੌਲ ਰੱਖ ਕੇ ਆਟਾ ਚੱਕੀ 'ਤੇ ਰੁਕਣ ਦੀ ਬਜਾਏ ਅੱਗੇ ਜਾਣ ਲਈ ਕਿਹਾ ਤੇ ਥੋੜੀ ਅੱਗੇ ਜਾ ਕੇ ਉਸ ਦਾ ਮੋਟਰਸਾਈਕਲ ਖੋਹ ਕੇ ਫਰਾਰ ਹੋ ਗਏ। ਉੱਥੇ ਹੀ ਜਾਣਕਾਰੀ ਅਨੁਸਾਰ ਇਨ੍ਹਾਂ ਲੁਟੇਰਿਆਂ ਵੱਲੋਂ ਥੋੜੀ ਅੱਗੇ ਜਾ ਕੇ ਇੱਕ ਪੰਪ ਤੇ ਗੋਲੀਆਂ ਚਲਾਈਆਂ ਗਈਆਂ ਹਨ। ਪੰਪ ਦੇ ਨੇੜੇ ਰਹਿੰਦੇ ਕੁਝ ਲੋਕਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਗੋਲੀ ਚੱਲਣ ਦੀ ਆਵਾਜ਼ ਸੁਣਾਈ ਦਿੱਤੀ ਤਾਂ ਉਹ ਦੌੜ ਕੇ ਬਾਹਰ ਨਿਕਲੇ ਪਰ ਉਦੋਂ ਤੱਕ ਅਣਪਛਾਤੇ ਮੋਟਰਸਾਈਕਲ ਸਵਾਰ ਲੁਟੇਰੇ ਵਾਰਦਾਤ ਨੂੰ ਅੰਜਾਮ ਦੇ ਕੇ ਫਰਾਰ ਹੋ ਗਏ ਸਨ। ਉੱਥੇ ਹੀ ਇਸ ਵੱਡੀ ਵਾਰਦਾਤ ਨੂੰ ਲੈ ਕੇ ਘਬਰਾਏ ਹੋਏ ਪੈਟਰੋਲ ਪੰਪ ਮਾਲਕ ਸਿਵਾਂਕ ਮਹਾਜਨ ਨੇ ਦੱਸਿਆ ਕਿ ਦੋ ਅਣਪਛਾਤੇ ਮੋਟਰਸਾਈਕਲ ਸਵਾਰਾਂ ਵੱਲੋਂ ਚਾਰ ਤੋਂ ਪੰਜ ਰਾਊਂਡ ਫਾਇਰ ਉਨ੍ਹਾਂ ਦੇ ਪੈਟਰੋਲ ਪੰਪ 'ਤੇ ਕੀਤੇ ਗਏ ਪਰ ਕਿਸੇ ਕਰਿੰਦੇ ਦਾ ਜਾਨੀ ਨੁਕਸਾਨ ਨਹੀਂ ਹੋਇਆ । ਜਦੋਂ ਕਿ ਇੱਕ ਫਾਇਰ ਫਰੰਟ ਤੇ ਕੀਤਾ ਗਿਆ ਅਤੇ ਚਾਰ ਫਾਇਰ ਹਵਾਈ ਕੀਤੇ ਗਏ । ਪੰਪ ਮਾਲਕ ਨੇ ਦੱਸਿਆ ਕਿ ਉਸ ਦੀ ਇਸ ਤੋਂ ਪਹਿਲਾਂ ਕਿਸੇ ਨਾਲ ਕਿਸੇ ਤਰ੍ਹਾਂ ਦੀ ਵੀ ਕੋਈ ਦੁਸ਼ਮਣੀ ਜਾਂ ਕਦੇ ਕੋਈ ਧਮਕੀ ਭਰੀ ਕਾਲ ਨਹੀਂ ਸੀ ਮਿਲੀ, ਪਰ ਇਸ ਵਾਰਦਾਤ ਨੂੰ ਲੈ ਕੇ ਪੰਪ ਦੇ ਕਰਿੰਦੇ ਪੰਪ ਮਾਲਕ ਜਿੱਥੇ ਪੂਰੀ ਤਰ੍ਹਾਂ ਸਹਿਮ ਦੇ ਮਾਹੌਲ ਵਿੱਚ ਨਜ਼ਰ ਆਏ । ਉੱਥੇ ਹੀ ਇਲਾਕੇ ਅੰਦਰ ਵੀ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ।

# ਕਥਿਤ ਵੀਡੀਓ ਮਾਮਲੇ 'ਤੇ ਭਾਜਪਾ ਹਮਲਾਵਰ, ਜਾਖੜ ਦੀ ਮੁੱਖ ਮੰਤਰੀ ਅਸਤੀਫੇ ਦੀ ਚੁਣੌਤੀ

**ਕੌਮੀ ਪਤ੍ਰਿਕਾ**

ਚੰਡੀਗੜ੍ਹ 2 ਜੁਲਾਈ। ਭਾਜਪਾ ਨੇ ਕਥਿਤ ਵੀਡੀਓ ਮਾਮਲੇ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਲੰਮੇ ਹੱਥੀਂ ਲਿਆ ਹੈ। ਭਾਜਪਾ ਆਗੂ ਸੁਨੀਲ ਜਾਖੜ ਨੇ ਕਿਹਾ ਹੈ ਕਿ ਸਬੰਧਤ ਵੀਡੀਓ ਕੋਈ ਸਿਆਸੀ ਮੁੱਦਾ ਨਹੀਂ ਹੈ, ਸਗੋਂ ਨਾਨਕ ਨਾਮ ਲੇਵਾ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਇਕ ਗੰਭੀਰ ਮਾਮਲਾ ਹੈ। ਸੱਤਾ ਦੇ ਨਸ਼ੇ ਵਿਚ ਚੂਰ ਮੁੱਖ ਮੰਤਰੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਰਹੇ ਹਨ। ਮੁੱਖ ਮੰਤਰੀ ਦੀ ਵਾਇਰਲ ਵੀਡੀਓ ਦਾ ਮੁੱਦਾ ਬਿਲਕੁਲ ਵੀ ਸਿਆਸੀ ਨਹੀਂ ਹੈ, ਸਗੋਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੈ। ਇਹ ਨਾਨਕ ਨਾਮ ਲੇਵਾ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨਾਲ ਸਬੰਧਤ ਮਾਮਲਾ ਹੈ। ਅਸਲ ਮੁੱਦਾ ਇਹ ਹੈ ਕਿ ਕਿਵੇਂ ਇਕ ਹੰਕਾਰੀ ਵਿਅਕਤੀ ਸਰਵਉੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਰਿਹਾ ਹੈ। ਜਾਖੜ ਨੇ ਟਵੀਟ ਕਰਦਿਆਂ ਕਿਹਾ ਕਿ ਇੰਨਾ ਕੁੱਝ ਵਾਪਰਨ ਦੇ ਬਾਵਜੂਦ ਵੀ ਜੇਕਰ ਗੁਰੂ ਸਾਹਿਬਾਨ ਦੀ ਬੇਅਦਬੀ ਕਰਨ ਵਾਲਾ ਵਿਅਕਤੀ ਗੁਰੂਆਂ ਦੀ ਧਰਤੀ 'ਤੇ ਸੱਤਾ ਵਿਚ ਬਣਿਆ ਰਹਿੰਦਾ ਹੈ ਤਾਂ ਅਸੀਂ ਆਪਣੇ ਧਰਮ ਖਿਲਾਫ ਦੁਨੀਆ ਭਰ ਵਿਚ ਪੈਦਾ ਹੋਣ ਵਾਲੀਆਂ ਚੁਣੌਤੀਆਂ ਖ਼?ਲਾਫ਼ ਆਵਾਜ਼ ਕਿਵੇਂ ਬੁਲੰਦ ਕਰ ਸਕਾਂਗੇ? ਉਨ੍ਹਾਂ ਸਵਾਲ ਕੀਤਾ ਕਿ ਇਹ ਕੁਝ ਅਜਿਹਾ ਹੈ ਜਿਸ 'ਤੇ ਪੰਜਾਬ ਨੂੰ ਵਿਚਾਰ ਕਰਨ ਦੀ ਲੋੜ ਹੈ। ਕੀ ਕੋਈ ਸਿੱਖ ਇਸ ਨੂੰ ਬਰਦਾਸ਼ਤ ਕਰ ਸਕਦਾ ਹੈ? ਜਾਖੜ ਨੇ ਚੁਣੌਤੀ ਦਿੰਦਿਆਂ ਕਿਹਾ ਕਿ ਮਾਨ ਜੀ, ਜੇਕਰ ਤੁਸੀਂ ਫੈਸਲਾ ਜਨਤਾ 'ਤੇ ਛੱਡਣਾ ਚਾਹੁੰਦੇ ਹੋ ਤਾਂ ਜਿਸ ਤਰ੍ਹਾਂ ਅਰਵਿੰਦ ਕੇਜਰੀਵਾਲ ਨੇ ਦਿੱਲੀ ਵਿਚ ਲੋਕਾਂ ਤੋਂ ਫਤਵਾ ਮੰਗਿਆ ਸੀ ਅਤੇ ਲੋਕਾਂ ਨੇ ਉਨ੍ਹਾਂ ਨੂੰ ਘਰ ਭੇਜ ਦਿੱਤਾ, ਇਸੇ ਤਰ੍ਹਾਂ ਤੁਹਾਨੂੰ ਵੀ ਅਸਤੀਫਾ ਦੇ ਕੇ ਲੋਕਾਂ




ਦੀ ਕਚਹਿਰੀ ਵਿਚ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰੂ ਦੇ ਸਿੱਖ ਇਸ ਸਿੱਖਿਆ ਦਾ ਪਾਲਣ ਕਰਦੇ ਹਨ, 'ਸੀਸ ਦੀਆ ਪਰ ਸਿਰੁ ਨ ਦੀਆ' ('ਕੋਈ ਆਪਣਾ ਸਿਰ ਦੇ ਸਕਦਾ ਹੈ ਪਰ ਆਪਣੇ ਅਸੂਲ ਜਾਂ ਅਣਖ ਦਾ ਸਮਝੌਤਾ ਕਦੇ ਨਹੀਂ ਕਰਦਾ')। ਇਸ ਬਜਰ ਗੁਨਾਹ ਤੋਂ ਅਹੁਦੇ ਦੀ ਤਾਕਤ ਰਾਹੀਂ ਬਚਿਆ ਨਹੀਂ ਜਾ ਸਕਦਾ। ਇੱਕ ਸਿੱਖ ਲਈ ਗੁਰੂ ਤੋਂ ਉੱਪਰ ਕੋਈ ਨਹੀਂ ਹੈ। ਦੂਜੇ ਪਾਸੇ ਆਮ ਆਦਮੀ ਪਾਰਟੀ ਨੇ ਇਸ ਵੀਡੀਓ ਨੂੰ ਪੂਰੀ ਤਰ੍ਹਾਂ ਫਰਜ਼ਾ ਦੱਸਿਆ ਹੈ। ਉਨ੍ਹਾਂ ਕਿਹਾ ਕਿ ਇਸ ਵੀਡੀਓ ਰਾਹੀਂ ਮੁੱਖ ਮੰਤਰੀ ਦੀ ਕਿਰਦਾਰਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਆਖਿਆ ਹੈ ਕਿ ਉਹ ਸ੍ਰੀ ਅਕਾਲ ਤਖ਼ਤ ਨੂੰ ਸਰਬ ਉੱਚ ਮੰਨਦੇ ਹਨ ਤੇ ਹੁਣ ਉਹ ਸੰਗਤ ਦੀ ਕਚਹਿਰੀ ਵਿਚ ਹਨ ਆਖਰੀ ਫੈਸਲਾ ਸੰਗਤ ਨੇ ਕਰਨਾ ਹੈ।

## ਸੇਬੀ ਨੇ ਕਾਰਜਕਾਰੀ ਨਿਰਦੇਸ਼ਕ ਅਹੁਦੇ ਲਈ ਅਰਜ਼ੀਆਂ ਮੰਗੀਆਂ

ਬਜ਼ਨੈੱਸ ਡੈਸਕ 2 ਜੁਲਾਈ। ਪੂੰਜੀ ਬਾਜ਼ਾਰ ਰੈਗੂਲੇਟਰ ਭਾਰਤੀ ਜ਼ਮਾਨਤ ਅਤੇ ਵਟਾਂਦਰਾ ਬੋਰਡ (ਸੇਬੀ) ਨੇ ਕਾਰਜਕਾਰੀ ਨਿਰਦੇਸ਼ਕ ਦੇ ਅਹੁਦੇ ਲਈ ਭਰਤੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਇਸ ਦੇ ਖਾਲੀ ਅਹੁਦੇ ਲਈ ਰੈਗੂਲੇਟਰ ਵੱਲੋਂ ਅਰਜ਼ੀਆਂ ਮੰਗੀਆਂ ਗਈਆਂ ਹਨ। ਇਸ ਅਹੁਦੇ ਲਈ 25 ਜੁਲਾਈ ਤੱਕ ਅਪਲਾਈ ਕੀਤਾ ਜਾ ਸਕਦਾ ਹੈ। ਸੇਬੀ ਵੱਲੋਂ ਜਾਰੀ ਸੂਚਨਾ ਅਨੁਸਾਰ ਕਾਰਜਕਾਰੀ ਨਿਰਦੇਸ਼ਕ ਦੀ ਨਿਯੁਕਤੀ ਡੈਪੂਟੇਸ਼ਨ ਜਾਂ ਕਾਂਟਰੈਕਟ ਦੇ ਆਧਾਰ 'ਤੇ 3 ਸਾਲ ਦੀ ਮਿਆਦ ਲਈ ਕੀਤੀ ਜਾਵੇਗੀ। ਕਾਂਟਰੈਕਟ ਦੇ ਆਧਾਰ 'ਤੇ ਅਪਲਾਈ ਕਰਨ ਵਾਲੇ ਉਮੀਦਵਾਰਾਂ ਕੋਲ ਐੱਮ. ਬੀ. ਏ., ਸੀ. ਏ., ਸੀ. ਐੱਸ., ਐੱਲ. ਐੱਲ. ਬੀ. ਜਾਂ ਅਰਥਸ਼ਾਸਤਰ, ਫਾਈਨਾਂਸ ਅਤੇ ਸੇਬੀ ਵੱਲੋਂ ਸਬੰਧਤ ਮੰਨੇ ਜਾਣ ਵਾਲੇ ਕਿਸੇ ਹੋਰ ਵਿਸ਼ੇ 'ਚ ਪੋਸਟ ਗ੍ਰੈਜੂਏਟ ਡਿਗਰੀ ਹੋਣੀ ਚਾਹੀਦੀ ਹੈ। ਉਮੀਦਵਾਰ ਕੋਲ ਜ਼ਮਾਨਤ ਬਾਜ਼ਾਰ ਨਾਲ ਜੁੜੇ ਮਾਮਲਿਆਂ 'ਚ ਘੱਟੋ-ਘੱਟ 20 ਸਾਲ ਦਾ ਤਜਰਬਾ ਜਾਂ ਕਾਨੂੰਨ, ਜਾਂਚ, ਵਿੱਤ, ਅਰਥਸ਼ਾਸਤਰ ਅਤੇ ਅਕਾਊਂਟਿੰਗ ਆਦਿ ਖੇਤਰਾਂ 'ਚ ਵਿਸ਼ੇਸ਼ ਗਿਆਨ ਜਾਂ ਤਜਰਬਾ ਹੋਣਾ ਜ਼ਰੂਰੀ ਹੈ। ਸਰਕਾਰੀ ਸੰਗਠਨਾਂ, ਪਬਲਿਕ ਸੈਕਟਰ ਦੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਦੇ ਯੋਗ ਕਰਮਚਾਰੀ ਆਪਣੇ ਨੌਕਰੀਦਾਤਾ ਦੇ ਜ਼ਰੀਏ ਅਰਜ਼ੀ ਭੇਜ ਕੇ ਡੈਪੂਟੇਸ਼ਨ ਦੇ ਆਧਾਰ 'ਤੇ ਅਪਲਾਈ ਕਰ ਸਕਦੇ ਹਨ।